ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 2 ਅਗਸਤ 2025 (ਨਾਨਕਸ਼ਾਹੀ ਸੰਮਤ : ੫੫੭, ੧੭ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਸਾਬਕਾ ਮੰਤਰੀ ਧਰਮਸੋਤ ਦਾ ਮੁੰਡਾ ਭਗੌੜਾ ਐਲਾਨਿਆ, ਅਦਾਲਤ ਨੇ ਜਾਇਦਾਦ ਨੂੰ ਲੈ ਕੇ ਵੀ ਦਿੱਤੇ ਹੁਕਮ

**ਚੰਡੀਗੜ੍ਹ, 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ ਦੀ ਇਕ ਇਨਫੋਰਸਮੈਂਟ ਡਾਇਰੈਕਟਰੇਟ (ਈ.ਡੀ.) ਦੀ ਅਦਾਲਤ ਨੇ 2024 ਦੇ ਮਨੀ ਲਾਂਡਰਿੰਗ ਰੋਕਥਾਮ ਕਾਨੂੰਨ ਦੇ ਮਾਮਲੇ 'ਚ ਸਾਬਕਾ ਜੰਗਲਾਤ ਮੰਤਰੀ ਸਾਧੂ ਸਿੰਘ ਧਰਮਸੋਤ ਦੇ ਪੁੱਤਰ ਹਰਪ੍ਰੀਤ ਸਿੰਘ ਨੂੰ ਭਗੌੜਾ ਘੋਸ਼ਿਤ ਐਲਾਨ ਕਰ ਦਿੱਤਾ ਹੈ। ਅਦਾਲਤ ਨੇ ਹਰਪ੍ਰੀਤ ਸਿੰਘ ਦੀ ਜਾਇਦਾਦ ਦੀ ਜਾਣਕਾਰੀ ਮੰਗੀ ਹੈ ਤਾਂ ਜੋ ਸੀ.ਆਰ.ਪੀ.ਸੀ ਦੀ ਧਾਰਾ 83 ਅਧੀਨ ਜਾਇਦਾਦ ਜ਼ਬਤ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ। 29 ਜੁਲਾਈ ਨੂੰ ਜਾਰੀ ਅਦਾਲਤੀ ਹੁਕਮ ਵਿੱਚ ਲਿਖਿਆ ਗਿਆ ਹੈ, "ਆਰੋਪੀ ਹਰਪ੍ਰੀਤ ਸਿੰਘ, ਪੁੱਤਰ ਸਾਧੂ ਸਿੰਘ ਦੀ ਘੋਸ਼ਣਾ 28 ਮਾਰਚ 2025 ਨੂੰ ਕੀਤੀ ਗਈ ਸੀ ਅਤੇ ਉਸਨੇ ਅੱਜ ਤੱਕ ਅਦਾਲਤ ਵਿੱਚ ਹਾਜ਼ਰੀ ਨਹੀਂ ਦਿੱਤੀ। ਕਾਨੂੰਨੀ 30 ਦਿਨਾਂ ਦੀ ਮਿਆਦ ਖਤਮ ਹੋ ਚੁੱਕੀ ਹੈ, ਇਸ ਲਈ ਆਰੋਪੀ ਨੂੰ ਭਗੌੜਾ ਐਲਾਨਿਆ ਜਾਂਦਾ ਹੈ। ਇਸ ਬਾਰੇ ਲਾਜ਼ਮੀ ਜਾਣਕਾਰੀ ਸੰਬੰਧਤ ਥਾਣੇ ਨੂੰ ਦਿੱਤੀ ਜਾਵੇ।" ਦੱਸ ਦਈਏ ਕਿ ਸਾਧੂ ਸਿੰਘ ਧਰਮਸੋਤ ਇਸ PMLA ਕੇਸ ਵਿੱਚ ਇਸ ਵੇਲੇ ਜ਼ਮਾਨਤ 'ਤੇ ਬਾਹਰ ਹਨ। ਐਲਾਨ ਦੇ ਹੁਕਮ ਦੀ ਇੱਕ ਕਾਪੀ ਆਰੋਪੀ ਹਰਪ੍ਰੀਤ ਸਿੰਘ ਦੇ ਘਰ, ਜੋ ਕਿ ਵਾਰਡ ਨੰਬਰ 6, ਅਨਿਆ ਰੋਡ, ਅਮਲੋਹ, ਫਤਿਹਗੜ੍ਹ ਸਾਹਿਬ ਵਿਖੇ ਹੈ, ਉੱਥੇ ਲਾਈ ਗਈ। ਇੱਕ ਹੋਰ ਕਾਪੀ ਜਨਤਕ ਸਥਾਨ 'ਤੇ ਲਾਈ ਗਈ। ਅਦਾਲਤ ਨੇ ਕੇਸ ਦੀ ਅਗਲੀ ਸੁਣਵਾਈ 19 ਅਗਸਤ ਲਈ ਮੁਲਤਵੀ ਕਰ ਦਿੱਤੀ।

## ਤਰਨਤਾਰਨ ਫਰਜ਼ੀ ਐਨਕਾਊਂਟਰ ਮਾਮਲੇ 'ਚ ਸੀ. ਬੀ. ਆਈ. ਅਦਾਲਤ ਦਾ ਵੱਡਾ ਫੈਸਲਾ

# ਤਤਕਾਲੀ ਐਸ.ਐਸ.ਪੀ., ਡੀ.ਐਸ.ਪੀ. ਸਮੇਤ 5 ਦੋਸ਼ੀ ਕਰਾਰ

**ਮੁਹਾਲੀ, 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੁਹਾਲੀ ਸਥਿਤ ਸੀਬੀਆਈ ਦੀ ਵਿਸ਼ੇਸ਼ ਅਦਾਲਤ ਨੇ ਸਾਲ 1993 ਵਿਚ ਤਤਕਾਲੀ ਪੰਜਾਬ ਪੁਲਿਸ ਅਧਿਕਾਰੀਆਂ ਵੱਲੋਂ ਦੋ ਫਰਜ਼ੀ ਮੁਕਾਬਲਿਆਂ 'ਚ ਮਾਰੇ ਗਏ 7 ਨੌਜਵਾਨਾਂ ਦੇ ਮਾਮਲੇ ਵਿਚ ਦੋਸ਼ੀ ਕਰਾਰ ਦਿੱਤਾ ਹੈ। ਅਦਾਲਤ ਨੇ ਦੋ ਫਰਜ਼ੀ ਮੁਕਾਬਲਿਆਂ 'ਚ ਸੁਣਾਇਆ ਫੈਸਲਾ ਪਹਿਲੇ ਮਾਮਲੇ ਵਿਚ 27 ਜੂਨ ਦੀ ਸਵੇਰ ਨੂੰ ਇੰਸਪੈਕਟਰ ਗੁਰਦੇਵ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵੱਲੋਂ ਐਸਪੀਓ ਸ਼ਿੰਦਰ ਸਿੰਘ, ਦੇਸਾ ਸਿੰਘ, ਸੁਖਦੇਵ ਸਿੰਘ ਅਤੇ ਬਲਕਾਰ ਸਿੰਘ ਨੂੰ ਪਿੰਡ ਰਾਣੀ ਵਾਲਾ



ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਚੁੱਕਿਆ ਗਿਆ ਸੀ। ਜਿਸ ਤੋਂ ਬਾਅਦ ਡੀਐਸਪੀ ਭੁਪਿੰਦਰ ਸਿੰਘ ਨਾਲ ਥਾਣਾ ਸਰਹਾਲੀ ਦੀ ਟੀਮ ਵਲੋਂ ਐਸਪੀਓ ਸ਼ਿੰਦਰ ਸਿੰਘ, ਦੇਸਾ ਸਿੰਘ ਅਤੇ ਸੁਖਦੇਵ ਸਿੰਘ ਨੂੰ 12 ਜੁਲਾਈ ਨੂੰ ਮੁਕਾਬਲੇ ਵਿਚ ਮਾਰ ਦਿੱਤਾ ਗਿਆ। ਦੂਸਰਾ ਮਾਮਲਾ ਥਾਣਾ ਵੈਰੋਵਾਲ ਦਾ ਹੈ, ਜਿਸ ਵਿਚ ਇੰਸਪੈਕਟਰ ਰਘੁਬੀਰ ਸਿੰਘ ਅਤੇ ਸੂਬਾ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵਲੋਂ ਹਰਵਿੰਦਰ ਸਿੰਘ ਅਤੇ ਸਰਬਜੀਤ ਸਿੰਘ ਸੱਬਾ ਨੂੰ 28 ਜੁਲਾਈ ਨੂੰ ਮੁਕਾਬਲੇ ਵਿਚ ਮਾਰ ਦਿੱਤਾ ਗਿਆ ਸੀ। ਅੱਜ ਮੁਹਾਲੀ ਵਿਖੇ ਵਿਸ਼ੇਸ਼ CBI Court ਨੇ ਡੀਐਸਪੀ ਭੁਪਿੰਦਰ ਸਿੰਘ, ਇੰਸਪੈਕਟਰ ਰਘੁਬੀਰ ਸਿੰਘ, ਸੂਬਾ ਸਿੰਘ, ਏਐਸਆਈ ਦੇਵਿੰਦਰ ਸਿੰਘ ਅਤੇ ਗੁਲਬਰਗ ਸਿੰਘ ਨੂੰ ਆਈਪੀਸੀ ਦੀ ਧਾਰਾ 302, 218, 201 ਅਤੇ 120 ਬੀ ਤਹਿਤ ਦੋਸ਼ੀ ਠਹਰਾਇਆ ਗਿਆ ਹੈ। ਦੱਸ ਦਈਏ ਕਿ ਇਸ ਕੇਸ ਵਿਚ ਕੁੱਲ 10 ਪੁਲਿਸ ਅਧਿਕਾਰੀਆਂ ਨੂੰ ਨਾਮਜਦ ਕੀਤਾ ਗਿਆ ਸੀ, ਜਿਨ੍ਹਾਂ ਵਿਚੋਂ ਬਾਕੀਆਂ ਮੌਤ ਹੋ ਜਾਣ ਕਾਰਨ ਉਹਨਾਂ ਖਿਲਾਫ ਕਾਰਵਾਈ ਨਹੀਂ ਕੀਤੀ ਜਾ ਸਕੀ। ਅਦਾਲਤ ਵਲੋਂ 4 ਅਗਸਤ ਦਿਨ ਸੋਮਵਾਰ ਨੂੰ ਸਜ਼ਾ ਸੁਣਾਈ ਜਾਵੇਗੀ।

## ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਖਿਲਾਫ ਚਾਰਜਸ਼ੀਟ ਦਾਇਰ, ਪਿਤਾ ਤਰਸੇਮ ਸਿੰਘ ਨੇ ਦੱਸਿਆ ਸਾਜ਼ਿਸ਼

**ਅੰਮ੍ਰਿਤਸਰ, 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਖਿਲਾਫ ਦਾਇਰ ਚਾਰਜਸ਼ੀਟ ਵਿੱਚ ਪੁਲਿਸ ਨੇ ਗੰਭੀਰ ਇਲਜ਼ਾਮ ਲਾਏ ਹਨ। ਪੁਲਿਸ ਵੱਲੋਂ ਇਹ ਚਾਰਜਸ਼ੀਟ ਅਜਨਾਲਾ ਪੁਲਿਸ ਸਟੇਸ਼ਨ 'ਤੇ ਹਮਲੇ ਦੇ ਮਾਮਲੇ ਵਿੱਚ ਦਾਇਰ ਕੀਤੀ ਗਈ ਹੈ। ਪੁਲਿਸ ਦਾ ਦਾਅਵਾ ਹੈ ਕਿ ਅੰਮ੍ਰਿਤਪਾਲ ਸਿੰਘ ਆਪਣੀ ਹਥਿਆਰਬੰਦ ਫੌਜ ਬਣਾ ਰਿਹਾ ਸੀ। ਦੂਜੇ ਪਾਸੇ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਦਾਅਵਾ ਕੀਤਾ ਹੈ ਕਿ ਪੁਲਿਸ ਨੇ ਝੂਠੀ ਚਾਰਜਸ਼ੀਟ ਚਾਇਰ ਕੀਤੀ ਹੈ। ਇਸ ਵਿੱਚ ਕੋਈ ਸੱਚਾਈ ਨਹੀਂ। ਦਰਅਸਲ 23 ਫਰਵਰੀ, 2023 ਨੂੰ ਅਜਨਾਲਾ ਪੁਲਿਸ ਸਟੇਸ਼ਨ 'ਤੇ ਹਮਲੇ ਦੇ ਮਾਮਲੇ ਵਿੱਚ ਪੁਲਿਸ ਵੱਲੋਂ ਦਾਇਰ ਕੀਤੀ ਗਈ 1200 ਪੰਨਿਆਂ ਦੀ ਚਾਰਜਸ਼ੀਟ ਵਿੱਚ ਕਈ ਹੈਰਾਨ ਕਰਨ ਵਾਲੇ ਖੁਲਾਸੇ ਹੋਏ ਹਨ। ਪੁਲਿਸ ਨੇ ਦਾਅਵਾ ਕੀਤਾ ਹੈ ਕਿ ਡਿਬਰੂਗੜ੍ਹ ਜੇਲ੍ਹ ਅੰਦਰ ਬੰਦ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ 'ਅਨੰਦਪੁਰ ਖਾਲਸਾ ਫੋਰਸ' ਬਣਾਈ ਸੀ। ਇਸ ਫੌਜ ਨੂੰ ਟ੍ਰੇਨਿੰਗ ਦੇਣ ਦੀ ਜ਼ਿੰਮੇਵਾਰੀ ਲਵਪ੍ਰੀਤ ਸਿੰਘ ਤੂਫਾਨ ਨੂੰ ਸੌਂਪੀ ਗਈ ਸੀ। ਉਹ ਅੰਮ੍ਰਿਤਪਾਲ ਸਿੰਘ ਦੇ ਸਮਰਥਕਾਂ ਨੂੰ ਜੱਲੂਪੁਰਾ ਟਾਵਰ ਨੇੜੇ ਨਹਿਰ ਦੇ ਕੰਢੇ ਹਥਿਆਰਾਂ ਦੀ ਵਰਤੋਂ ਦੀ ਸਿਖਲਾਈ ਦਿੰਦਾ ਸੀ ਤੇ ਏਕੇਐਫ ਦੀਆਂ ਜੈਕਟਾਂ ਵੀ ਪਹਿਨਾਈਆਂ ਜਾਂਦੀਆਂ ਸਨ। ਪੁਲਿਸ ਨੇ ਦਾਅਵਾ ਕੀਤਾ ਹੈ ਕਿ ਅੰਮ੍ਰਿਤਪਾਲ ਸਿੰਘ ਨੇ ਲਵਪ੍ਰੀਤ ਸਿੰਘ ਤੂਫਾਨ ਨੂੰ 15,000 ਰੁਪਏ ਪ੍ਰਤੀ ਮਹੀਨਾ ਤਨਖਾਹ 'ਤੇ ਆਪਣੇ ਨਾਲ ਜੋੜਿਆ ਸੀ। ਤੂਫਾਨ ਕੋਲ ਇੱਕ ਆਲ ਇੰਡੀਆ ਲਾਇਸੈਂਸਸ਼ੁਦਾ ਹਥਿਆਰ ਸੀ ਤੇ ਉਹ ਪਹਿਲਾਂ ਰਾਜਸਥਾਨ ਤੇ ਬੈਂਗਲੂਰੂ ਵਿੱਚ ਪੀਐਸਓ ਵਜੋਂ ਕੰਮ ਕਰ ਚੁੱਕਾ ਸੀ। ਚਾਰਜਸ਼ੀਟ ਅਨੁਸਾਰ 23 ਫਰਵਰੀ, 2023 ਨੂੰ ਜਦੋਂ ਅੰਮ੍ਰਿਤਪਾਲ ਸਿੰਘ ਆਪਣੇ ਹਜ਼ਾਰਾਂ ਸਮਰਥਕਾਂ ਨਾਲ ਲਵਪ੍ਰੀਤ ਸਿੰਘ ਤੂਫਾਨ ਨੂੰ ਰਿਹਾਅ ਕਰਵਾਉਣ ਲਈ ਅਜਨਾਲਾ ਪੁਲਿਸ ਸਟੇਸ਼ਨ ਪਹੁੰਚਿਆ ਤਾਂ ਉਨ੍ਹਾਂ ਨੇ ਪਹਿਲਾਂ ਤੋਂ ਯੋਜਨਾਬੱਧ ਤਰੀਕੇ ਨਾਲ ਪੁਲਿਸ 'ਤੇ ਹਮਲਾ ਕਰਨ ਦਾ ਸੰਕੇਤ ਦਿੱਤਾ। ਸਾਰੀ ਘਟਨਾ ਪਹਿਲਾਂ ਤੋਂ ਯੋਜਨਾਬੱਧ ਸੀ। ਪੁਲਿਸ ਨੇ ਦਾਅਵਾ ਕੀਤਾ ਹੈ ਕਿ ਜਾਂਚ ਵਿੱਚ ਪੱਪਲਪ੍ਰੀਤ ਸਿੰਘ ਨੇ ਇਹ ਵੀ ਮੰਨਿਆ ਹੈ ਕਿ ਉਸ ਨੇ ਅਜਨਾਲਾ ਘਟਨਾ ਤੋਂ ਬਾਅਦ ਅੰਮ੍ਰਿਤਪਾਲ ਨੂੰ ਭੱਜਣ ਵਿੱਚ ਮਦਦ ਕੀਤੀ ਸੀ। ਪੱਪਲਪ੍ਰੀਤ ਸੋਸ਼ਲ ਮੀਡੀਆ ਅਕਾਊਂਟ ਵੀ ਸੰਭਾਲਦਾ ਸੀ ਤੇ ਸਿੱਖ ਭਾਈਚਾਰੇ ਦੇ ਹਿੱਤ ਵਿੱਚ ਕੰਮ ਕਰਨ ਬਾਰੇ ਸੋਚ ਕੇ ਜੁੜਿਆ ਸੀ। ਉਧਰ, ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਦਾਅਵਾ ਕੀਤਾ ਹੈ ਕਿ ਪੁਲਿਸ ਨੇ ਝੂਠੀ ਚਾਰਜਸ਼ੀਟ ਚਾਇਰ ਕੀਤੀ ਹੈ। ਇਸ ਲਈ ਹੀ ਪੁਲਿਸ ਮੁਲਾਕਾਤ ਵੀ ਨਹੀਂ ਕਰਨ ਦੇ ਰਹੀ।

## ਕੰਗਨਾ ਨੂੰ ਹਾਈ ਕੋਰਟ ਤੋਂ ਵੱਡਾ ਝਟਕਾ, 2021 'ਚ ਬਠਿੰਡਾ ਵਿਖੇ ਦਰਜ ਮਾਣਹਾਨੀ ਮਾਮਲੇ ਨੂੰ ਰੱਦ ਕਰਨ ਤੋਂ ਕੀਤਾ ਇਨਕਾਰ



**ਚੰਡੀਗੜ੍ਹ, 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਅੰਦੋਲਨ ਨਾਲ ਜੁੜੇ ਇਕ ਟਵੀਟ ਮਾਮਲੇ ਵਿਚ ਬਾਲੀਵੁੱਡ ਅਦਾਕਾਰਾ ਅਤੇ ਮੰਡੀ ਤੋਂ ਲੋਕ ਸਭਾ ਮੈਂਬਰ ਕੰਗਨਾ ਰਣੌਤ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤੋਂ ਵੱਡਾ ਝਟਕਾ ਲੱਗਾ ਹੈ। ਹਾਈ ਕੋਰਟ ਨੇ 2021 ਵਿੱਚ ਬਠਿੰਡਾ ਵਿਖੇ ਦਾਇਰ ਮਾਣਹਾਨੀ ਦੀ ਸ਼ਿਕਾਇਤ ਨੂੰ ਰੱਦ ਕਰਨ ਤੋਂ ਇਨਕਾਰ ਕਰ ਦਿੱਤਾ ਅਤੇ ਕੰਗਨਾ ਦੀ ਪਟੀਸ਼ਨ ਰੱਦ ਕਰ ਦਿੱਤੀ ਹੈ। ਦਰਅਸਲ 'ਚ ਕੰਗਨਾ ਰਣੌਤ ਨੇ ਕਿਸਾਨ ਅੰਦੋਲਨ ਦੌਰਾਨ ਇੱਕ ਕਿਸਾਨ ਮਹਿਲਾ ਦੀ ਫੋਟੋ ਪੋਸਟ ਕਰਕੇ ਆਰੋਪ ਲਗਾਇਆ ਗਿਆ ਸੀ ਕਿ ਇਨ੍ਹਾਂ ਮਹਿਲਾਵਾਂ ਨੂੰ ਪੈਸੇ ਦੇ ਕੇ ਕਿਸਾਨ ਅੰਦੋਲਨ ਵਿੱਚ ਲਿਆਂਦਾ ਗਿਆ ਹੈ। ਕੰਗਨਾ ਰਣੌਤ ਦੇ ਇਸ ਬਿਆਨ ਵਿਰੁੱਧ ਬਠਿੰਡਾ ਦੀ ਮਹਿੰਦਰ ਕੌਰ ਨੇ 2021 ਵਿੱਚ ਮਾਣਹਾਨੀ ਦੀ ਸ਼ਿਕਾਇਤ ਦਾਇਰ ਕਾਰਵਾਈ ਸੀ। ਕੰਗਨਾ ਨੇ ਹਾਈ ਕੋਰਟ ਤੋਂ ਇਸ ਸ਼ਿਕਾਇਤ ਨੂੰ ਰੱਦ ਕਰਨ ਦੀ ਮੰਗ ਕੀਤੀ ਸੀ। ਬਠਿੰਡਾ 'ਚ ਜਨਵਰੀ 2021 ਵਿੱਚ ਬਾਲੀਵੁੱਡ ਅਦਾਕਾਰਾ ਅਤੇ ਮੰਡੀ ਤੋਂ ਲੋਕ ਸਭਾ ਮੈਂਬਰ ਕੰਗਨਾ ਰਣੌਤ ਖਿਲਾਫ਼ ਦਰਜ ਮਾਣਹਾਨੀ ਦੇ ਮਾਮਲੇ ਨੂੰ ਰੱਦ ਕੀਤੇ ਜਾਣ ਦੀ ਮੰਗ ਨੂੰ ਲੈ ਕੇ ਹਾਈ ਕੋਰਟ ਵਿੱਚ ਕੰਗਨਾ ਰਣੌਤ ਨੇ ਜੋ ਪਟੀਸ਼ਨ ਦਾਖਲ ਕੀਤੀ ਸੀ ,ਉਸਨੂੰ ਅੱਜ ਹਾਈ ਕੋਰਟ ਨੇ ਸਿਰੇ ਤੋਂ ਖਾਰਜ ਕਰਦੇ ਹੋਏ ਕੰਗਨਾ ਰਣੌਤ ਨੂੰ ਵੱਡਾ ਝਟਕਾ ਦਿੱਤਾ ਹੈ। ਦੱਸ ਦੇਈਏ ਕਿ ਕਿਸਾਨ ਅੰਦੋਲਨ ਦੌਰਾਨ ਕੰਗਨਾ ਰਣੌਤ ਨੇ ਬਠਿੰਡਾ ਦੀ ਮਹਿੰਦਰ ਕੌਰ ਦੀ ਇੱਕ ਫੋਟੋ ਪੋਸਟ ਕਰਕੇ ਕਿਹਾ ਸੀ ਕਿ ਅਜਿਹੀਆਂ ਔਰਤਾਂ 100-100 ਰੁਪਏ ਲੈ ਕੇ ਧਰਨੇ 'ਚ ਸ਼ਾਮਲ ਹੁੰਦੀਆਂ ਹਨ। ਜਿਸ ਮਗਰੋਂ ਬੇਬੇ ਮਹਿੰਦਰ ਕੌਰ ਨੇ ਕੰਗਨਾ ਰਣੌਤ 'ਤੇ ਬਠਿੰਡਾ 'ਚ ਦਰਜ ਮਾਣਹਾਨੀ ਦਾ ਮੁਕੱਦਮਾ ਕਰਵਾਇਆ ਸੀ। ਫਿਰ ਕੰਗਨਾ ਨੇ ਇਸ ਸ਼ਿਕਾਇਤ ਨੂੰ ਰੱਦ ਕਰਨ ਦੀ ਮੰਗ ਕਰਦੇ ਹੋਏ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਸੀ।

## 'ਪੰਜਾਬ 'ਤੇ ਕੁਝ ਰਹਿਮ ਕਰੋ ! ਦਿੱਲੀ ਤੋਂ ਹਾਰੇ ਸਾਬਕਾ ਵਿਧਾਇਕਾਂ ਪਿੱਛੇ ਪੀ.ਏ. ਵਾਂਗ ਚੱਲ ਰਹੇ ਨੇ ਭਗਵੰਤ ਮਾਨ, ਇਹ ਚੰਗਾ ਨਹੀਂ ਲਗਦਾ....'




**ਚੰਡੀਗੜ੍ਹ, 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਲੰਘੇ ਕੱਲ੍ਹ ਸ਼ਹੀਦ ਊਧਮ ਸਿੰਘ ਜੀ ਦੇ 86ਵੇਂ ਸ਼ਹੀਦੀ ਦਿਹਾੜੇ ਮੌਕੇ ਰੱਖੇ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਅਰਵਿੰਦ ਕੇਜਰੀਵਾਲ ਤੇ ਹੋਰ ਵੀ ਸੀਨੀਅਰ ਲੀਡਰ ਮੌਜੂਦ ਸਨ। ਇਸ ਮੌਕੇ ਉਦਘਾਟਨ ਵੀ ਕੀਤੇ ਗਏ ਪਰ ਉਦਘਾਟਨ ਦੇ ਪੱਥਰਾਂ ਉੱਤੇ ਅਰਵਿੰਦ ਕੇਜਰੀਵਾਲ ਦੇ ਨਾਂਅ ਨੂੰ ਲੈ ਕੇ ਮੁੜ ਤੋਂ ਵਿਵਾਦ ਸ਼ੁਰੂ ਹੋ ਗਿਆ ਹੈ। ਦਿੱਲੀ ਤੋਂ ਆਮ ਆਦਮੀ ਪਾਰਟੀ ਦੀ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਨੇ ਸੋਸ਼ਲ ਮੀਡੀਆ ਉੱਤੇ ਵੀਡੀਓ ਸਾਂਝੀ ਕਰਕੇ ਲਿਖਿਆ, ਪੰਜਾਬ ਵਿੱਚ ਸੜਕ ਦੇ ਨਾਮ ਬਦਲਣ ਦਾ ਉਦਘਾਟਨ ਹੋ ਰਿਹਾ ਹੈ, ਦਿੱਲੀ ਦੇ ਸਾਬਕਾ ਵਿਧਾਇਕ ਅੱਗੇ ਚੱਲ ਰਹੇ ਹਨ, ਪੰਜਾਬ ਦੇ ਮੁੱਖ ਮੰਤਰੀ ਪੀਏ ਵਾਂਗ ਪਿੱਛੇ ਆ ਰਹੇ ਹਨ। ਸਰਕਾਰੀ ਖਰਚੇ 'ਤੇ ਬਣੇ ਉਦਘਾਟਨੀ ਤਖ਼ਤੀ 'ਤੇ, ਦਿੱਲੀ ਦੇ ਸਾਬਕਾ ਵਿਧਾਇਕ ਦਾ ਨਾਮ ਪਹਿਲਾਂ ਲਿਖਿਆ ਗਿਆ ਹੈ, ਮੁੱਖ ਮੰਤਰੀ ਦਾ ਨਾਮ ਬਾਅਦ ਵਿੱਚ ਲਿਖਿਆ ਗਿਆ ਹੈ। ਹੁਣ ਤੱਕ ਸੰਵਿਧਾਨ ਵਿੱਚ ਸੁਪਰ ਸੀਐਮ ਦਾ ਕੋਈ ਅਹੁਦਾ ਨਹੀਂ ਹੈ... ਇਹ ਸਭ ਚੰਗਾ ਨਹੀਂ ਲਗਦਾ, ਪੰਜਾਬ 'ਤੇ ਕੁਝ ਰਹਿਮ ਕਰੋ। ਦੱਸ ਦਈਏ ਕਿ ਲੰਘੇ ਦਿਨ ਭਗਵੰਤ ਮਾਨ ਨੇ ਤਸਵੀਰਾਂ ਸਾਂਝੀਆਂ ਕਰਕੇ ਲਿਖਿਆ ਸੀ, ਅੱਜ ਸੁਨਾਮ ਊਧਮ ਸਿੰਘ ਵਾਲਾ ਵਿਖੇ ਸੂਰਬੀਰ ਯੋਧੇ ਸ਼ਹੀਦ ਊਧਮ ਸਿੰਘ ਜੀ ਦੇ 86ਵੇਂ ਸ਼ਹੀਦੀ ਦਿਹਾੜੇ ਮੌਕੇ ਰੱਖੇ ਰਾਜ ਪੱਧਰੀ ਸਮਾਗਮ 'ਚ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਜੀ ਨਾਲ ਸ਼ਿਰਕਤ ਕੀਤੀ। ਉਹਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਭਵਾਨੀਗੜ੍ਹ-ਸੁਨਾਮ-ਭੀਖੀ-ਕੋਟਸ਼ਮੀਰ ਸੜਕ ਦਾ ਨਾਮ 'ਸ਼ਹੀਦ ਊਧਮ ਸਿੰਘ ਮਾਰਗ' ਰੱਖਣ ਦਾ ਰਸਮੀ ਤੌਰ 'ਤੇ ਐਲਾਨ ਕੀਤਾ। ਸੁਨਾਮ ਹਲਕੇ ਦੇ ਵਿਕਾਸ ਲਈ ਵੱਖ-ਵੱਖ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ। ਜਿਸ ਨੂੰ ਤੈਅ ਸਮੇਂ 'ਚ ਮੁਕੰਮਲ ਕਰਕੇ ਲੋਕ ਸਮਰਪਿਤ ਕੀਤਾ ਜਾਵੇਗਾ।

## ਮੈਨੂੰ ਨੋਟਿਸ ਬਾਰੇ ਮੀਡੀਆ ਤੋਂ ਪਤਾ ਲੱਗਾ, 144 ਗੱਡੀਆਂ ਦੀ ਖਰੀਦ 'ਚ ਘੋਟਾਲੇ ਦੀ ਜਾਂਚ ਕਰਵਾਉਂਗਾ, ਮੁੱਖ ਮੰਤਰੀ ਦੇ ਓ.ਐਸ.ਡੀ. ਵਲੋਂ ਭੇਜੇ ਮਾਣਹਾਨੀ ਨੋਟਿਸ 'ਤੇ ਬੋਲੇ ਖਹਿਰਾ

**ਚੰਡੀਗੜ੍ਹ, 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਕਾਂਗਰਸੀ ਵਿਧਾਇਕ ਸੁਖਪਾਲ ਖਹਿਰਾ ਦਾ ਮੁੱਖ ਮੰਤਰੀ ਭਗਵੰਤ ਮਾਨ ਦੇ ਓਐਸਡੀ ਰਾਜਬੀਰ ਸਿੰਘ ਨਾਲ ਵਿਵਾਦ ਵਧਦਾ ਹੀ ਜਾ ਰਿਹਾ ਹੈ। ਜਿੱਥੇ ਪਿਛਲੇ ਦਿਨੀਂ ਮੁੱਖ ਮੰਤਰੀ ਮਾਨ ਦੇ ਓ. ਐਸ. ਡੀ. ਰਾਜਬੀਰ ਸਿੰਘ ਨੇ ਸੁਖਪਾਲ ਖਹਿਰਾ 'ਤੇ ਮਾਣਹਾਨੀ ਦਾ ਕੇਸ ਠੋਕਿਆ ਹੈ। ਇਸ ਤੋਂ ਬਾਅਦ ਅੱਜ ਸੁਖਪਾਲ ਖਹਿਰਾ ਦੀ ਪ੍ਰਤੀਕਿਰਿਆ ਸਾਹਮਣੇ ਆਈ ਹੈ। ਸੁਖਪਾਲ ਸਿੰਘ ਖਹਿਰਾ ਨੇ ਕਿਹਾ ਕਿ ਉਨ੍ਹਾਂ ਨੂੰ ਅਜੇ ਤੱਕ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ OSD (Officer on Special Duty) ਵੱਲੋਂ ਭੇਜਿਆ ਗਿਆ ਮਾਣਹਾਨੀ ਨੋਟਿਸ ਨਹੀਂ ਮਿਲਿਆ ਹੈ।



ਖਹਿਰਾ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਨੋਟਿਸ ਬਾਰੇ ਜਾਣਕਾਰੀ ਸਿਰਫ ਮੀਡੀਆ ਤੋਂ ਮਿਲੀ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਨੋਟਿਸ ਸਥਾਨਕ ਅਦਾਲਤ ਵੱਲੋਂ ਮੁੱਖ ਮੰਤਰੀ ਦੇ ਓਐਸਡੀ ਦੀ ਸ਼ਿਕਾਇਤ 'ਤੇ ਭੇਜਿਆ ਗਿਆ ਹੈ ਅਤੇ ਇਸ ਮਾਮਲੇ ਦੀ ਸੁਣਵਾਈ 11 ਅਗਸਤ ਨੂੰ ਹੋਣੀ ਹੈ। ਪਰ ਖਹਿਰਾ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਇਹ ਨੋਟਿਸ ਨਹੀਂ ਮਿਲਿਆ ਹੈ। ਸੁਖਪਾਲ ਖਹਿਰਾ ਨੇ ਕਿਹਾ, "ਮੈਂ ਇਹ ਗੱਲ ਰਿਕਾਰਡ 'ਤੇ ਰੱਖਣਾ ਚਾਹੁੰਦਾ ਹਾਂ ਕਿ ਮੈਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਗ੍ਰਹਿ ਮੰਤਰੀ ਵਜੋਂ 144 ਟੋਇਟਾ ਹਾਈਲਕਸ ਗੱਡੀਆਂ ਦੀ ਗਲਤ ਖਰੀਦ ਦਾ ਮੁੱਦਾ ਉਠਾਉਂਦਾ ਰਹਾਂਗਾ। ਇਹ ਖਰੀਦ ਡੀਜੀਪੀ ਪੰਜਾਬ ਦੇ ਨਾਮ 'ਤੇ ਕੀਤੀ ਗਈ ਹੈ ਅਤੇ ਇਹ ਭ੍ਰਿਸ਼ਟਾਚਾਰ ਸਿੱਧੇ ਤੌਰ 'ਤੇ ਆਮ ਆਦਮੀ ਪਾਰਟੀ ਦੇ ਆਗੂਆਂ ਨਾਲ ਜੁੜਿਆ ਹੋਇਆ ਹੈ। ਮੈਂ ਇਸ ਮਾਮਲੇ ਨੂੰ ਇਸਦੇ ਤਰਕਪੂਰਨ ਸਿੱਟੇ 'ਤੇ ਲੈ ਕੇ ਜਾਵਾਂਗਾ।" ਖਹਿਰਾ ਨੇ ਪੰਜਾਬ ਦੇ ਮੁੱਖ ਧਾਰਾ ਮੀਡੀਆ 'ਤੇ ਵੀ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਇਹ ਖ਼ਬਰ ਇੱਕ ਪਾਸੜ ਤਰੀਕੇ ਨਾਲ ਚਲਾਈ ਗਈ ਸੀ ਅਤੇ ਉਨ੍ਹਾਂ ਦਾ ਪੱਖ ਵੀ ਨਹੀਂ ਲਿਆ ਗਿਆ। ਉਨ੍ਹਾਂ ਅਜਿਹੇ ਮੀਡੀਆ ਨੂੰ "ਕੇਜੀ ਮੀਡੀਆ" ਕਿਹਾ ਅਤੇ ਕਿਹਾ ਕਿ ਇਹ ਇੱਕ ਵਿਕਿਆ ਹੋਇਆ ਮੀਡੀਆ ਹੈ, ਜੋ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਕੰਮ ਕਰ ਰਿਹਾ ਹੈ। ਦਰਅਸਲ, ਹਾਲ ਹੀ ਵਿੱਚ ਪੰਜਾਬ ਪੁਲਿਸ ਨੇ ਰੋਡ ਸੇਫਟੀ ਫੋਰਸ ਲਈ 144 ਟੋਇਟਾ ਹਾਈਲਕਸ ਪਿਕਅੱਪ ਗੱਡੀਆਂ ਖਰੀਦੀਆਂ ਸਨ। ਖਹਿਰਾ ਨੇ ਦੋਸ਼ ਲਗਾਇਆ ਸੀ ਕਿ ਇਨ੍ਹਾਂ ਵਾਹਨਾਂ ਦੀ ਥੋਕ ਖਰੀਦ ਦੇ ਬਾਵਜੂਦ, ਕੰਪਨੀ ਤੋਂ ਕੋਈ ਛੋਟ ਨਹੀਂ ਲਈ ਗਈ, ਜਿਸ ਕਾਰਨ ਸਰਕਾਰੀ ਖਜ਼ਾਨੇ ਨੂੰ ਲਗਭਗ 15-20 ਕਰੋੜ ਰੁਪਏ ਦਾ ਨੁਕਸਾਨ ਹੋਇਆ।

ਵਾਹਿਗੁਰੂ ਜੀ ਕਾ ਖਾਲਸਾ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕੀ ਫ਼ਤਹਿ ॥

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

## RAGHBIR SINGH (Call : +44 7976 210161)

121. Broadway west Walsall, West Midlands, WS1 4DW, England uk



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ੍ਹ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ

# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)




ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)




ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note :** To Book Deposit £600 as an advance into the mendioned bank account balance amout need to be deposited 2 weeks before the travel date.

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

Contact Detail :
+44 7458 381111 +44 7976 210161
email: gnstuk@hotmail.com

**To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.**


**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHAT YATRA
### 5 TAKHAT YATRA - 10 NIGHTS / 11 DAYS

### 15th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**

| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

# ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL + 44 7458 381111, + 44 7976 210161)

PARAMJIT SHERGILL +44 7858 198159

INDERJIT KAUR +44 7883 635835


KULVINDER MANN +44 7900 982906

121, BROADWAY WEST WALSALL, WEST MIDLANDS, WS1 4DW, ENGLAND UK

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ








--✶ ਗੁਰੂ ਪੰਥ ਦਾ ਸੇਵਾਦਾਰ ✶--

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ

ਮੁਖੀ ਦਮਦਮੀ ਟਕਸਾਲ,
ਜਥਾ ਭਿੰਡਰਾਂ, ਮਹਿਤਾ

**ਅਤੇ ਪ੍ਰਧਾਨ ਸੰਤ ਸਮਾਜ**




# ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਦੇ ਧਾਰਮਿਕ ਸਮਾਗਮਾਂ ਲਈ ਭਾਈ ਕਪਤਾਨ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# +44 7788 283485

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੱਦਾ ਪੱਤਰ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ,

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਮਹਾਰਾਜ ਜੀ ਦੇ 350 ਸਾਲਾ ਗੁਰਤਾ ਗੱਦੀ ਦਿਵਸ ਅਤੇ

## ਦਮਦਮੀ ਟਕਸਾਲ ਦੇ 319ਵੇਂ ਸਥਾਪਨਾ ਦਿਵਸ ਨੂੰ ਸਮਰਪਿਤ

# ਮਹਾਨ ਗੁਰਮਤਿ ਸਮਾਗਮ

ਮਿਤੀ 1 ਅਗਸਤ 2025
ਦਿਨ ਸ਼ੁੱਕਰਵਾਰ ਤੋਂ
7 ਅਗਸਤ 2025 ਦਿਨ ਵੀਰਵਾਰ ਤੱਕ

ਅਸਥਾਨ
ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਬਠਿੰਡਾ)

ਵਿਖੇ ਕਰਵਾਏ ਜਾ ਰਹੇ ਹਨ।
ਸਵੇਰੇ ਕਥਾ ਦਾ ਸਮਾਂ : ਸਵੇਰੇ 6:15 ਵਜੇ ਤੋਂ 7:00 ਵਜੇ ਤੱਕ
ਸ਼ਾਮ ਨੂੰ ਕਥਾ ਦਾ ਸਮਾਂ : ਸ਼ਾਮ 5:30 ਵਜੇ ਤੋਂ 6:15 ਤੱਕ

ਆਰੰਭ ਸ੍ਰੀ ਅਖੰਡ ਪਾਠ ਸਾਹਿਬ
**ਮਿਤੀ 5 ਅਗਸਤ 2025**
ਦਿਨ ਮੰਗਲਵਾਰ ਸਮਾਂ ਸਵੇਰੇ 8:00 ਵਜੇ

ਭੋਗ ਸ੍ਰੀ ਅਖੰਡ ਪਾਠ ਸਾਹਿਬ
**ਮਿਤੀ 7 ਅਗਸਤ 2025**
ਦਿਨ ਵੀਰਵਾਰ ਸਮਾਂ ਸਵੇਰੇ 8:30 ਵਜੇ

ਭੋਗ ਉਪਰੰਤ
ਸਵੇਰੇ 09:30 ਵਜੇ ਤੋਂ
02:00 ਵਜੇ ਤੱਕ
ਮਹਾਨ ਗੁਰਮਤਿ ਸਮਾਗਮ ਹੋਣਗੇ

ਜਿਸ ਵਿੱਚ ਸੰਤ ਮਹਾਂ ਪੁਰਖ ਹਾਜਰੀਆਂ ਭਰਣਗੇ।



6 ਅਤੇ 7 ਅਗਸਤ ਨੂੰ ਵਰਤਮਾਨ ਮੁਖੀ ਦਮਦਮੀ ਟਕਸਾਲ,
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ ਕਥਾ ਕਰਨਗੇ।

ਸੋ ਆਪ ਜੀ ਨੂੰ ਬੇਨਤੀ ਹੈ
ਆਪ ਜੀ ਅਤੇ ਸੰਗਤਾ ਸਮੇਤ ਸਮੇਂ ਸਿਰ ਆਉਣ ਦੀ
ਕ੍ਰਿਪਾਲਤਾ ਕਰਨੀ ਜੀ।

ਗੁਰੂ ਪੰਥ ਦੇ ਦਾਸ:
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,
ਮੁਖੀ ਦਮਦਮੀ ਟਕਸਾਲ,
ਪ੍ਰਧਾਨ ਸੰਤ ਸਮਾਜ, ਮੋ:98551-17300

ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




## ਸਮੂਹ ਸ਼ਹੀਦਾਂ ਨੂੰ ਸਮਰਪਿਤ 15/16/17 ਅਗਸਤ 2025 ਨੂੰ ਮਹਾਨ ਗੁਰਮਤਿ ਸਮਾਗਮ

**ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲੱਗ ਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਈ ਜਾਵੇਗੀ।**

ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

☛ਸ਼ੁੱਕਰਵਾਰ 15 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ 10 ਵਜੇ ਆਰੰਭ ਹੋਵੇਗੀ ਅਤੇ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। ☛ਸ਼ਨਿੱਚਰਵਾਰ 16 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 17 ਅਗਸਤ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

☛ ਕਵੀਸ਼ਰੀ ਜਥਾ ਗਿਆਨੀ ਸੁਖਵਿੰਦਰ ਸਿੰਘ ਚੀਮਾ ਖੁੱਡੀ ਮਾਝੇ ਵਾਲੇ । ☛ ਕਥਾ ਵਾਚਕ ਗਿਆਨੀ ਹੀਰਾਂ ਸਿੰਘ ਦਮਦਮੀ ਟਕਸਾਲ ਵਾਲੇ। ☛ ਕੀਰਤਨੀ ਜਥਾ ਰਾਗੀ ਭਾਈ ਅਵਤਾਰ ਸਿੰਘ ਬੁੱਟਰ ਬਾਬਾ ਬਕਾਲਾ ਸਾਹਿਬ ਵਾਲੇ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਵੱਖ-ਵੱਖ ਤਰ੍ਹਾਂ ਦੇ ਸਟਾਲ ਅਤੇ ਛਬੀਲ ਵੀ ਲੱਗੇਗੀ • ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




**ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀਸੀ ਵਿੱਚ ਕੈਪੀਟਲ ਹਿੱਲ ਵਾਈਟ ਹਾਊਸ ਦਾ ਜਥੇਦਾਰ ਦਾਦੂਵਾਲ ਨੇ ਕੀਤਾ ਦੌਰਾ**

# ਸਿਲਵਰ ਪਲੇਟ ਨਾਲ ਜਥੇਦਾਰ ਦਾਦੂਵਾਲ ਜੀ ਨੂੰ ਕੀਤਾ ਸਨਮਾਨਿਤ

**ਵਾਸ਼ਿੰਗਟਨ, 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੰਤਰਰਾਸ਼ਟਰੀ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਕੁੱਝ ਦਿਨਾਂ ਲਈ ਅਮਰੀਕਾ ਦੀ ਧਰਤੀ ਤੇ ਆਪਣੇ ਨਿੱਜੀ ਦੌਰੇ ਤੇ ਪੁੱਜੇ ਹੋਏ ਹਨ ਜਥੇਦਾਰ ਦਾਦੂਵਾਲ ਜੀ ਦੀਆਂ ਪੰਥਕ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਅਮਰੀਕਾ ਦੇ ਵੱਖ ਵੱਖ ਥਾਵਾਂ ਤੇ ਸਨਮਾਨਿਤ ਸ਼ਖ਼ਸੀਅਤਾਂ ਵਲੋਂ ਉਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਮਰੀਕਾ ਦੇ ਰਾਸ਼ਟਰਪਤੀ ਨਿਵਾਸ ਵਾਈਟ ਹਾਊਸ ਦੀ ਪ੍ਰਸਿੱਧੀ ਪੂਰੀ ਦੁਨੀਆ ਵਿੱਚ ਹੈ ਅੱਜ ਜਥੇਦਾਰ ਦਾਦੂਵਾਲ ਜੀ ਨੇ ਜਥੇਦਾਰ ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਐਨਆਰਆਈ ਵਿੰਗ ਯੂਐਸਏ ਅਤੇ ਸਿੱਖ ਚਿੰਤਕ ਡਾਕਟਰ ਸੁਰਿੰਦਰਪਾਲ ਸਿੰਘ ਗਿੱਲ ਮੈਰੀਲੈਂਡ ਨਾਲ ਕੈਪੀਟਲ ਹਿਲ,ਸੈਨੇਟ ਹਾਊਸ,ਸੁਪਰੀਮ ਕੋਰਟ ਅਤੇ ਵਾਈਟ ਹਾਊਸ ਦਾ ਨਿੱਜੀ ਦੌਰਾ ਕੀਤਾ ਅਮਰੀਕਾ ਸੈਨੇਟ ਹਾਊਸ ਦੇ ਸੀਨੀਅਰ ਕਾਂਗਰਸਮੈਨ ਸਟੇਨੀ ਐਚ ਹੋਇਰ ਵੱਲੋਂ ਜਥੇਦਾਰ ਦਾਦੂਵਾਲ ਜੀ ਦਾ ਕੈਪੀਟਲ ਹਿੱਲ ਅਤੇ ਵਾਈਟ ਹਾਊਸ ਦਾ ਵਿਸ਼ੇਸ਼ ਦੌਰਾ ਸਪਾਂਸਰ ਕੀਤਾ ਗਿਆ ਦੌਰੇ ਦੌਰਾਨ ਜਥੇਦਾਰ ਦਾਦੂਵਾਲ ਜੀ ਨੇ ਗੱਲਬਾਤ ਕਰਦਿਆਂ ਦੱਸਿਆ ਕੇ ਅਮਰੀਕਾ ਨੂੰ ਦੁਨੀਆਂ ਦੀ ਵੱਡੀ ਸੰਸਾਰੀ ਤਾਕਤ ਵਜੋਂ ਜਾਣਿਆ ਜਾਂਦਾ ਹੈ ਉਨਾਂ ਨੇ ਕਿਹਾ ਕੇ ਅਮਰੀਕਾ ਦੇ ਮੌਜੂਦਾ ਰਾਸ਼ਟਰਪਤੀ ਡੋਨਾਲਡ ਜੇ ਟਰੰਪ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਆਪਸੀ ਦੋਸਤੀ ਜੱਗ ਜ਼ਾਹਰ ਹੈ ਪ੍ਰਧਾਨ ਮੰਤਰੀ ਭਾਰਤ ਸ੍ਰੀ ਨਰਿੰਦਰ ਮੋਦੀ ਵੱਲੋਂ ਰਾਸ਼ਟਰਪਤੀ ਟਰੰਪ ਨੂੰ ਭਾਰਤ ਵਿੱਚ ਗੁਜਰਾਤ ਦੌਰਾ ਵੀ ਕਰਵਾਇਆ ਗਿਆ ਸੀ ਪਰ ਪਿਛਲੇ ਕਈ ਦਿਨਾਂ ਤੋਂ ਟੈਰਿਫ ਨੂੰ ਲੈ ਕੇ ਭਾਰਤ ਅਮਰੀਕਾ ਵਪਾਰਕ ਸੰਬੰਧਾਂ ਵਿੱਚ ਖਟਾਸ ਦੀਆਂ ਮੀਡੀਆ ਵਿੱਚ ਖ਼ਬਰਾਂ ਹਨ ਅਸੀਂ ਆਸ ਕਰਦੇ ਹਾਂ ਕੇ ਜਲਦੀ ਇਸ ਖਟਾਸ ਨੂੰ ਸਿਆਣਪ ਨਾਲ ਦੂਰ ਕਰ ਲਿਆ ਜਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਪ੍ਰਧਾਨ ਮੰਤਰੀ ਭਾਰਤ ਸ੍ਰੀ ਨਰਿੰਦਰ ਮੋਦੀ ਰਾਸ਼ਟਰਪਤੀ ਡੋਨਾਲਡ ਜੇ ਟਰੰਪ ਦੇ ਭਾਰਤੀ ਦੌਰੇ ਦੌਰਾਨ ਇਸ ਹਰਿਆਣਾ ਪੰਜਾਬ ਵਿੱਚ ਵੀ ਦੌਰਾ ਕਰਵਾਉਣਗੇ ਜਿਸ ਨਾਲ ਦੋਵਾਂ ਦੇਸ਼ਾਂ ਦੇ ਆਪਸੀ ਸਬੰਧ ਵੀ ਹੋਰ ਗੂੜੇ ਹੋਣਗੇ ਅਤੇ ਇਨਾਂ ਸੂਬਿਆਂ ਨੂੰ ਆਰਥਿਕ ਲਾਭ ਵੀ ਪ੍ਰਾਪਤ ਹੋਵੇਗਾ ਵਾਈਟ ਹਾਊਸ ਦੌਰੇ ਦੌਰਾਨ ਸਿੱਖ ਚਿੰਤਕ ਡਾ. ਸੁਰਿੰਦਰਪਾਲ ਸਿੰਘ ਗਿੱਲ ਕੋ ਚੇਅਰਪਰਸਨ ਇੰਟਰਨੈਸ਼ਨਲ ਫੋਰਮ ਯੂ ਐਸ ਏ, ਜਥੇਦਾਰ ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਐਨਆਰਆਈ ਵਿੰਗ ਯੂਐਸਏ ਵੱਲੋਂ ਜਥੇਦਾਰ ਦਾਦੂਵਾਲ ਜੀ ਨੂੰ ਯਾਦਗਾਰੀ ਸਿਲਵਰ ਪਲੇਟ ਦੇ ਕੇ ਵਿਸ਼ੇਸ਼ ਸਨਮਾਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV




CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ਿ ਕੌਮ
AWAZE QAUM
International Newspaper & WEB TV

### ਸੰਤ ਹਰਨਾਮ ਸਿੰਘ ਖਾਲਸਾ ਦੀ ਅਪੀਲ 'ਤੇ ਮੁੱਖ ਮੰਤਰੀ ਫੜਨਵੀਸ ਨੇ

# 'ਸਿੱਖ ਸ਼ਹੀਦੀ ਇਤਿਹਾਸ' ਨੂੰ ਸੂਬੇ ਦੀ ਸਿੱਖਿਆ ਪ੍ਰਣਾਲੀ 'ਚ ਕੀਤਾ ਸ਼ਾਮਿਲ



**ਚੌਕ ਮਹਿਤਾ, 1 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਮਹਾਂਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਨੂੰ ਸਿੱਖ ਸ਼ਹੀਦੀ ਇਤਿਹਾਸ ਨੂੰ ਸਿੱਖਿਆ ਪ੍ਰਣਾਲੀ 'ਚ ਸ਼ਾਮਿਲ ਕੀਤੇ ਜਾਣ ਦੀ ਕੀਤੀ ਗਈ ਅਪੀਲ ਤੋਂ ਬਾਅਦ ਮਹਾਰਾਸ਼ਟਰ ਸਰਕਾਰ ਵੱਲੋਂ 'ਸਿੱਖ ਸ਼ਹੀਦੀ ਇਤਿਹਾਸ' (1500-1765) ਨੂੰ ਮਹਾਂਰਾਸ਼ਟਰ ਦੇ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਦੇ ਪਾਠਕ੍ਰਮ ਵਿੱਚ ਸ਼ਾਮਲ ਕੀਤਾ ਗਿਆ ਹੈ,ਜੋ ਕਿ ਸਿੱਖ ਕੌਮ ਲਈ ਬਹੁਤ ਗੌਰਵ ਵਾਲੀ ਗੱਲ ਹੈ। ਇਸ ਮੌਕੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮਹਾਂਰਾਸ਼ਟਰ ਸਰਕਾਰ ਵੱਲੋਂ ਕੀਤੇ ਗਏ ਇਸ ਵੱਡੇ ਉਪਰਾਲੇ ਲਈ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦਾ ਦਿਲੀ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਕੋਰਸ ਨੂੰ ਅੱਗੇ ਵਧਾਉਣ ਲਈ ਦਰਿਆਦਿਲੀ ਨਾਲ ਜੋ ਉਤਸ਼ਾਹ ਦਿਖਾਇਆ ਹੈ,ਉਹ ਬੇਹੱਦ ਸ਼ਲਾਘਾਯੋਗ ਹੈ ਤੇ ਸਿੱਖ ਇਤਿਹਾਸ ਨੂੰ ਸਿੱਖਿਆ ਪਣਾਲੀ ਦਾ ਹਿੱਸਾ ਬਣਾ ਕੇ ਸ੍ਰੀ ਫੜਨਵੀਸ ਨੇ ਸਿੱਖ ਕੌਮ ਨੂੰ ਵੱਡਾ ਮਾਣ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਦੇ ਪੱਖ ਵਿਚ ਇਸ ਕੋਰਸ ਦੀ ਮਹੱਤਤਾ ਨੂੰ ਉਜਾਗਰ ਕੀਤਾ ਗਿਆ ਹੈ ਤੇ ਹੁਣ ਮੁੰਬਈ ਯੂਨੀਵਰਸਿਟੀ, ਮਾਣਯੋਗ ਵਾਈਸ ਚਾਂਸਲਰ ਪ੍ਰੋ.ਰਵਿੰਦਰ ਕੁਲਕਰਨੀ ਨੇ ਵੀ ਇਸ ਉਪਰਾਲੇ ਦੀ ਸਰਾਹਣਾ ਕੀਤੀ ਹੈ ਤੇ ਪੂਰੀ ਤਰ੍ਹਾਂ ਨਾਲ ਇਸ ਨੂੰ ਸਹਿਮਤੀ ਦਿੰਦੇ ਹੋਏ ਇਸ ਕੋਰਸ ਦਾ ਪਾਠਕ੍ਰਮ ਉਨ੍ਹਾਂ ਦੀ ਵਿਦਵਾਨ ਟੀਮ ਵੱਲੋਂ ਤਿਆਰ ਕੀਤਾ ਜਾ ਰਿਹਾ ਹੈ।ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ ਇਹ ਉਪਰਾਲਾ ਸਿੱਖ ਗੁਰੂ ਸਾਹਿਬਾਨ ਤੇ ਸ਼ਹੀਦਾਂ ਦੀ ਵਿਰਾਸਤ ਨੂੰ ਸਨਮਾਨ ਦੇਣ ਦੇ ਨਾਲ-ਨਾਲ ਸਾਡੇ ਬੱਚਿਆਂ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਹੌਸਲੇ, ਬਲੀਦਾਨ ਤੇ ਨੈਤਿਕਤਾ ਦੇ ਮੁੱਲਾਂ ਨਾਲ ਜੋੜੇਗਾ।

> **ਮਹਾਂਰਾਸ਼ਟਰ 'ਚ ਸਿੱਖ ਇਤਿਹਾਸ ਨੂੰ ਸਨਮਾਨ ਮਿਲਣ ਵੱਲ ਇਤਿਹਾਸਕ ਕਦਮ- ਸੰਤ ਗਿਆਨੀ ਹਰਨਾਮ ਸਿੰਘ ਖਾਲਸਾ**

### ਖਾਲਸਾ ਕਾਲਜ ਮਹਿਤਾ ਬੀ. ਕਾਮ. ਦੇ ਵਿਦਿਆਰਥੀਆਂ ਨੇ

# ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਮਾਰੀਆਂ ਮੱਲ੍ਹਾਂ



**ਚੌਕ ਮਹਿਤਾ, 1 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ .ਕਾਮ ਸਮੈਸਟਰ ਦੂਜੇ ਅਤੇ ਛੇਵੇਂ ਦੇ ਨਤੀਜੇ ਘੋਸ਼ਿਤ ਕੀਤੇ ਗਏ। ਜਿਸ ਵਿੱਚ ਬੀ.ਕਾਮ ਸਮੈਸਟਰ ਦੂਜੇ ਅਤੇ ਛੇਵੇਂ ਦੀ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਬੀ.ਕਾਮ ਜੈਸਮੀਨ ਕੌਰ 78%,ਨਵਦੀਪ ਕੌਰ 77% ਪ੍ਰੀਆ ਕਿਰਨ, ਸਿਮਰਨਪ੍ਰੀਤ ਕੌਰ 75% ਅੰਕ ਪ੍ਰਾਪਤ ਕਰ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਅਤੇ ਬੀ.ਕਾਮ ਸਮੈਸਟਰ ਛੇਵੇਂ ਦੀ ਕਿਰਨਦੀਪ ਕੌਰ ਨੇ ਵਧੀਆ ਅੰਕ ਪ੍ਰਾਪਤ ਕੀਤੇ । ਇਹਨਾ ਪ੍ਰੀਖਿਆਵਾਂ ਵਿਚ ਕਾਲਜ ਦੇ ਸਾਰੇ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਲਾਘਾਯੋਗ ਰਿਹਾ। ਇਸ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਖੁਸ਼ੀ ਜ਼ਾਹਿਰ ਕਰਦਿਆ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਅਤੇ ਕਿਹਾ ਕਿ ਇਹ ਨਤੀਜੇ ਸਿਰਫ ਤੁਹਾਡੀ ਲਗਾਤਾਰ ਕੋਸ਼ਿਸ਼ ਨਹੀਂ ਸਗੋਂ ਤੁਹਾਡੇ ਭਵਿੱਖ ਦੀ ਮਜਬੂਤ ਨੀਂਹ ਵੀ ਹਨ ।ਤੁਸੀ ਕਾਲਜ ਦਾ ਮਾਨ ਵਧਾਇਆ ਹੈ ਤੇ ਹੋਰ ਬੱਚਿਆਂ ਲਈ ਪ੍ਰੇਰਨਾ ਦਾ ਇੱਕ ਉਦਾਹਰਣ ਬਣੇ ਹੋ ।ਉਹਨਾਂ ਨੇ ਵਿਦਿਆਰਥੀਆਂ ਨੂੰ ਦਿਲ ਲਾ ਕੇ ਪੜ੍ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ।

ਇਸ ਸੁਭਾਗੇ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਗੁਰੂ ਨਾਨਕ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਕਰਮਜੀਤ ਸਿੰਘ ਖ਼ਿਲਾਫ਼ ਅਕਾਲ ਤਖ਼ਤ ਸਾਹਿਬ 'ਤੇ ਸ਼ਿਕਾਇਤ

### ਮਾਮਲਾ ਆਰ ਐੱਸ ਐੱਸ ਦੇ ਮੁਖੀ ਮੋਹਨ ਭਾਗਵਤ ਅੱਗੇ ਹਾਜ਼ਰੀ ਭਰਨ ਦਾ



**ਅੰਮ੍ਰਿਤਸਰ, 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਗੁਰੂ ਨਾਨਕ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਕਰਮਜੀਤ ਸਿੰਘ ਖ਼ਿਲਾਫ਼ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਈ-ਮੇਲ ਚਿੱਠੀ ਰਾਹੀਂ ਸ਼ਿਕਾਇਤ ਭੇਜੀ ਹੈ। ਜਿਸ ਵਿੱਚ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਅਤੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਵੱਲੋਂ ਲਿਖਿਆ ਗਿਆ ਹੈ ਕਿ ਜਥੇਦਾਰ ਜੀ, ਬੇਨਤੀ ਇਹ ਹੈ ਕਿ ਕੁਝ ਦਿਨ ਪਹਿਲਾਂ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਵਾਇਰਲ ਹੋਈ ਜਿਸ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ (ਅੰਮ੍ਰਿਤਸਰ) ਦੇ ਵਾਈਸ ਚਾਂਸਲਰ ਕਰਮਜੀਤ ਸਿੰਘ ਜੋ ਸਿੱਖ ਵਿਰੋਧੀ ਜਮਾਤ ਆਰ.ਐੱਸ.ਐੱਸ. ਦੇ ਮੁਖੀ ਮੋਹਨ ਭਾਗਵਤ ਅੱਗੇ ਹਾਜ਼ਰੀ ਭਰ ਕੇ ਉਸ ਦੀ 'ਜੀ ਹਜ਼ੂਰੀ' ਕਰ ਰਹੇ ਹਨ ਅਤੇ ਉਹ ਗੁਰੂ ਨਾਨਕ ਸਾਹਿਬ ਦੀ ਵਿਚਾਰਧਾਰਾ, ਸਿਧਾਂਤ, ਗਿਆਨ ਅਤੇ ਫ਼ਲਸਫ਼ੇ ਨੂੰ ਸਨਾਤਨ/ਹਿੰਦੂ ਮੱਤ ਦੇ ਵੇਦਾਂ ਨਾਲ ਜੋੜਨਾ ਚਾਹੁੰਦੇ ਹਨ। ਜਿਸ ਬਾਰੇ ਉਹ ਵੀਡੀਓ ਵਿੱਚ ਬੋਲ ਵੀ ਰਹੇ ਹਨ ਕਿ ਉਹਨਾਂ ਨੇ ਇਸ ਕਾਰਜ ਨੂੰ ਪੂਰਾ ਕਰਨ ਲਈ ਗੁਰੂ ਨਾਨਕ ਚੇਅਰ ਸਥਾਪਿਤ ਕਰ ਦਿੱਤੀ ਹੈ। ਇਹ ਇੱਕ ਸਾਜ਼ਿਸ਼ ਤਹਿਤ ਸਿੱਖੀ ਦਾ ਹਿੰਦੂਕਰਨ ਕਰਨ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਵਾਈਸ ਚਾਂਸਲਰ ਕਰਮਜੀਤ ਸਿੰਘ ਜੋ ਗੁਰੂ ਨਾਨਕ ਯੂਨੀਵਰਸਿਟੀ ਅਤੇ ਆਪਣੇ ਅਹੁਦੇ ਦੀ ਦੁਰਵਰਤੋਂ ਕਰਕੇ ਸਿੱਖੀ ਦੇ ਨਿਆਰੇਪਨ, ਅੱਡਰੀ ਹੋਂਦ-ਹਸਤੀ ਅਤੇ ਵਿਲੱਖਣ ਪਹਿਚਾਣ ਉੱਤੇ ਹਮਲੇ ਕਰ ਰਿਹਾ ਹੈ ਜਿਸ ਨੂੰ ਤੁਰੰਤ ਰੋਕਣ ਦੀ ਲੋੜ ਹੈ। ਇਹ ਲੋਕ ਸਿੱਖ ਸੰਸਥਾਵਾਂ ਉੱਤੇ ਕਾਬਜ਼ ਹੋ ਕੇ ਵਿੱਦਿਆ ਪ੍ਰਣਾਲੀ ਰਾਹੀਂ ਗੁਰਮਤਿ ਵਿਚਾਰਧਾਰਾ ਨੂੰ ਬਦਲਣ ਅਤੇ ਹਿੰਦੂ ਮੱਤ 'ਚ ਰਲਗੱਡ ਕਰਨਾ ਚਾਹੁੰਦੇ ਹਨ। ਵਾਈਸ ਚਾਂਸਲਰ ਕਰਮਜੀਤ ਸਿੰਘ ਜਿਸ ਤਰ੍ਹਾਂ ਮੋਹਨ ਭਾਗਵਤ ਨੂੰ 'ਸਰ-ਸਰ' ਕਰਕੇ ਉਸ ਦੀ ਚਾਪਲੂਸੀ ਕਰਦਾ ਹੋਇਆ ਆਪਣੇ ਏਜੰਡੇ ਨੂੰ ਬਿਆਨ ਰਿਹਾ ਹੈ ਉਸ ਤੋਂ ਸਾਫ਼ ਜ਼ਾਹਰ ਹੋ ਚੁੱਕਾ ਹੈ ਕਿ ਕਰਮਜੀਤ ਸਿੰਘ ਖ਼ੁਦ ਵੀ ਆਰ.ਐੱਸ.ਐੱਸ. ਦਾ ਹੀ ਮੈਂਬਰ ਹੈ। ਆਰ.ਐੱਸ.ਐੱਸ. ਵੱਲੋਂ ਅਜਿਹੇ ਵਿਅਕਤੀਆਂ ਨੂੰ ਸਿੱਖ ਵਿਚਾਰਧਾਰਾ ਅਤੇ ਸਿੱਖ ਸੰਸਥਾਵਾਂ ਨੂੰ ਤਬਾਹ ਕਰਨ ਲਈ ਹੀ ਫਿੱਟ ਕੀਤਾ ਜਾਂਦਾ ਹੈ। ਆਰ.ਐੱਸ.ਐੱਸ. ਓਹੀ ਫ਼ਿਰਕੂ ਜਮਾਤ ਹੈ ਜਿਸ ਦੇ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੁਕਮਨਾਮਾ ਸਾਹਿਬ ਵੀ ਜਾਰੀ ਹੋਇਆ ਸੀ। ਇਹ ਆਰ.ਐੱਸ.ਐੱਸ. ਪਿਛਲੇ ਲੰਬੇ ਸਮੇਂ ਤੋਂ ਸਿੱਖ ਧਰਮ ਉੱਤੇ ਸਿਧਾਂਤਕ ਹਮਲੇ ਕਰ ਰਹੀ ਹੈ ਤੇ ਸਿੱਖਾਂ ਨੂੰ ਹਿੰਦੂ ਆਖਦੀ ਹੈ ਅਤੇ ਸਿੱਖ ਇਤਿਹਾਸ ਨੂੰ ਵਿਗਾੜ ਕੇ ਪੇਸ਼ ਕਰਦੀ ਹੈ। ਆਰ.ਐੱਸ.ਐੱਸ ਦੀਆਂ ਸਿੱਖ ਵਿਰੋਧੀ ਕਾਰਵਾਈਆਂ ਦਾ ਜਵਾਬ ਦੇਣ ਦੀ ਬਜਾਏ ਗੁਰੂ ਨਾਨਕ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਕਰਮਜੀਤ ਸਿੰਘ ਜੋ ਆਰ.ਐੱਸ.ਐੱਸ. ਦਾ ਹਿੱਸਾ ਬਣੇ ਹੋਏ ਹਨ।ਇਸ ਵਰਤਾਰੇ ਉੱਤੇ ਸਿੱਖ ਕੌਮ ਨੂੰ ਸੁਚੇਤ ਅਤੇ ਚੇਤੰਨ ਹੋਣ ਦੀ ਲੋੜ ਹੈ ਅਤੇ ਅਜਿਹੇ ਵਿਅਕਤੀਆਂ ਨੂੰ ਪਹਿਚਾਨਣ ਦੀ ਲੋੜ ਹੈ। ਅਸੀਂ ਆਪ ਜੀ ਨੂੰ ਬੇਨਤੀ ਕਰਦੇ ਹਾਂ ਵਾਈਸ ਚਾਂਸਲਰ ਕਰਮਜੀਤ ਸਿੰਘ ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਵਾਬ-ਤਲਬੀ ਅਤੇ ਕਾਰਵਾਈ ਕੀਤੀ ਜਾਵੇ। ਅਜਿਹੇ ਵਿਅਕਤੀਆਂ ਨੂੰ ਗੁਰੂ ਨਾਨਕ ਯੂਨੀਵਰਸਿਟੀ ਦੇ ਅਹੁਦਿਆਂ ਉੱਤੇ ਬੈਠਣ ਦਾ ਕੋਈ ਹੱਕ ਨਹੀਂ ਹੋਣਾ ਚਾਹੀਦਾ।



ਵਾਈਸ ਚਾਂਸਲਰ ਕਰਮਜੀਤ ਸਿੰਘ

## ਸ਼੍ਰੋਮਣੀ ਕਮੇਟੀ ਨੇ ਡਾ. ਕਰਮਜੀਤ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਸੇਵਾ ਨਿਯਮਾਂ ਸਬੰਧੀ ਬਣਾਈ ਕਮੇਟੀ 'ਚੋਂ ਹਟਾਇਆ



**ਅੰਮ੍ਰਿਤਸਰ, 1 ਅਗਸਤ (ਆਵਾਜ਼ਿ ਕੌਮ ਬਿਊਰੋ)**- ਆਰਐੱਸਐੱਸ ਮੁਖੀ ਸਾਹਮਣੇ ਵਿਚਾਰ ਚਰਚਾ ਦੌਰਾਨ ਗੁਰੂ ਨਾਨਕ ਦੇਵ ਯੁਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਵੱਲੋਂ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਕਰਕੇ ਸ਼੍ਰੋਮਣੀ ਕਮੇਟੀ ਨੇ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਸੇਵਾ ਨਿਯਮਾਂ ਸਬੰਧੀ ਬਣਾਈ ਕਮੇਟੀ 'ਚੋਂ ਹਟਾ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਇਕ ਵੀਡੀਓ ਵਿਚ ਡਾ. ਕਰਮਜੀਤ ਸਿੰਘ ਆਰਐੱਸਐੱਸ ਮੁਖੀ ਨਾਲ ਕੀਤੀ ਵਾਰਤਾ ਦੌਰਾਨ ਸਿੱਖ ਵਿਰੋਧੀ ਵਿਚਾਰਧਾਰਾ ਦਾ ਪ੍ਰਗਟਾਵਾ ਕਰਦੇ ਨਜ਼ਰ ਆ ਰਹੇ ਹਨ। ਇਸ 'ਤੇ ਸੰਗਤਾਂ ਵੱਲੋਂ ਪੁੱਜ ਰਹੇ ਇਤਰਾਜ਼ਾਂ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਡਾ. ਕਰਮਜੀਤ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਬੰਧੀ ਸੇਵਾ ਨਿਯਮਾਂ ਬਾਰੇ ਬਣਾਈ ਕਮੇਟੀ ਤੋਂ ਹਟਾ ਦਿੱਤਾ ਹੈ।

ਆਵਾਜ਼ਿ ਕੌਮ AWAZE QAUM

ਬਰਸੀ 'ਤੇ ਵਿਸ਼ੇਸ਼

# ਪਿੰਗਲਵਾੜਾ ਦੇ ਬਾਨੀ, ਸੇਵਾ ਦੇ ਪੁੰਜ ਸਨ -ਭਗਤ ਪੂਰਨ ਸਿੰਘ



ਕਿਸੇ ਦੇਸ਼ ਜਾਂ ਕੌਮ ਦੀ ਸ਼ਕਤੀ ਦੌਲਤ ਦੀਆਂ ਭਰੀਆਂ ਬੋਰੀਆਂ ਵਿੱਚ ਨਹੀਂ ਸਗੋਂ ਉਥੋਂ ਦੇ ਲੋਕਾਂ ਦੇ ਆਚਰਨ ਵਿੱਚ ਉਹਨਾਂ ਦੇ ਸੁੱਖ-ਆਰਾਮ ਕੁਰਬਾਨ ਕਰਨ ਦੀ ਸਵੈ-ਇੱਛਾ ਵਿੱਚ ਅਤੇ ਉਹਨਾਂ ਦੀ ਨਿਪੁੰਨਤਾ ਵਿੱਚ ਲੋਕ-ਭਲਾਈ ਲਈ ਪਾਏ ਗਏ ਯੋਗਦਾਨ ਵਿੱਚ ਹੁੰਦੀ ਹੈ। ਹਰ ਸਮਾਜ ਵਿੱਚ ਕੁਝ ਅਭਾਗੇ ਲੋਕ ਹੁੰਦੇ ਹਨ। ਜੋ ਬਿਮਾਰ, ਅੰਗਹੀਣ ਤੇ ਬੇਕਾਰ ਹਨ ਜਾਂ ਸਮਾਜ ਵੱਲੋਂ ਦੁਰਕਾਰੇ ਗਏ ਹਨ। ਇਹਨਾਂ ਵਿੱਚ ਕੁਝ ਉਹ ਅੰਗਹੀਣ ਵੀ ਹਨ। ਜਿਨ੍ਹਾਂ ਨੂੰ ਕਿਸੇ ਵੀ ਹਸਪਤਾਲ ਵਿੱਚ ਦਾਖ਼ਲ ਨਹੀਂ ਕੀਤਾ ਜਾਂਦਾ ਅਤੇ ਉਹ ਸੜਕਾਂ ਤੇ ਹੀ ਰੁਲ-ਰੁਲ ਕੇ ਮਰ ਜਾਂਦੇ ਹਨ, ਫਿਰ ਇਹਨਾਂ ਦਾ ਧਿਆਨ ਰੱਖਣ ਵਾਲਾ ਕੌਣ ਹੈ ? ਇਹਨਾਂ ਦਾ ਖ਼ਿਆਲ ਰੱਖਣ ਵਾਲਾ ਸੀ ਭਗਤ ਪੂਰਨ ਸਿੰਘ ਪਿੰਗਲਵਾੜਾ ਵਾਲੇ।

ਭਗਤ ਪੂਰਨ ਸਿੰਘ ਜੀ ਦਾ ਜਨਮ 4 ਜੂਨ 1904 ਈ: ਨੂੰ ਪਿੰਡ ਰਾਜੇਵਾਲ ਰੋਹਣੋਂ ਤਹਿਸੀਲ ਖੰਨਾ ਜ਼ਿਲ੍ਹਾ ਲੁਧਿਆਣਾ ਵਿਖੇ ਪਿਤਾ ਸ਼੍ਰੀ ਸ਼ਿੱਬੂ ਮੱਲ ਸ਼ਾਹੂਕਾਰ ਦੇ ਘਰ ਮਾਤਾ ਮਹਿਤਾਬ ਕੌਰ ਜੀ ਦੀ ਕੁੱਖੋਂ ਹੋਇਆ। ਬਚਪਨ ਤੋਂ ਹੀ ਉਹਨਾਂ ਨੂੰ ਸੇਵਾ ਕਰਨ ਦਾ ਸ਼ੌਕ ਸੀ। ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਵਿਖੇ ਭਗਤ ਪੂਰਨ ਸਿੰਘ ਬਿਨਾਂ ਤਨਖਾਹ ਤੋਂ ਸੇਵਾ ਕਰਨ ਲੱਗਿਆ। ਉੱਥੋਂ ਦੇ ਮਹੰਤ ਤੇਜਾ ਸਿੰਘ ਜੀ ਭਗਤ ਜੀ ਨੂੰ ਅਨੇਕਾਂ ਵਾਰ ਲਾਡ ਨਾਲ ਬੁਲਾਉਂਦੇ ਕਹਿੰਦੇ, ਪੂਰਨ ਸਿੰਘ ਪ੍ਰੇਮੀ ! ਪੂਰਨ ਸਿੰਘ ਪ੍ਰੇਮੀ !! ਭਗਤ ਜੀ ਨੇ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਵਿਖੇ 20 ਸਾਲ ਲਗਾਤਾਰ ਲੰਗਰ ਦੀ, ਜੋੜਿਆਂ ਦੀ, ਯਾਤਰੂਆਂ ਨੂੰ ਬਿਸਤਰੇ ਅਤੇ ਭਾਂਡੇ ਦੇਣ ਦੀ ਨਿਸ਼ਕਾਮ ਸੇਵਾ ਕੀਤੀ।

ਭਗਤ ਪੂਰਨ ਸਿੰਘ ਜੀ ਦਾ ਬਚਪਨ ਦਾ ਨਾਂ 'ਰਾਮ ਜੀ ਦਾਸ' ਸੀ। ਗੁਰਦੁਆਰਾ ਡੇਹਰਾ ਸਾਹਿਬ ਵਿਖੇ ਕੀਤੀ ਨਿਸ਼ਕਾਮ ਸੇਵਾ ਅਤੇ ਲਾਚਾਰ ਤੇ ਲਾਵਾਰਸ ਰੋਗੀਆਂ ਦੀ ਸੇਵਾ-ਸੰਭਾਲ ਨੇ ਉਹਨਾਂ ਨੂੰ 'ਰਾਮ ਜੀ ਦਾਸ' ਤੋਂ 'ਭਗਤ ਪੂਰਨ ਸਿੰਘ' ਬਣਾ ਦਿੱਤਾ। ਗਿਆਨੀ ਕਰਤਾਰ ਸਿੰਘ ਤੇ ਭਗਤ ਜੀ ਦੀ ਮਾਤਾ ਮਹਿਤਾਬ ਕੌਰ ਨੇ ਇਹਨਾਂ ਦੀ ਸੇਵਾ ਨੂੰ ਦੇਖ ਕੇ 'ਭਗਤ ਜੀ' ਕਹਿ ਕੇ ਸੰਬੋਧਨ ਕੀਤਾ। ਮਾਤਾ ਮਹਿਤਾਬ ਕੌਰ ਨੇ ਬਚਪਨ ਤੋਂ ਹੀ ਉਹਨਾਂ ਨੂੰ ਧਰੂ ਭਗਤ, ਹਨੂਮਾਨ, ਸ਼ਿਵ ਜੀ, ਭਰਥਰੀ ਭਗਤ, ਗੁਰੂਆਂ, ਪੀਰਾਂ, ਸੰਤਾਂ ਦੇ ਇਤਿਹਾਸ ਦੇ ਕਿੱਸੇ-ਕਹਾਣੀਆਂ ਸੁਣਾ ਕੇ ਇਸ ਪਾਸੇ ਵੱਲ ਲਾਇਆ। ਭਗਤ ਜੀ ਨੇ ਮਰਨ ਕਿਨਾਰੇ ਬਿਸਤਰੇ ਤੇ ਪਈ ਆਪਣੀ ਮਾਂ ਨਾਲ ਇਹ ਪ੍ਰਣ ਕਰ ਲਿਆ ਕਿ ਮੈਂ ਉਮਰ ਭਰ ਕੁਆਰਾ ਰਹਾਂਗਾ ਤੇ ਬੇਸਹਾਰਾ, ਅਪੰਗਾਂ ਅਤੇ ਗ਼ਰੀਬਾਂ ਦੀ ਸੇਵਾ ਵਿੱਚ ਹੀ ਜੀਵਨ ਬਤੀਤ ਕਰਾਂਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਭਗਤ ਪੂਰਨ ਸਿੰਘ ਨੇ ਮਨੁੱਖਤਾ ਦੀ ਸੇਵਾ ਦਾ ਮੁੱਢ ਸੰਨ 1934 ਈ: ਵਿੱਚ ਇੱਕ ਚਾਰ ਸਾਲ ਦੇ ਬੱਚੇ ਪਿਆਰਾ ਸਿੰਘ ਦੀ ਸੇਵਾ ਤੋਂ ਸ਼ੁਰੂ ਕੀਤਾ। ਇਸ ਅਪੰਗ ਬੱਚੇ ਨੂੰ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਦੀ ਡਿਓੜ੍ਹੀ ਅੱਗੇ ਕੋਈ ਚੋਰੀ-ਚੋਰੀ ਛੱਡ ਗਿਆ ਸੀ। ਇਹ ਬੱਚਾ ਸ਼ਕਲ ਸੂਰਤ ਤੋਂ ਬੜਾ ਕਰੂਪ ਸੀ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਨੇ ਬੱਚੇ ਨੂੰ ਭਗਤ ਜੀ ਦੇ ਹਵਾਲੇ ਕਰਕੇ ਆਖਿਆ, 'ਪੂਰਨ ਸਿੰਘ ! ਤੂੰ ਹੀ ਅੱਜ ਤੋਂ ਇਸ ਬੱਚੇ ਦੀ ਸੇਵਾ-ਸੰਭਾਲ ਕਰ।' ਭਗਤ ਜੀ ਲਈ ਇਹ ਬੱਚਾ ਪਿਆਰ ਦਾ ਸੋਮਾ ਹੋ ਨਿੱਬੜਿਆ, ਜਿਸ ਕਰਕੇ ਉਸ ਦਾ ਨਾਂ 'ਪਿਆਰਾ ਸਿੰਘ' ਹੋ ਗਿਆ। ਭਗਤ ਪੂਰਨ ਸਿੰਘ 14 ਸਾਲ ਤੱਕ ਇਸ ਲਾਚਾਰ ਬੱਚੇ ਨੂੰ ਵੱਖ-ਵੱਖ ਥਾਵਾਂ 'ਤੇ ਆਪਣੇ ਮੋਢਿਆਂ ਤੇ ਚੁੱਕ ਕੇ ਫਿਰਦੇ ਰਹੇ ਕਿਉਂ ਜੋ ਉਸ ਸਮੇਂ ਉਹਨਾਂ ਕੋਲ ਕੋਈ ਪੱਕੀ ਜਗ੍ਹਾ ਨਹੀਂ ਸੀ। ਇਸ ਦੌਰਾਨ ਭਗਤ ਪੂਰਨ ਸਿੰਘ ਜੀ ਨੂੰ ਜੋ ਵੀ ਸਮਾਂ ਮਿਲਦਾ, ਉਹ ਵੱਖ-ਵੱਖ ਲਾਇਬਰੇਰੀਆਂ ਵਿੱਚ ਸਮਾਜ ਦੀਆਂ ਵੱਖ-ਵੱਖ ਸਮੱਸਿਆਵਾਂ ਦਾ ਅਧਿਐਨ ਕਰਦੇ ਅਤੇ ਉਹਨਾਂ ਦੇ ਦੁੱਖਾਂ ਦੇ ਹੱਲ ਬਾਰੇ ਸੋਚਦੇ।

ਇੱਕ ਦਿਨ ਭਗਤ ਪੂਰਨ ਸਿੰਘ ਜੀ ਦੇ ਇੱਕ ਨਜ਼ਦੀਕੀ ਵਕੀਲ ਨੇ ਭਗਤ ਜੀ ਨੂੰ ਕਿਹਾ ਕਿ ਇਸ ਨਾਲੋਂ ਤਾਂ ਚੰਗਾ ਸੀ ਕਿ ਇਹ (ਪਿਆਰਾ ਸਿੰਘ) ਗੁਰਦੁਆਰੇ ਦੇ ਬਾਹਰ ਹੀ ਮਰ ਜਾਂਦਾ ਕਿਉਂ ਜੋ ਇੱਕ ਦਿਨ ਕਿਸੇ ਸੜਕ ਦੇ ਕੰਢੇ ਮਰਨਾ ਹੀ ਹੈ। ਪਰ ਕੋਈ ਵੀ ਭਗਤ ਜੀ ਨੂੰ ਉਹਨਾਂ ਦੇ ਸਿਰੜੀ ਮਿਸ਼ਨ ਤੋਂ ਨਾ ਰੋਕ ਸਕਿਆ। ਭਗਤ ਜੀ ਦਾ ਅਕਾਲ ਪੁਰਖ ਤੇ ਅਟੁੱਟ ਵਿਸ਼ਵਾਸ ਅਤੇ ਦੁਖੀ ਮਨੁੱਖਤਾ ਦੀ ਸੇਵਾ ਕਰਨ ਦੀ ਪ੍ਰਬਲ ਇੱਛਾ ਕਰਕੇ ਹੀ ਇਹ ਸੰਭਵ ਹੋ ਸਕਿਆ। 1947 ਵਿੱਚ ਦੇਸ਼ ਦੀ ਵੰਡ ਉਪਰੰਤ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਸ਼ਰਨਾਰਥੀ ਕੈਂਪ ਵਿੱਚ ਰਹੇ। 1948 ਤੋਂ 1958 ਈ: ਤੱਕ ਫੁੱਟਪਾਥਾਂ, ਰੁੱਖਾਂ ਦੀ ਛਾਵੇਂ, ਕਦੇ ਖ਼ਾਲਸਾ ਕਾਲਜ ਕੋਲ, ਕਦੇ ਰੇਲਵੇ ਸਟੇਸ਼ਨ ਕੋਲ, ਕਦੇ ਚੀਫ਼ ਖ਼ਾਲਸਾ ਦੀਵਾਨ ਦੇ ਕੋਲ, ਕਦੇ ਗੁਰੂ ਤੇਗ਼ ਬਹਾਦਰ ਹਸਪਤਾਲ ਦੇ ਕੋਲ, ਕਦੇ ਰੈੱਡਕਰਾਸ ਭਵਨ ਦੇ ਕੋਲ ਝੌਂਪੜੀਆਂ ਬਣਾ ਕੇ ਪੀੜ੍ਹਤ ਲੋਕਾਂ ਦੀ ਉਹਨਾਂ ਨੇ ਸੇਵਾ-ਸੰਭਾਲ ਕੀਤੀ। ਸੰਨ 1958 ਈ: ਵਿੱਚ ਤਹਿਸੀਲਪੁਰਾ ਜੀ.ਟੀ ਰੋਡ ਅੰਮ੍ਰਿਤਸਰ ਵਿਖੇ ਜਗ੍ਹਾ ਮੁੱਲ ਖ਼ਰੀਦ ਕੇ ਭਗਤ ਜੀ ਨੇ ਪਿੰਗਲਵਾੜੇ ਦੀ ਨੀਂਹ ਰੱਖੀ। 6 ਮਾਰਚ 1957 ਨੂੰ 'ਆਲ ਇੰਡੀਆ ਪਿੰਗਲਵਾੜਾ ਸੁਸਾਇਟੀ (ਰਜਿ:)' ਕਰਵਾ ਲਈ। ਪਿੰਗਲਵਾੜਾ ਜੋ ਭਗਤ ਪੂਰਨ ਸਿੰਘ ਜੀ ਨੇ ਕੁਝ ਕੁ ਮਰੀਜ਼ਾਂ ਨੂੰ ਲੈ ਕੇ ਬੀਜ ਰੂਪ ਵਿੱਚ ਸ਼ੁਰੂ ਕੀਤਾ, ਅੱਜ 1750 ਤੋਂ ਵੱਧ ਮਰੀਜ਼ ਜਿਨ੍ਹਾਂ ਵਿੱਚ ਔਰਤਾਂ, ਬੱਚੇ ਤੇ ਬੁੱਢੇ ਸ਼ਾਮਲ ਹਨ, ਲਈ ਘਰ ਵਰਗੇ ਸੁੱਖਾਂ ਦਾ ਸਾਧਨ ਬਣਿਆ ਹੋਇਆ ਹੈ।

ਭਗਤ ਪੂਰਨ ਸਿੰਘ ਜੀ ਨੇ ਪ੍ਰਦੂਸ਼ਣ, ਜਲ-ਸਾਧਨਾ, ਜੰਗਲਾਂ ਦੀ ਕਟਾਈ ਤੋਂ ਪੈਦਾ ਹੋਣ ਵਾਲੇ ਖਤਰਿਆਂ ਨਾਲ ਸੰਬੰਧਿਤ ਅਨੇਕਾਂ ਕਿਤਾਬਚੇ, ਟ੍ਰੈਕਟ, ਫੋਲਡਰ ਅਤੇ ਇਸ਼ਿਤਹਾਰ ਲੱਖਾਂ ਦੀ ਗਿਣਤੀ ਵਿੱਚ ਛਾਪ ਕੇ ਵੰਡੇ। ਅੱਜ ਵੀ ਦਰਬਾਰ ਸਾਹਿਬ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਬਾਹਰ ਘੰਟਾ ਘਰ ਚੌਂਕ ਤੇ ਸਰਾਂ (ਰਿਹਾਇਸ਼) ਵਾਲੇ ਪਾਸੇ ਅਤੇ ਦੇਸ਼ ਭਰ ਦੇ ਵੱਖ-ਵੱਖ ਇਤਿਹਾਸਕ ਗੁਰਦੁਆਰਿਆਂ ਵਿੱਚ ਉਹਨਾਂ ਦੇ ਸ਼ਰਧਾਲੂ ਕਿਤਾਬਚੇ, ਟ੍ਰੈਕਟ, ਇਸ਼ਿਤਹਾਰ, ਪੈਂਫਲਿਟ, ਫੋਲਡਰ ਮੁਫ਼ਤ ਵੰਡ ਰਹੇ ਹਨ। ਪਿੰਗਲਵਾੜੇ ਵਿੱਚ ਬਿਮਾਰ, ਬੇਸਹਾਰਾ, ਮੰਦਬੁੱਧੀ ਵਾਲੇ ਬੱਚੇ ਅਤੇ ਸਿਆਣੀ ਉਮਰ ਦੇ ਮਰਦ ਅਤੇ ਇਸਤਰੀਆਂ ਚਾਹੇ ਉਹ ਕਿਸੇ ਵੀ ਕੌਮ ਜਾਂ ਜਾਤੀ ਨਾਲ ਸੰਬੰਧ ਰੱਖਦੇ ਹੋਣ, ਇਹਨਾਂ ਸਾਰਿਆਂ ਨੂੰ ਵੱਖਰੇ-ਵੱਖਰੇ ਵਾਰਡਾਂ ਵਿੱਚ ਰੱਖਿਆ ਜਾਂਦਾ ਹੈ। ਪਿੰਗਲਵਾੜਾ ਸੰਸਥਾ ਦੀ ਹਦੂਦ ਅੰਦਰ ਦਰਜ਼ੀ ਦਾ ਕੰਮ, ਟਾਈਪ ਕਰਨਾ, ਕੁਰਸੀਆਂ ਬੁਣਨੀਆਂ, ਮੋਮਬੱਤੀਆਂ, ਗੁੱਡੀਆਂ-ਖਿਡੌਣੇ, ਕਲਾ-ਕਿਰਤੀਆਂ, ਕੁਦਰਤੀ ਖੇਤੀ, ਮਸਨੂਈ ਅੰਗ, ਫਿਜ਼ਿਓਥੈਰਪੀ ਆਦਿ ਦੀ ਸਿਖਲਾਈ ਦਿੱਤੀ ਜਾਂਦੀ ਹੈ।

ਭਗਤ ਪੂਰਨ ਸਿੰਘ ਜੀ ਨੂੰ ਭਾਰਤ ਸਰਕਾਰ ਵੱਲੋਂ 1981 ਵਿੱਚ 'ਪਦਮ ਸ਼੍ਰੀ' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ, ਭਾਰਤ ਸਰਕਾਰ ਵੱਲੋਂ 1984 ਵਿੱਚ ਸ਼੍ਰੀ ਦਰਬਾਰ ਸਾਹਿਬ ਅਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਤੇ ਹੋਏ ਹਮਲੇ ਸਮੇਂ ਉਹਨਾਂ ਨੇ ਇਹ ਐਵਾਰਡ ਵਾਪਸ ਕਰ ਦਿੱਤਾ ਸੀ। ਉਹਨਾਂ ਨੂੰ 1990 'ਚ ਹਾਰਮਨੀ ਐਵਾਰਡ, 1991 'ਚ ਰੋਗ ਰਤਨ ਐਵਾਰਡ ਪ੍ਰਾਪਤ ਹੋਏ। ਪੰਜਾਬ ਵਿਰਾਸਤ ਸੰਸਥਾ ਸ਼ਿਕਾਗੋ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਤੇ ਭਾਈ ਕਨੱਈਆ ਐਵਾਰਡ ਕਮੇਟੀ ਦੇ ਚੈਅਰਮੈਨ ਮਹੰਤ ਤੀਰਥ ਸਿੰਘ 'ਸੇਵਾਪੰਥੀ' ਵੱਲੋਂ ਭਾਈ ਕਨੱਈਆ ਐਵਾਰਡ ਨਾਲ ਉਹਨਾਂ ਨੂੰ ਸਨਮਾਨਿਤ ਕੀਤਾ। ਸੇਵਾ ਦੇ ਪੁੰਜ, ਨਿਸ਼ਕਾਮ ਸੇਵਾ ਦੀ ਮੂਰਤ, ਨਿਆਸਰਿਆਂ ਦਾ ਆਸਰਾ ਭਗਤ ਪੂਰਨ ਸਿੰਘ 5 ਅਗਸਤ 1992 ਈ: ਨੂੰ 88 ਸਾਲ ਦੀ ਉਮਰ ਬਤੀਤ ਕਰਕੇ ਸੱਚ-ਖੰਡ ਜਾ ਬਿਰਾਜੇ।

ਭਗਤ ਪੂਰਨ ਸਿੰਘ ਜੀ ਚਾਹੇ ਝੁੱਗੀਆਂ ਦੀ ਜਗ੍ਹਾ ਆਲੀਸ਼ਾਨ ਇਮਾਰਤਾਂ ਉਸਾਰ ਕੇ ਸੰਸਾਰ ਤੋਂ ਚੋਲਾ ਤਿਆਗ ਗਏ ਪਰ ਵਰਤਮਾਨ ਸਮੇਂ ਡਾ: ਇੰਦਰਜੀਤ ਕੌਰ ਜੀ ਦੀ ਦੇਖ-ਰੇਖ ਹੇਠ ਪਿੰਗਲਵਾੜਾ 'ਚ ਮਰੀਜ਼ਾਂ ਦੀ ਸੇਵਾ-ਸੰਭਾਲ ਜਾਰੀ ਹੈ। ਮਰੀਜ਼ਾਂ ਦੀ ਸੇਵਾ ਲਈ 245 ਸੇਵਾਦਾਰਨੀਆਂ, 256 ਸੇਵਾਦਾਰ ਅਤੇ 18 ਟਰੇਂਡ ਨਰਸਾਂ ਕੰਮ ਕਰ ਰਹੀਆਂ ਹਨ। ਸਾਰੇ ਵਾਰਡਾਂ ਵਿੱਚ ਸੂਰਜੀ ਸ਼ਕਤੀ ਪਲਾਂਟ ਰਾਹੀਂ ਮਰੀਜ਼ਾਂ ਦੇ ਕੱਪੜੇ ਗਰਮ ਪਾਣੀ ਨਾਲ ਧੋਤੇ ਜਾਂਦੇ ਹਨ। ਇਸ ਪ੍ਰਾਜੈਕਟ ਤੇ 12 ਲੱਖ ਰੁਪਏ ਦੇ ਕਰੀਬ ਖ਼ਰਚ ਆਇਆ। ਹਰ ਸਾਲ ਸੰਸਥਾ ਦੇ ਸੇਵਾਦਾਰਾਂ ਦੁਆਰਾ ਭਗਤ ਪੂਰਨ ਸਿੰਘ ਜੀ ਦੀ ਬਰਸੀ 'ਤੇ ਰੁੱਖ ਲਾਉਣ ਦੀ ਮੁਹਿੰਮ ਵਿੱਢੀ ਜਾਂਦੀ ਹੈ। ਪਿੰਗਲਵਾੜਾ ਸੰਸਥਾ ਵੱਲੋਂ ਸਾਲ 2006 ਵਿੱਚ ਆਪਣੀ ਨਰਸਰੀ ਵਿੱਚ 60,000 ਬੂਟੇ ਪੈਦਾ ਕਰਕੇ ਵੱਖ-ਵੱਖ ਸੰਸਥਾਵਾਂ ਨੂੰ ਮੁਫ਼ਤ ਵੰਡੇ ਗਏ। 20,000 ਪੌਦੇ ਸੰਸਥਾ ਵੱਲੋਂ ਸਕੂਲਾਂ, ਕਾਲਜਾਂ, ਹਸਪਤਾਲਾਂ ਅਤੇ ਸ਼ਮਸ਼ਾਨਘਾਟਾਂ ਵਿੱਚ ਲਗਾਏ ਗਏ ਹਨ।

ਪਿੰਗਲਵਾੜਾ ਦੀਆਂ ਅੰਮ੍ਰਿਤਸਰ, ਮਾਨਾਂਵਾਲਾ, ਗੋਇੰਦਵਾਲ, ਜਲੰਧਰ, ਸੰਗਰੂਰ, ਪਲਸੌਰਾ (ਚੰਡੀਗੜ੍ਹ), ਪੰਡੋਰੀ ਵੜੈਚ ਵਿਖੇ ਬਰਾਂਚਾਂ ਹਨ। ਭਗਤ ਪੂਰਨ ਸਿੰਘ ਆਦਰਸ਼ ਸਕੂਲ ਬੁੱਟਰ ਕਲਾਂ ਕਾਦੀਆਂ ਵਿੱਚ 412 ਬੱਚੇ ਵਿੱਦਿਆ ਹਾਸਲ ਕਰ ਰਹੇ ਹਨ। ਭਗਤ ਪੂਰਨ ਸਿੰਘ ਗੂੰਗੇ-ਬੋਲੇ ਬੱਚਿਆਂ ਦਾ ਸਕੂਲ ਮਾਨਾਂਵਾਲਾ ਵਿਖੇ 180 ਬੱਚੇ ਨਵੀਨ ਉਪਕਰਣਾਂ ਰਾਹੀਂ ਸਿੱਖਿਆ ਪ੍ਰਾਪਤ ਕਰ ਰਹੇ ਹਨ। ਭਗਤ ਪੂਰਨ ਸਿੰਘ ਸਕੂਲ ਆਫ ਸਪੈਸ਼ਲ ਐਜੂਕੇਸ਼ਨ ਮਾਨਾਂਵਾਲਾ ਬਰਾਂਚ ਵਿਖੇ ਪਿੰਗਲਵਾੜੇ ਦੇ 210 ਮੰਦ-ਬੁੱਧੀ ਬੱਚਿਆਂ ਦੀ ਬੁੱਧੀ ਵਿਕਸਤ ਕਰਨ ਲਈ ਪ੍ਰਬੰਧ ਕੀਤਾ ਗਿਆ ਹੈ। ਭਗਤ ਪੂਰਨ ਸਿੰਘ ਕਿੱਤਾ ਸਿਖਲਾਈ ਕੇਂਦਰ ਮਾਨਾਂਵਾਲਾ (ਅੰਮ੍ਰਿਤਸਰ) ਵਿਖੇ ਪੜ੍ਹਾਈ ਦੇ ਨਾਲ-ਨਾਲ ਬੱਚਿਆਂ ਨੂੰ ਸਿਲਾਈ-ਕਢਾਈ ਦਾ ਛੇ ਮਹੀਨੇ ਦਾ ਕੋਰਸ ਕਰਵਾਇਆ ਜਾਂਦਾ ਹੈ। ਭਗਤ ਪੂਰਨ ਸਿੰਘ ਆਦਰਸ਼ ਸਕੂਲ ਮਾਨਾਂਵਾਲਾ ਵਿੱਚ ਗ਼ਰੀਬ ਅਤੇ ਝੁੱਗੀ ਝੌਂਪੜੀ ਵਾਲੇ 737 ਵਿਦਿਆਰਥੀਆਂ ਨੂੰ ਮੁਫ਼ਤ ਵਿੱਦਿਆ ਦਿੱਤੀ ਜਾ ਰਹੀ ਹੈ। ਗੋਇੰਦਵਾਲ ਬਰਾਂਚ ਵਿੱਚ 92 ਮਰਦ, ਚੰਡੀਗੜ੍ਹ ਬਰਾਂਚ ਵਿੱਚ 113 ਮਰੀਜ਼, ਜਲੰਧਰ ਬਰਾਂਚ ਵਿੱਚ 38 ਮਰੀਜ਼ ਹਨ। ਮਾਨਾਂਵਾਲਾ ਕੰਪਲੈਕਸ ਵਿਖੇ ਗਊਸ਼ਾਲਾ ਵਿੱਚ 265 ਗਊਆਂ ਵੱਛੇ ਤੇ ਵੱਛੀਆਂ ਹਨ। ਗਊਆਂ ਦਾ ਦੁੱਧ ਮਰੀਜ਼ਾਂ ਲਈ ਵਰਤਿਆ ਜਾਂਦਾ ਹੈ।

ਭਗਤ ਪੂਰਨ ਸਿੰਘ ਮਸਨੂਈ ਅੰਗ ਕੇਂਦਰ (ਬਨਾਵਟੀ ਅੰਗ ਕੇਂਦਰ) ਵਿੱਚ 15451 ਤੋਂ ਵੱਧ ਅੰਗਹੀਣਾਂ ਨੂੰ ਬਨਾਵਟੀ ਅੰਗ ਮੁਫ਼ਤ ਲਗਾਏ ਜਾ ਚੁੱਕੇ ਹਨ। ਪਿੰਗਲਵਾੜਾ ਸੰਸਥਾ ਦਾ ਕੰਮ ਸਿਰਫ ਪੰਜਾਬ ਤੱਕ ਹੀ ਸੀਮਿਤ ਨਹੀਂ, ਕਿਤੇ ਵੀ ਕੁਦਰਤੀ ਆਫ਼ਤਾਂ ਆਉਂਦੀਆਂ ਹਨ। ਉਥੋਂ ਦੇ ਲੋਕਾਂ ਦੀ ਮਦਦ ਕੀਤੀ ਜਾਂਦੀ ਹੈ। ਜਦ ਲਾਤੂਰ, ਚਮੋਲੀ, ਲਦਾਖ, ਸੁਨਾਮੀ ਲਹਿਰਾਂ, ਈਰਾਨ ਵਿੱਚ ਭੂਚਾਲ ਨਾਲ ਲੋਕ ਪ੍ਰਭਾਵਿਤ ਹੋਏ ਤਾਂ ਡਾ: ਇੰਦਰਜੀਤ ਕੌਰ ਜੀ ਦੀ ਅਗਵਾਈ ਵਿੱਚ ਪਿੰਗਲਵਾੜੇ ਵੱਲੋਂ ਕੰਬਲ, ਕੱਪੜੇ, ਰਾਸ਼ਨ, ਦਵਾਈਆਂ ਪੀੜ੍ਹਤਾਂ ਦੇ ਘਰ-ਘਰ ਜਾ ਕੇ ਰਾਹਤ ਸਮੱਗਰੀ ਵੰਡੀ ਗਈ। ਜਲੰਧਰ ਤੇ ਕਪੂਰਥਲਾ ਵਿੱਚ ਵੀ ਸੰਨ 2008 ਵਿੱਚ ਆਏ ਹੜ੍ਹਾਂ ਨਾਲ 800 ਪੀੜ੍ਹਤ ਪਰਿਵਾਰਾਂ ਲਈ ਰਾਸ਼ਨ, ਘਰੇਲੂ ਸਮਾਨ ਅਤੇ ਕੰਬਲ ਮੁਫ਼ਤ ਵੰਡੇ ਗਏ। ਪਿੰਗਲਵਾੜਾ ਸੰਸਥਾ ਲੋੜ ਅਨੁਸਾਰ ਗ਼ਰੀਬ ਤੇ ਅਪਾਹਜ ਲੋਕਾਂ ਨੂੰ ਟਰਾਈ ਸਾਈਕਲ ਪ੍ਰਦਾਨ ਕਰਕੇ ਉਹਨਾਂ ਨੂੰ ਆਤਮ ਨਿਰਭਰ ਹੋਣ ਵਿੱਚ ਮਦਦ ਕਰਦਾ ਹੈ। ਸੰਸਥਾ ਵੱਲੋਂ 100 ਦੇ ਕਰੀਬ ਲਾਵਾਰਸ ਲਾਸ਼ਾਂ ਦਾ ਸਸਕਾਰ ਪੂਰੇ ਸਤਿਕਾਰ ਸਹਿਤ ਕੀਤਾ ਜਾ ਚੁੱਕਾ ਹੈ।

ਭਗਤ ਪੂਰਨ ਸਿੰਘ ਜੀ ਦੇ ਜੀਵਨ ਸੰਬੰਧੀ ਕੁਝ ਵੀਡੀਓ ਫਿਲਮਾਂ ਪਿੰਗਲਵਾੜਾ ਪਰੈਸੈਨਟੇਸ਼ਨ, ਏ ਸੈਲਫਲੈਸ ਲਾਈਫ਼, ਦਸਤਾਵੇਜ਼ੀ ਫਿਲਮਾਂ, ਇਹੁ ਜਨਮੁ ਤੁਮ੍ਹਾਰੇ ਲੇਖੇ ਰਿਲੀਜ਼ ਹੋਈ। ਜਿਸ ਨੂੰ ਵੱਡੀ ਤਾਦਾਦ ਵਿੱਚ ਲੋਕਾਂ ਨੇ ਪਸੰਦ ਕੀਤਾ। ਭਗਤ ਜੀ ਦੇ ਬਚਪਨ ਦਾ ਰੋਲ ਪਿੰਗਲਵਾੜਾ ਸੰਸਥਾ ਦੇ ਸਕੂਲ ਵਿੱਚ ਪੜ੍ਹ ਰਹੇ ਵਿਦਿਆਰਥੀ ਯੁਵਰਾਜ ਨੇ ਕੀਤਾ ਹੈ। ਫਿਲਮ ਵਿੱਚ ਸ਼ਾਮਲ ਕਲਾਕਾਰਾਂ ਦੀ ਟੀਮ ਵਿੱਚੋਂ ਇੱਕ ਕਲਾਕਾਰ ਨੇ ਭਗਤ ਪੂਰਨ ਸਿੰਘ ਜੀ ਦੇ ਕਾਰਜਾਂ ਤੋਂ ਪ੍ਰਭਾਵਿਤ ਹੁੰਦਿਆਂ ਐਲਾਨ ਕੀਤਾ ਕਿ ਉਹ ਆਪਣਾ ਵਿਆਹ ਪਿੰਗਲਵਾੜੇ ਦੀ ਕਿਸੇ ਇੱਕ ਲੜਕੀ ਨਾਲ ਕਰੇਗਾ।

ਭਾਰਤ ਸਰਕਾਰ ਵੱਲੋਂ 10 ਦਸੰਬਰ 2004 ਨੂੰ ਭਗਤ ਪੂਰਨ ਸਿੰਘ ਜੀ ਦੀ ਇੱਕ ਡਾਕ-ਟਿਕਟ ਦਿੱਲੀ ਵਿਖੇ ਰਿਲੀਜ਼ ਕੀਤੀ ਗਈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ 'ਭਗਤ ਪੂਰਨ ਸਿੰਘ ਚੇਅਰ' ਸਥਾਪਿਤ ਹੈ। ਭਗਤ ਪੂਰਨ ਸਿੰਘ ਦੀਆਂ ਜੀਵਨ ਘਾਲਨਾਵਾਂ ਸੰਬੰਧੀ ਤਸਵੀਰਾਂ ਦਾ ਸੰਗ੍ਰਹਿ "ਅਜਾਇਬ ਘਰ" ਪਿੰਗਲਵਾੜਾ ਵਿੱਚ ਸਥਾਪਿਤ ਹੈ। ਭਗਤ ਪੂਰਨ ਦੇ ਜਨਮ ਸਥਾਨ ਤੇ ਪਿੰਡ ਰਾਜੇਵਾਲ ਵਿਖੇ 'ਭਗਤ ਪੂਰਨ ਸਿੰਘ ਸਮਾਰਕ' ਦਾ ਨਿਰਮਾਣ ਹੋ ਚੁੱਕਾ ਹੈ। ਭਗਤ ਪੂਰਨ ਸਿੰਘ ਜੀ ਵੱਲੋਂ ਲਿਖੇ ਅਤੇ ਪ੍ਰਕਾਸ਼ਿਤ ਕੀਤੇ ਕਿਤਾਬਚੇ ਪੰਜਾਬੀ ਦੇ 35, ਅੰਗਰੇਜ਼ੀ ਦੇ 23 ਅਤੇ 10 ਫੋਲਡਰ, ਹਿੰਦੀ 'ਚ 77 ਟ੍ਰੈਕਟ, ਫੋਲਡਰ, 21 ਹੱਥ ਲਿਖਤਾਂ, ਭਗਤ ਜੀ ਵੱਲੋਂ ਪ੍ਰਕਾਸ਼ਿਤ ਵੱਖ-ਵੱਖ ਰਾਗਾਂ ਦੇ 58 ਗੁਰਬਾਣੀ ਦੇ ਸ਼ਬਦ 'ਭਗਤ ਪੂਰਨ ਸਿੰਘ ਅਜਾਇਬ ਘਰ' ਵਿੱਚ ਸੁਭਾਇਮਾਨ ਹਨ। ਪਿੰਗਲਵਾੜਾ ਸੰਸਥਾ ਵੱਲੋਂ ਹੁਣ ਤੱਕ ਪੰਜਾਬੀ ਦੀਆਂ 70 ਪੁਸਤਕਾਂ, 76 ਕਿਤਾਬਚੇ, ਅੰਗਰੇਜ਼ੀ ਦੀਆਂ 61 ਪੁਸਤਕਾਂ ਤੇ 33 ਕਿਤਾਬਚੇ, ਹਿੰਦੀ ਦੀਆਂ 49 ਪੁਸਤਕਾਂ-ਕਿਤਾਬਚੇ ਛਾਪੇ ਗਏ ਹਨ। ਇਹ ਸਾਰੀ ਸਮੱਗਰੀ ਪਿੰਗਲਵਾੜਾ ਦੇ ਆਪਣੇ ਛਾਪੇਖਾਨੇ 'ਪੂਰਨ ਪ੍ਰਿੰਟਿੰਗ ਪ੍ਰੈਸ ਵਿੱਚ ਹੁਣ 19 ਮੈਨੂਅਲ ਮਸ਼ੀਨਾਂ ਦੀ ਥਾਂ ਤੇ 2 ਆਟੋ ਪ੍ਰਿੰਟ ਮਸ਼ੀਨਾਂ ਰਾਹੀਂ ਛਾਪੀ ਜਾਂਦੀ ਹੈ।

ਪਿੰਗਲਵਾੜਾ ਸੰਸਥਾ ਦਾ ਕੋਈ ਵੀ ਸੇਵਾਦਾਰ ਡੱਬਿਆਂ (ਦਾਨ-ਪਾਤਰ) ਨਾਲ ਰੇਲਵੇ ਸਟੇਸ਼ਨਾਂ, ਬੱਸ ਸਟੈਂਡਾਂ, ਗਲੀ-ਮੁਹੱਲਿਆਂ ਜਾਂ ਕਿਸੇ ਵੀ ਸਥਾਨ 'ਤੇ ਘੁੰਮ ਫਿਰ ਕੇ ਮਾਇਆ ਦੀ ਉਗਰਾਹੀ ਨਹੀਂ ਕਰ ਰਿਹਾ। ਸਰਬੱਤ ਗੁਰੂ ਨਾਨਕ ਨਾਮ ਲੇਵਾ ਮਾਈ-ਭਾਈ ਆਪਣੀ ਕਿਰਤ-ਕਮਾਈ ਵਿੱਚੋਂ ਦਸਵੰਧ ਕੱਢ ਕੇ ਪਿੰਗਲਵਾੜਾ ਸੰਸਥਾ ਨੂੰ ਨਕਦ, ਚੈੱਕ, ਡਰਾਫਟ ਰਾਹੀਂ ਭੇਜੋ। ਇਹ ਹੀ ਭਗਤ ਪੂਰਨ ਸਿੰਘ ਜੀ ਨੂੰ ਸੱਚੀ-ਸੁੱਚੀ ਸ਼ਰਧਾਂਜਲੀ ਹੋਵੇਗੀ। ਆਲ ਇੰਡੀਆ ਪਿੰਗਲਵਾੜਾ ਸੁਸਾਇਟੀ (ਰਜਿ:) ਅੰਮ੍ਰਿਤਸਰ ਵੱਲੋਂ ਭਗਤ ਪੂਰਨ ਸਿੰਘ ਜੀ ਦੀ 33ਵੀਂ ਬਰਸੀ 1 ਤੋਂ 5 ਅਗਸਤ ਦਿਨ ਸ਼ੁੱਕਰਵਾਰ ਤੋਂ ਮੰਗਲਵਾਰ ਤੱਕ ਪਿੰਗਲਵਾੜਾ ਮਾਨਾਂਵਾਲਾ ਬਰਾਂਚ ਅਤੇ ਮੁੱਖ ਦਫ਼ਤਰ ਜੀ.ਟੀ. ਰੋਡ, ਅੰਮ੍ਰਿਤਸਰ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। 1 ਅਗਸਤ ਦਿਨ ਸ਼ੁੱਕਰਵਾਰ ਨੂੰ ਮੁੱਖ ਦਫ਼ਤਰ ਤਹਿਸੀਲਪੁਰਾ ਰੋਡ, ਨੇੜੇ ਬੱਸ ਸਟੈਂਡ, ਅੰਮ੍ਰਿਤਸਰ ਵਿਖੇ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਪ੍ਰਾਇਮਰੀ ਤੱਕ ਦੇ ਬੱਚਿਆਂ ਅਤੇ ਮਰੀਜ਼ਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। 2 ਅਗਸਤ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਮਾਨਾਂਵਾਲਾ ਬ੍ਰਾਂਚ ਵਿਖੇ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ। 3 ਅਗਸਤ ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਮੁੱਖ ਦਫ਼ਤਰ ਤਹਿਸੀਲਪੁਰਾ ਰੋਡ, ਨੇੜੇ ਬੱਸ ਸਟੈਂਡ, ਅੰਮ੍ਰਿਤਸਰ ਵਿਖੇ ਪਿੰਗਲਵਾੜਾ ਦੇ ਮਰੀਜ਼ਾਂ ਅਤੇ ਸਕੂਲੀ ਬੱਚਿਆਂ ਦੀਆਂ ਬਣਾਈਆਂ ਕਲਾ ਕਿਰਤੀਆਂ, ਕੁਦਰਤੀ ਖੇਤੀ, ਅੰਗਹੀਣਾਂ ਵਾਸਤੇ ਮੁਫ਼ਤ ਮਸਨੂਈ ਅੰਗ ਅਤੇ ਫਿਜ਼ੀਓਥਰੈਪੀ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ। 4 ਅਗਸਤ ਦਿਨ ਸੋਮਵਾਰ ਨੂੰ ਸਵੇਰੇ 10 ਵਜੇ ਤੋਂ 1.50 ਵਜੇ ਤੱਕ ਉਪਰੋਕਤ ਸਥਾਨ ਤੇ ਸੱਭਿਆਚਾਰ ਅਤੇ ਆਚਰਣ ਵਿਸ਼ੇ ਤੇ ਸੈਮੀਨਾਰ ਹੋਵੇਗਾ। ਜਿਸ ਵਿੱਚ ਸ੍ਰ: ਹਰਵਿੰਦਰ ਸਿੰਘ ਭੱਟੀ, ਡਾ: ਸਵਰਾਜਬੀਰ ਸਿੰਘ, ਡਾ: ਪਿਆਰਾ ਲਾਲ ਗਰਗ, ਸ੍ਰ: ਹਮੀਰ ਸਿੰਘ ਅਤੇ ਸ੍ਰ: ਸੁਮੇਲ ਸਿੰਘ ਉਚੇਚੇ ਤੌਰ ਤੇ ਹਾਜ਼ਰੀ ਭਰਨਗੇ। 5 ਅਗਸਤ ਦਿਨ ਮੰਗਲਵਾਰ ਨੂੰ ਮੁੱਖ ਦਫ਼ਤਰ ਨੇੜੇ ਬੱਸ ਸਟੈਂਡ ਵਿਖੇ ਸਵੇਰੇ ਸਾਢੇ ਅੱਠ ਵਜੇ ਸ੍ਰੀ ਸਹਿਜ ਪਾਠ ਦਾ ਭੋਗ ਪਾਇਆ ਜਾਵੇਗਾ ਉਪਰੰਤ ਭਾਈ ਜਸਬੀਰ ਸਿੰਘ ਜੀ ਅਤੇ ਪਿੰਗਲਵਾੜੇ ਦੇ ਬੱਚਿਆਂ ਵੱਲੋਂ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਜੋੜਿਆ ਜਾਵੇਗਾ। ਦੁਪਹਿਰ 12 ਵਜੇ ਤੋਂ 1.30 ਵਜੇ ਤੱਕ ਭਗਤ ਪੂਰਨ ਸਿੰਘ ਜੀ ਦੇ ਜੀਵਨ ਅਤੇ ਵਾਤਾਵਰਨ ਸੰਬੰਧੀ ਵਿਚਾਰਾਂ ਹੋਣਗੀਆਂ। ਦੁਪਹਿਰ 1.30 ਵਜੇ ਤੋਂ 2 ਵਜੇ ਤੱਕ ਪਿੰਗਲਵਾੜਾ ਸੋਵੀਨਰ ਅਤੇ ਪੁਸਤਕਾਂ ਦੀ ਘੁੰਡ ਚੁਕਾਈ ਕੀਤੀ ਜਾਵੇਗੀ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**-ਕਰਨੈਲ ਸਿੰਘ ਐੱਮ.ਏ.ਲੁਧਿਆਣਾ**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ,**
**ਗਲੀ ਨੰਬਰ-1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ।**

## ਗੁਰੂ ਤੇਗ ਬਹਾਦੁਰ ਸਾਹਿਬ ਜੀ 350 ਸਹੀਦੀ ਦਿਵਸ ਨੂੰ ਸਮਰਪਿਤ ਦਮਦਮੀ ਟਕਸਾਲ ਵੱਲੋਂ ਸਮਾਗਮ ਅੱਜ ਤੋਂ ਸ਼ੁਰੂ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਤੇ ਮੁੱਖ ਬੁਲਾਰਾ



**ਚੌਂਕ ਮਹਿਤਾ, 1 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਤਖਤ ਸਾਹਿਬ ਤਖਤ ਦਮਦਮਾ ਸਾਹਿਬ ਵਿੱਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 350 ਸਹੀਦੀ ਦਿਵਸ ਅਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 350 ਗੁਰਤਾਗੱਦੀ ਦਿਵਸ ਅਤੇ ਦਮਦਮੀ ਟਕਸਾਲ ਦੇ 319 ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਅੱਜ1 ਅਗਸਤਲ2025 ਦਿਨ ਸ਼ੁੱਕਰਵਾਰ ਤੋਂ 7 ਅਗਸਤ 2025 ਦਿਨ ਵੀਰਵਾਰ ਤੱਕ ਪਵਿੱਤਰ ਪਾਵਨ ਅਸਥਾਨ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਬਠਿੰਡਾ ਵਿੱਖੇ ਕਰਵਾਏ ਜਾ ਰਹੇ ਹਨ ਸਵੇਰੇ ਰੋਜਾਨਾ 6-15 ਵਜੇ ਤੋਂ 7-00 ਵਜੇ ਤੱਕ ਅਤੇ ਸਾਮ ਨੂੰ ਕਥਾ ਦਾ ਸਮਾਂ : ਸਾਮ 5:30 ਵਜੇ ਤੋਂ 6:15 ਤੱਕ ਕਥਾ ਦਾ ਸਮਾ ਹੋਵੇਗਾ। ਆਰੰਭ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ 5 ਅਗਸਤ 2025 ਦਿਨ ਮੰਗਲਵਾਰ ਨੂੰ ਸਮਾ ਸਵੇਰੇ 8 ਵਜੇ ਭੋਗ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ 7 ਅਗਸਤ ਦਿਨ ਵੀਰਵਾਰ 2025 ਸਵੇਰੇ 8:30 ਵਜੇ ਪੈਣਗੇ। ਉਪਰੰਤ ਸਵੇਰੇ 9:30 ਵਜੇ ਤੋਂ 2ਵਜੇ ਤੱਕ ਸਮਾਨ ਗੁਰਮਤਿ ਸਮਾਗਮ ਹੋਣਗੇ, ਜਿਸ ਵਿੱਚ ਸੰਤ ਮਹਾਪੁਰਸ਼ ਹਾਜਰੀਆ ਭਰਨਗੇ। 6 ਅਤੇ 7 ਅਗਸਤ ਨੂੰ ਵਰਤਮਾਨ ਮੁੱਖੀ ਦਮਦਮੀ ਟਕਸਾਲ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁੱਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ ਕਥਾ ਕਰਨਗੇ। ਇਹ ਜਾਣਕਾਰੀ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਸ੍ਰੀ ਆਨੰਦਪੁਰ ਵਾਲਿਆਂ ਨੇ ਦਿੱਤੀ। ਅਤੇ ਬੇਨਤੀ ਕੀਤੀ ਕਿ ਇੰਨਾਂ ਸਮਾਗਮ ਵਿੱਚ ਹਾਜਰੀ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ ਗੁਰੂ ਜੀ ਦੇ ਲੰਗਰ ਅਟੁੱਟ ਵਰਤਨਗੇ। ਇਸ ਸਮਾਗਮ ਵਿੱਚ ਸੰਤ, ਮਹਾਪੁਰਸ਼, ਨਿਹੰਗ ਸਿੰਘ, ਸਮਾਜ ਸੇਵੀ ਅਤੇ ਸਮੂਹ ਇਲਾਕੇ ਸੰਗਤਾਂ ਅਤੇ ਐਨ ਆਰ ਆਈ ਸੰਗਤਾਂ ਵੀ ਹਾਜਰੀਆ ਭਰਨਗੀਆ।

ਆਵਾਜ਼ਿ ਕੌਮ AWAZE QAUM International Newspaper & WEB TV

## ਪ੍ਰਦੂਸ਼ਿਤ ਹੋ ਰਹੇ ਵਾਤਾਵਰਣ ਨੂੰ ਬਚਾਉਣਾ ਲਈ ਗੁਰੂ ਨਾਨਕ ਦੇਵ ਗਲੋਬਲ ਅਕੈਡਮੀ ਅੱਡਾ ਨਾਥ ਦੀ ਖੂੰਹੀ (ਚੰਨਣਕੇ) ਰੁੱਖ ਲਗਾਏ



**ਚੌਂਕ ਮਹਿਤਾ, 1 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਰ ਵਿਦਿਆ ਸੰਸਥਾ ਗੁਰੂ ਨਾਨਕ ਦੇਵ ਗਲੋਬਲ ਅਕੈਡਮੀ ਅੱਡਾ ਨਾਥ ਦੀ ਖੂੰਹੀ ( ਚੰਨਣਕੇ) ਦੇ ਮੁੱਖੀ ਸ, ਕੁਲਜੀਤ ਸਿੰਘ ਬਾਠ ਦੀ ਅਗਵਾਈ ਹੇਠ ਅਕੈਡਮੀ ਦੇ ਆਲੇ ਦੁਆਲੇ ਸਟਾਫ ਅਤੇ ਬੱਚਿਆਂ ਵੱਲੋਂ ਛਾਂਦਾਰ, ਫੁੱਲਦਾਰ ਫਲਦਾਰ ਪੌਦੇ ਲਗਾਏ ਗਏ। ਇਸ ਮੌਕੇ ਤੇ ਸ, ਕੁਲਜੀਤ ਸਿੰਘ ਬਾਠ ਨੇ ਕਿਹਾ ਕਿ ਦਿਨੋ-ਦਿਨ ਪ੍ਰਦੂਸ਼ਿਤ ਹੋ ਰਹੇ ਵਾਤਾਵਰਣ ਨੂੰ ਬਚਾਉਣਾ ਜਿਥੇ ਸਾਡਾ ਸਾਰਿਆਂ ਦਾ ਫਰਜ ਬਣਦਾ ਹੈ ,ਉਥੇ ਆਵਾਜਾਈ ਦੇ ਸਾਧਨ ਸਾਡੇ ਸ਼ੁੱਧ ਵਾਤਾਵਰਣ ਨੂੰ ਗੰਧਲਾ ਕਰਨ ਵਿੱਚ ਅਹਿਮ ਰੋਲ ਅਦਾ ਕਰ ਰਹੇ ਹਨ, ਕਿਉਂ ਜੋ ਇਨ੍ਹਾਂ ਸਾਧਨਾਂ ਤੋਂ ਉੱਠਣ ਵਾਲਾ ਧੂਆਂ ਹਵਾ ਵਿੱਚ ਫੈਲ ਰਿਹਾ ਹੈ ਜਿਸ ਕਾਰਨ ਆਮ ਵਿਅਕਤੀ ਨੂੰ ਸ਼ੁੱਧ ਆਕਸੀਜਨ ਨਸੀਬ ਨਹੀਂ ਹੋ ਰਹੀ। ਦਿਨੋ ਦਿਨ ਲੋਕ ਦਰੱਖਤਾਂ ਦੀ ਕਟਾਈ, ਕੁਝ ਲੋਕ ਸੜਕਾਂ ਦੇ ਕੰਢਿਆਂ ਤੇ ਦਰੱਖਤਾਂ ਨੂੰ ਅੱਗ ਨਾਲ ਸਾੜੀ ਜਾਦੇ ਹਨ ਜਿਵੇਂ ਪਰਾਲੀ ਨਾੜ ਨੂੰ ਅੱਗ ਲਾਕੇ ਬਹੁਤ ਸਾਰੇ ਪੌਦਿਆਂ ਨੂੰ ਅੱਗ ਦੇ ਹਵਾਲੇ ਕਰੀਂ ਜਾਂਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ, ਅਤੇ ਉਨ੍ਹਾਂ ਦੀ ਆਪਣੇ ਬੱਚਿਆਂ ਵਾਂਗਰ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਪ੍ਰਿੰਸੀਪਲ ਰਿਤੂ ਖਨੇਜਾ, ਮੁੱਖ ਪ੍ਰੰਬਧਕ ਮੈਡਮ ਮਨਜੀਤ ਕੌਰ, ਮੈਡਮ ਨੀਤੂ ਸਰਮਾ, ਮੈਡਮ ਸੰਦੀਪ ਕੌਰ, ਮੈਡਮ ਮੀਨੂੰ ਸਰਮਾ, ਮੈਡਮ ਅਦਤੀ, ਮਾਲੀ ਨੰਦ ਕਿਸ਼ੋਰ ਅਤੇ ਸਮੂਹ ਸਟਾਫ, ਵਿਦਿਆਰਥੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਰਾਜਸਥਾਨ ਅਧਿਕਾਰੀਆਂ ਦੀ ਗਲਤੀ ਕਾਰਨ ਪ੍ਰੀਖਿਆ ਵਿੱਚ ਬੈਠਣ ਤੋਂ ਵਾਂਝੇ ਰਹਿ ਗਏ ਸਿੱਖ ਉਮੀਦਵਾਰ ਦੀ ਪ੍ਰੀਖਿਆ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ - ਸਤਨਾਮ ਸਿੰਘ ਗੰਭੀਰ

**ਨਵੀਂ ਦਿੱਲੀ 1 ਅਗਸਤ (ਮਨਪ੍ਰੀਤ ਸਿੰਘ ਖਾਲਸਾ )**:- ਰਾਜਸਥਾਨ ਵਿੱਚ ਇੱਕ ਗੁਰਸਿੱਖ ਲੜਕੀ ਨੂੰ ਪ੍ਰੀਖਿਆ ਦੌਰਾਨ ਕਿਰਪਾਨ ਪਹਿਨਣ ਕਾਰਨ ਪ੍ਰੀਖਿਆ ਵਿੱਚ ਬੈਠਣ ਦੀ ਇਜਾਜ਼ਤ ਨਾ ਦਿੱਤੇ ਜਾਣ ਦਾ ਸਿੱਖ ਭਾਈਚਾਰੇ ਵੱਲੋਂ ਵਿਰੋਧ ਕੀਤੇ ਜਾਣ ਤੋਂ ਬਾਅਦ, ਰਾਜਸਥਾਨ ਸਰਕਾਰ ਵੱਲੋਂ ਸਿੱਖ ਉਮੀਦਵਾਰਾਂ ਨੂੰ ਕਿਰਪਾਨ ਪਹਿਨ ਕੇ ਪ੍ਰੀਖਿਆ ਵਿੱਚ ਬੈਠਣ ਦੀ ਇਜਾਜ਼ਤ ਦੇਣ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਈਸਟ ਇੰਡੀਆ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਸਰਕਾਰ ਨੂੰ ਇਹ ਕਦਮ ਬਹੁਤ ਪਹਿਲਾਂ ਚੁੱਕਣਾ ਚਾਹੀਦਾ ਸੀ। ਉਨ੍ਹਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਅਧਿਕਾਰੀਆਂ ਦੀ ਗਲਤੀ ਕਾਰਨ ਪ੍ਰੀਖਿਆ ਵਿੱਚ ਬੈਠਣ ਤੋਂ ਵਾਂਝੇ ਰਹਿ ਗਏ ਸਿੱਖ ਉਮੀਦਵਾਰ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ ਅਤੇ ਉਸਨੂੰ ਪ੍ਰੀਖਿਆ ਵਿੱਚ ਬੈਠਣ ਦਾ ਮੌਕਾ ਦਿੱਤਾ ਜਾਵੇ, ਤਾਂ ਜੋ ਉਸਨੂੰ ਇਨਸਾਫ ਮਿਲ ਸਕੇ। ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਭਾਰਤੀ ਸੰਵਿਧਾਨ ਅਨੁਸਾਰ, ਸਿੱਖਾਂ ਨੂੰ ਪਹਿਲਾਂ ਹੀ ਕਿਰਪਾਨ ਪਹਿਨਣ ਦਾ ਪੂਰਾ ਅਧਿਕਾਰ ਹੈ ਅਤੇ ਸਿੱਖ ਆਚਾਰ ਸੰਹਿਤਾ ਅਨੁਸਾਰ, ਕੋਈ ਵੀ ਅੰਮ੍ਰਿਤਧਾਰੀ ਸਿੱਖ ਆਪਣੇ ਸਰੀਰ ਤੋਂ ਪੰਜ ਕਕਾਰ ਨਹੀਂ ਉਤਾਰ ਸਕਦਾ। ਇਸ ਲਈ, ਨਿਯਮਤ ਨਿਯਮ ਹਨ, ਜਿਨ੍ਹਾਂ ਨੂੰ ਅਕਸਰ ਅਣਦੇਖਾ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਬਾਰੇ ਸਾਰਿਆਂ ਨੂੰ ਪਤਾ ਹੋਣ ਦੇ ਬਾਵਜੂਦ, ਪਿਛਲੇ ਕੁਝ ਦਿਨਾਂ ਵਿੱਚ, ਅੰਮ੍ਰਿਤਧਾਰੀ ਸਿੱਖ ਵਿਦਿਆਰਥੀਆਂ ਨੂੰ ਕਈ ਥਾਵਾਂ 'ਤੇ ਧਾਰਮਿਕ ਚਿੰਨ੍ਹ ਕਕਾਰਾਂ ਨੂੰ ਉਤਾਰਨ ਲਈ ਮਜਬੂਰ ਕੀਤਾ ਗਿਆ ਅਤੇ ਵਿਰੋਧ ਕਰਨ 'ਤੇ ਉਨ੍ਹਾਂ ਨੂੰ ਪ੍ਰੀਖਿਆਵਾਂ ਵਿੱਚ ਬੈਠਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਪੰਜ ਕਕਾਰ ਸਿੱਖ ਪਛਾਣ ਅਤੇ ਮੌਲਿਕ ਅਧਿਕਾਰਾਂ ਨੂੰ ਦਰਸਾਉਂਦੇ ਹਨ, ਜਿਨ੍ਹਾਂ ਦਾ ਸਾਰਿਆਂ ਨੂੰ ਸਤਿਕਾਰ ਕਰਨਾ ਚਾਹੀਦਾ ਹੈ। ਫੈਡਰੇਸ਼ਨ ਪ੍ਰਧਾਨ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਰਾਜ ਸਰਕਾਰਾਂ ਨੂੰ ਭਾਰਤੀ ਸੰਵਿਧਾਨ ਤਹਿਤ ਸਿੱਖਾਂ ਨੂੰ ਦਿੱਤੇ ਗਏ ਅਧਿਕਾਰਾਂ ਦੀ ਰੱਖਿਆ ਕਰਨ ਲਈ ਨਿਰਦੇਸ਼ ਦੇਣ ਤਾਂ ਜੋ ਸਿੱਖ ਵਿਦਿਆਰਥੀਆਂ 'ਤੇ ਅਜਿਹੇ ਅੱਤਿਆਚਾਰਾਂ ਨੂੰ ਰੋਕਿਆ ਜਾ ਸਕੇ, ਜਿਸ ਲਈ ਪ੍ਰੀਖਿਆ ਸਟਾਫ ਨੂੰ ਪ੍ਰੀਖਿਆਵਾਂ ਦੌਰਾਨ ਸਿੱਖ ਕਕਾਰਾਂ ਨੂੰ ਹਟਾਉਣ ਦੇ ਨਿਰਦੇਸ਼ ਜਾਰੀ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸੰਵਿਧਾਨ ਦੇ ਵਿਰੁੱਧ ਜਾ ਕੇ ਸਿੱਖ ਵਿਦਿਆਰਥੀਆਂ ਨੂੰ ਤੰਗ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਅਜਿਹੀਆਂ ਕਾਰਵਾਈਆਂ ਨੂੰ ਰੋਕਿਆ ਜਾ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕੋਟਨਿ ਕੋਟਿ ਧੰਨਵਾਦ

# ਸ਼ੁਕਰਾਨੇ ਦੀ ਅਰਦਾਸ

ਸਨਿੱਚਰਵਾਰ 30 ਅਗਸਤ 2025 ਸ਼ਾਮ 3 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣਗੇ। ਉਪੰਰਤ 5 ਵਜੇ ਤੱਕ ਦੀਵਾਨ ਸੱਜਣਗੇ

ਸਰਦਾਰ ਜਤਿੰਦਰ ਸਿੰਘ ਮੰਡ ਦੇ ਘਰ ਪੁੱਤਰ ਕਾਕਾ ਫ਼ਤਹਿ ਫੁਰਮਾਨ ਸਿੰਘ ਦੀ ਦਾਤ ਪ੍ਰਾਪਤ ਹੋਈ। ਸਮੂੰਹ ਮੰਡ ਪਰਿਵਾਰ ਦਾਦਾ ਅਤੇ ਦਾਦੀ ਵੱਲੋਂ ਰਿਸ਼ਤੇਦਾਰ ਸਾਕ ਸਬੰਧੀ ਯਾਰਾਂ ਦੋਸਤਾਂ ਨੂੰ ਬੇਨਤੀ ਹੈ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

--✶ ਗੁਰੂ ਪੰਥ ਦੇ ਸੇਵਾਦਾਰ ✶--

# ਸਮੂਹ ਮੰਡ ਪਰਿਵਾਰ


## ਅਤੇ ਸਾਕ-ਸਬੰਧੀ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 1, 2 ਅਤੇ 3 ਅਗਸਤ 2025 ਨੂੰ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

• ਸਲਾਨਾ ਬਰਸੀ ਸੰਤ ਬਾਬਾ ਨਿਧਾਨ ਸਿੰਘ ਜੀ ਨਾਂਦੇੜ (ਸ਼੍ਰੀ ਹਜ਼ੂਰ ਸਾਹਿਬ ਵਾਲੇ) • ਸੰਪੂਰਨਤਾ ਦਿਵਸ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 2 ਅਗਸਤ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ।

ਐਤਵਾਰ 3 ਅਗਸਤ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ।

ਕਥਾ ਵਾਚਕ ਗਿਆਨੀ ਸੁਰਜੀਤ ਸਿੰਘ ਖੰਡੇਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਨਗਰ ਸੇਸਤੋ ਦੀ ਸਿੱਖ ਸੰਗਤਾਂ ਵੱਲੋਂ ਲਈ ਗਈ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਟੀ.ਐਸ.ਯੂ. ਸਬਅਰਬਨ ਉਪ ਮੰਡਲ ਦੀ ਚੋਣ 'ਚ

# ਸੇਖੋਂ ਪ੍ਰਧਾਨ ਤੇ ਚੀਮਾਂ ਮੀਤ ਪ੍ਰਧਾਨ ਚੁਣੇ ਗਏ



ਜਗਰਾਉਂ- (ਵਰਿਆਮ ਹਠੂਰ) ਬਿਜਲੀ ਮੁਲਾਜ਼ਮਾਂ ਦੀ ਜੁਝਾਰੂ ਜੱਥੇਬੰਦੀ ਟੈਕਨੀਕਲ ਸਰਵਿਸਿਜ਼ ਯੂਨੀਅਨ ਸਬਅਰਬਨ ਉਪ ਮੰਡਲ ਜਗਰਾਉਂ ਦਾ ਚੋਣ ਇਜ਼ਲਾਸ ਹੋਇਆ। ਜਿਸ ਦੀ ਪ੍ਰਧਾਨਗੀ ਡਵੀਜ਼ਨ ਪ੍ਰਧਾਨ ਹਰਵਿੰਦਰ ਸਿੰਘ ਸਵੱਦੀ, ਸਕੱਤਰ ਅਵਤਾਰ ਸਿੰਘ ਕਲੇਰ ਵੱਲੋਂ ਕੀਤੀ ਗਈ ਅਤੇ ਚੋਣ ਇਜ਼ਲਾਸ ਵਿੱਚ ਟੀ.ਐਸ.ਯੂ. ਦੇ ਸਾਬਕਾ ਜ਼ੋਨਲ ਪ੍ਰਧਾਨ ਤੇ ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਕੁਲਵੰਤ ਸਿੰਘ ਢੋਲਣ, ਸਕੱਤਰ ਅਜਮੇਰ ਸਿੰਘ ਕਲੇਰ, ਟੀ.ਐਸ.ਯੂ. ਦੇ ਜ਼ੋਨਲ ਪ੍ਰਧਾਨ ਦਲਜੀਤ ਸਿੰਘ ਜੱਸੋਵਾਲ, ਸਬਅਰਬਨ ਸਰਕਲ ਲੁਧਿਆਣਾ ਦੇ ਪ੍ਰਧਾਨ ਅਵਤਾਰ ਸਿੰਘ ਬੱਸੀਆਂ ਵਿਸ਼ੇਸ਼ ਤੌਰਤੇ ਸ਼ਾਮਲ ਹੋਏ। ਜੱਥੇਬੰਦੀ ਦੇ ਚੱਲੇ ਆ ਰਹੇ ਸਕੱਤਰ ਸੁਖਵਿੰਦਰ ਸਿੰਘ ਜੇਈ ਵੱਲੋਂ ਪਿਛਲੇ ਦੋ ਸਾਲਾਂ ਦੀ ਰਿਪੋਰਟ ਅਤੇ ਕੈਸ਼ੀਅਰ ਕੁਲਦੀਪ ਸਿੰਘ ਮਲਕ ਵੱਲੋਂ ਲੇਖਾ-ਜ਼ੋਖਾ ਪੇਸ਼ ਕੀਤਾ ਗਿਆ। ਜਿਸ ਨੂੰ ਹਾਜ਼ਰ ਡੈਲੀਗੇਟ ਸਾਥੀਆਂ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਅਤੇ ਅਗਲੀ ਚੋਣ ਕਰਵਾਉਣ ਲਈ ਉਪ ਮੰਡਲ ਸਬਅਰਬਨ ਜਗਰਾਉਂ ਦੇ ਪ੍ਰਧਾਨ ਬੂਟਾ ਸਿੰਘ ਮਲਕ ਵੱਲੋਂ ਪੁਰਾਣੀ ਕਮੇਟੀ ਨੂੰ ਭੰਗ ਕਰ ਦਿੱਤਾ ਗਿਆ। ਇਸ ਉਪਰੰਤ ਟੀ.ਐਸ.ਯੂ.ਸਬਅਰਬਨ ਉਪ ਮੰਡਲ ਜਗਰਾਉਂ ਦੀ ਹੋਈ ਚੋਣ ਵਿੱਚ ਹਾਜ਼ਰ ਡੈਲੀਗੇਟਾਂ ਨੇ ਸਰਬਸੰਮਤੀ ਨਾਲ ਭੁਪਿੰਦਰ ਸਿੰਘ ਸੇਖੋਂ ਨੂੰ ਪ੍ਰਧਾਨ ਅਤੇ ਪਰਮਜੀਤ ਸਿੰਘ ਚੀਮਾਂ ਨੂੰ ਮੀਤ ਪ੍ਰਧਾਨ ਚੁਣ ਲਿਆ ਗਿਆ ਅਤੇ ਬਾਕੀ ਚੁਣੀ ਗਈ ਕਮੇਟੀ ਵਿੱਚ ਸੁਖਵਿੰਦਰ ਸਿੰਘ ਕਾਕਾ ਜੇਈ ਨੂੰ ਸਕੱਤਰ, ਮਨਜੀਤ ਕੁਮਾਰ ਨੂੰ ਸਹਾਇਕ ਸਕੱਤਰ, ਕੁਲਦੀਪ ਸਿੰਘ ਮਲਕ ਨੂੰ ਕੈਸ਼ੀਅਰ, ਰਾਮ ਚੰਦਰ ਨੂੰ ਸਹਾਇਕ ਕੈਸ਼ੀਅਰ, ਜਗਜੀਤ ਸਿੰਘ ਦੇਹੜਕਾ ਨੂੰ ਪ੍ਰੈਸ ਸਕੱਤਰ ਅਤੇ ਅਵਤਾਰ ਸਿੰਘ ਕਲੇਰ ਨੂੰ ਦਫਤਰੀ ਸਕੱਤਰ ਸਰਬਸੰਮਤੀ ਨਾਲ ਚੁਣਿਆ ਗਿਆ। ਇਸ ਮੌਕੇ ਬਿਜਲੀ ਮੁਲਾਜ਼ਮਾਂ ਨੂੰ ਸੰਬੋਧਨ ਕਰਦੇ ਹੋਏ ਸਾਬਕਾ ਜ਼ੋਨਲ ਪ੍ਰਧਾਨ ਕੁਲਵੰਤ ਸਿੰਘ ਢੋਲਣ ਨੇ ਜੱਥੇਬੰਦੀ ਦੇ ਸਾਬਕਾ ਸੂਬਾ ਪ੍ਰਧਾਨ ਅਮਰਜੀਤ ਸਿੰਘ ਸੋਢੀ ਨੂੰ ਲਾਲ ਸਲਾਮ ਦਿੰਦਿਆਂ ਉਹਨਾਂ ਵੱਲੋਂ ਲੋਕ ਘੋਲਾਂ ਵਿੱਚ ਪਾਏ ਯੋਗਦਾਨ ਨੂੰ ਯਾਦ ਕੀਤਾ ਗਿਆ ਅਤੇ ਉਹਨਾਂ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਨਵੇਂ ਸਾਥੀਆਂ ਨੂੰ ਪ੍ਰੇਰਿਤ ਕੀਤਾ। ਜ਼ੋਨਲ ਪ੍ਰਧਾਨ ਦਲਜੀਤ ਸਿੰਘ ਜੱਸੋਵਾਲ ਨੇ ਜੱਥੇਬੰਦਕ ਚੋਣਾਂ ਦਾ ਵਿਸਥਾਰ ਦਿੰਦਿਆਂ ਮੁਲਾਜ਼ਮ ਜੱਥੇਬੰਦੀਆਂ ਵੱਲੋਂ ਸੂਬਾ ਸਰਕਾਰ ਵਿਰੁੱਧ ਵਿੱਢੇ ਸੰਘਰਸ਼ ਵਿੱਚ ਸ਼ਾਮਲ ਹੋਣ ਲਈ ਬਿਜਲੀ ਮੁਲਾਜ਼ਮਾਂ ਨੂੰ ਲਾਮਬੰਦ ਕੀਤਾ ਅਤੇ ਸਰਕਲ ਪ੍ਰਧਾਨ ਅਵਤਾਰ ਸਿੰਘ ਬੱਸੀਆਂ ਨੇ ਆਖਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਕਰਨ ਤੋਂ ਟਾਲਾ ਵੱਟ ਰਹੀ ਹੈ, ਜਿਸ ਕਾਰਨ ਸਮੁੱਚੇ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਲਈ 11, 12 ਅਤੇ 13 ਅਗਸਤ ਨੂੰ ਸਮੁੱਚੇ ਬਿਜਲੀ ਮੁਲਾਜ਼ਮ ਸਮੂਹਿਕ ਅਚਨਚੇਤ ਛੁੱਟੀ 'ਤੇ ਚਲੇ ਜਾਣਗੇ ਅਤੇ ਇਸ ਦੌਰਾਨ ਜੇਕਰ ਸਮੁੱਚੇ ਪੰਜਾਬ ਅੰਦਰ ਬਲੈਕ ਆਊਟ ਹੁੰਦਾ ਹੈ, ਤਾਂ ਇਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਲਜੀਤ ਸਿੰਘ ਜੇਈ, ਮਨਪ੍ਰੀਤ ਸਿੰਘ ਜੇਈ, ਹਰਦੀਪ ਸਿੰਘ ਢੋਲਣ, ਲਪਿੰਦਰ ਸਿੰਘ ਗੰਢੂਆਂ, ਅਮਨਪ੍ਰੀਤ ਸਿੰਘ, ਸਨਮਪ੍ਰੀਤ ਸਿੰਘ, ਅਮਨਦੀਪ ਸਿੰਘ ਡੱਲਾ, ਮਨਦੀਪ ਸਿੰਘ, ਸੁਰਿੰਦਰ ਸਿੰਘ 'ਛਿੰਦਾ ਕਲੇਰ', ਜਗਰੂਪ ਸਿੰਘ, ਮਹਿੰਦਰ ਸਿੰਘ, ਇਕਬਾਲ ਸਿੰਘ ਕਲੇਰ, ਜਗਜੀਤ ਸਿੰਘ ਫੋਰਮੈਨ, ਜਗਦੀਪ ਸਿੰਘ ਡੱਲਾ, ਕੋਮਲ ਸ਼ਰਮਾਂ, ਹਰਬੰਸ ਸਿੰਘ, ਅਮ੍ਰਿਤਪਾਲ ਸਿੰਘ ਸਲੇਮਗੜ੍ਹ, ਗੁਰਸ਼ਰਨਵੀਰ ਸਿੰਘ ਅਖਾੜਾ, ਅਮਰਜੀਤ ਸਿੰਘ ਮਲਕ, ਅਵਤਾਰ ਸਿੰਘ ਮਾਣੂੰਕੇ, ਸੁਖਜਿੰਦਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬਿਜਲੀ ਮੁਲਾਜ਼ਮ ਹਾਜ਼ਰ ਸਨ।

**ਮੁਲਾਜ਼ਮ ਜਥੇਬੰਦੀਆਂ ਵੱਲੋਂ ਸੂਬਾ ਸਰਕਾਰ ਵਿਰੁੱਧ ਵਿੱਢੇ ਸੰਘਰਸ਼ ਵਿੱਚ ਸ਼ਾਮਲ ਹੋਣ ਲਈ ਬਿਜਲੀ ਮੁਲਾਜ਼ਮਾਂ ਨੂੰ ਲਾਮਬੰਦ ਕੀਤਾ**

### ਲੋਕ ਸਮੱਸਿਆਵਾਂ ਦੇ ਹੱਲ ਲਈ

# ਬਿਲਕੁਲ ਵੀ ਸੰਜੀਦਾ ਨਹੀ 'ਆਪ' ਸਰਕਾਰ- ਜੀਤਮਹਿੰਦਰ ਸਿੰਘ ਸਿੱਧੂ





**ਤਲਵੰਡੀ ਸਾਬੋ, 1 ਅਗਸਤ (ਗੁਰਜੰਟ ਸਿੰਘ ਨਥੇਹਾ)**-ਸੂਬੇ ਦੀ ਅਵਾਮ ਨਾਲ ਵੱਡੇ ਵੱਡੇ ਵਾਇਦੇ ਅਤੇ ਦਾਅਵਿਆਂ ਨਾਲ ਭਾਰੀ ਜਨ ਸਮੱਰਥਨ ਹਾਸਿਲ ਕਰਕੇ ਸੱਤਾ ਤੇ ਕਾਬਿਜ਼ ਹੋਈ ਆਮ ਆਦਮੀ ਪਾਰਟੀ ਸਰਕਾਰ ਨੇ ਆਪਣੇ ਹੁਣ ਤੱਕ ਦੇ ਕਾਰਜਕਾਲ ਦੌਰਾਨ ਲੋਕ ਭਲਾਈ ਦਾ ਕੋਈ ਵੀ ਕੰਮ ਨਹੀ ਕੀਤਾ ਜਿਸ ਕਰਕੇ ਹੁਣ ਆਮ ਲੋਕਾਂ 'ਚ ਇਹ ਧਾਰਣਾ ਬਣ ਗਈ ਹੈ ਕਿ ਇਹ ਸਰਕਾਰ ਲੋਕ ਸਮੱਸਿਆਵਾਂ ਦੇ ਹੱਲ ਲਈ ਬਿਲਕੁਲ ਵੀ ਸੰਜੀਦਾ ਨਹੀ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਗੱਲਬਾਤ ਦੌਰਾਨ ਕੀਤਾ।ਸਾਬਕਾ ਵਿਧਾਇਕ ਸਿੱਧੂ ਜੋ ਕਿ ਜੱਟਮਹਾਂ ਸਭਾ ਦੇ ਹਲਕਾ ਪ੍ਰਧਾਨ ਮਨਜੀਤ ਸਿੰਘ ਲਾਲੇਆਣਾ ਦੀ ਬੇਟੀ ਦੇ ਸ਼ਗਨ ਸਮਾਗਮ 'ਚ ਹਾਜ਼ਰੀ ਭਰਨ ਵਿਸ਼ੇਸ ਤੌਰ 'ਤੇ ਪੁੱਜੇ ਹੋਏ ਸਨ ਨੇ ਬਾਅਦ 'ਚ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਸਮੇਂ ਲੋਕ ਭਲਾਈ ਲਈ ਸ਼ੁਰੂ ਕੀਤੀਆਂ ਤਕਰੀਬਨ ਸਾਰੀਆਂ ਸਕੀਮਾਂ ਹੀ ਇਸ ਸਰਕਾਰ ਦੇ ਕਾਰਜਕਾਲ ਸਮੇਂ ਤੋਂ ਬੰਦ ਹੋਣ ਕਿਨਾਰੇ ਹਨ।ਵਿਦਿਆਰਥੀ ਵਜ਼ੀਫੇ ਉਡੀਕ ਰਹੇ ਹਨ ਅਤੇ ਬਜ਼ੁਰਗ ਪੈਨਸ਼ਨਾਂ ਪਰ ਇਸ ਸਰਕਾਰ ਦੇ ਆਗੂ ਸਿਰਫ ਆਪਣੇ ਨਿੱਜੀ ਹਿਤਾਂ ਦੀ ਪੂਰਤੀ ਤੱਕ ਸੀਮਿਤ ਰਹਿ ਗਏ ਹਨ। ਥਾਣਿਆਂ ਜਾਂ ਸਰਕਾਰੀ ਦਫਤਰਾਂ ਤੋਂ ਇਨਸਾਫ ਨਾ ਮਿਲਦਾ ਦੇਖ ਹੁਣ ਲੋਕਾਂ ਨੂੰ ਇਹ ਸਮਝ ਨਹੀ ਆ ਰਹੀ ਕਿ ਉਹ ਫਰਿਆਦ ਲੈ ਕੇ ਕਿਸ ਕੋਲ ਜਾਣ ਕਿਉਂਕਿ ਇਸ ਸਰਕਾਰ ਦੇ ਵਿਧਾਇਕਾਂ ਦੀ ਹਾਲਤ ਤਾਂ ਇਹ ਹੈ ਕਿ ਉਨਾਂ ਦੇ ਕਹਿਣ ਤੇ ਕਿਸੇ ਲੋੜਵੰਦ ਮੁਲਾਜ਼ਮ ਦੀ ਬਦਲੀ ਤੱਕ ਨਹੀ ਹੁੰਦੀ ਵੱਡੇ ਕੰਮ ਤਾਂ ਬਹੁਤ ਦੂਰ ਦੀ ਗੱਲ ਹੈ। ਸਿੱਧੂ ਨੇ ਦਾਅਵਾ ਕੀਤਾ ਕਿ ਪਿੰਡਾਂ ਦੀਆਂ ਪੰਚਾਇਤਾਂ ਗ੍ਰਾਂਟਾ ਦੇ ਚੈੱਕ ਉਡੀਕ ਰਹੀਆਂ ਹਨ ਉਨਾਂ ਨੂੰ ਲੋੜੀਂਦੇ ਵਿਕਾਸ ਕਾਰਜਾਂ ਲਈ ਵੀ ਪੈਸੇ ਉਪਲੱਬਧ ਨਹੀ ਕਰਵਾਏ ਜਾ ਰਹੇ ਪਰ ਜਦੋਂ ਅਸੀਂ ਗ੍ਰਾਂਟਾਂ ਵੰਡਦੇ ਸੀ ਤਾਂ ਇੱਕ ਇੱਕ ਪਿੰਡ ਨੂੰ ਕਰੋੜਾਂ ਰੁਪਏ ਦੀਆਂ ਗ੍ਰਾਂਟਾ ਦਿੱਤੀਆਂ ਹੋਈਆਂ ਹਨ ਜਿਸਦੇ ਗਵਾਹ ਪਿੰਡਾਂ ਦੇ ਵਿਕਾਸ ਕਾਰਜਾਂ ਦੇ ਅੱਜ ਵੀ ਮੌਜੂਦ ਨੀਂਹ ਪੱਥਰ ਹਨ। ਉਨਾਂ ਨਾਲ ਇਸ ਮੌਕੇ ਸੁਰਿੰਦਰ ਨੰਬਰਦਾਰ ਡੂੰਮਵਾਲੀ, ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਸੀ.ਆਗੂ ਤਰਸੇਮ ਸਿੰਘ ਲਾਲੇਆਣਾ, ਗੁਰਮੇਲ ਸਿੰਘ ਲਾਲੇਆਣਾ, ਜਸਪਾਲ ਸਿੰਘ ਭਗਵਾਨਪੁਰਾ ਆਦਿ ਮੌਜੂਦ ਸਨ।

# ਫਰਾਈ ਡੇ ਡਰਾਈ ਡੇ ਕੰਪੇਨ ਤਹਿਤ ਤਲਵੰਡੀ ਸਾਬੋ ਸਕੂਲਾਂ ਦੀ ਕੀਤੀ ਚੈਕਿੰਗ, ਮਨਾਇਆ ਫਰਾਈ ਡੇ ਡਰਾਈ ਡੇ ਦਿਹਾੜਾ




**ਤਲਵੰਡੀ ਸਾਬੋ, 25 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਸਿਹਤ ਵਿਭਾਗ ਵਲੋਂ ਫਰਾਈ ਡੇ ਡਰਾਈ ਡੇ ਕੰਪੇਨ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ, ਟੈਗੋਰ ਸੀਨੀਅਰ ਸੈਕੰਡਰੀ ਸਕੂਲ, ਸ੍ਰੀ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਵਿਖੇ ਐਕਟੀਵਿਟੀ ਕੀਤੀ ਗਈ। ਡਾ. ਤਪਿੰਦਰਜੋਤ ਸਿੰਘ ਅਤੇ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੁਲਦੀਪ ਸਿੰਘ ਮਲਟੀਪਰਪਜ ਹੈਲਥ ਸੁਪਰਵਾਈਜਰ, ਹਰਪਾਲ ਸਿੰਘ ਗਿਆਨਾ ਮਲਟੀਪਰਪਜ ਹੈਲਥ ਵਰਕਰ, ਕੁਲਦੀਪ ਸਿੰਘ ਕਮਾਲੂ ਮਲਟੀਪਰਪਜ ਹੈਲਥ ਵਰਕਰ ਅਤੇ ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਇਨ੍ਹਾਂ ਥਾਵਾਂ 'ਤੇ ਜਾ ਕੇ ਲਾਰਵੇ ਦੀ ਜਾਂਚ ਕੀਤੀ ਅਤੇ ਲੋਕਾਂ ਨੂੰ ਡੇਂਗੂ ਮਲੇਰੀਆ ਤੋਂ ਬਚਾਅ ਲਈ ਨੁਕਤੇ ਸਾਂਝੇ ਕੀਤੇ। ਇਸ ਮੌਕੇ ਉਨ੍ਹਾਂ ਕਿਹਾ ਕਿ ਡੇਂਗੂ ਦੀਆਂ ਜ਼ਿਆਦਾਤਰ ਬਿਮਾਰੀਆਂ ਬਾਰਿਸ਼ ਦੇ ਸ਼ੁਰੂਆਤੀ ਪੜਾਅ 'ਤੇ ਦਿਖਾਈ ਦਿੰਦੀਆਂ ਹਨ ਅਤੇ ਇਸ ਦੌਰਾਨ ਸਭ ਤੋਂ ਵੱਧ ਸਾਵਧਾਨੀਆਂ ਦੀ ਲੋੜ ਹੁੰਦੀ ਹੈ। ਇਸ ਬਿਮਾਰੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਵਿਭਾਗ ਵੱਲੋਂ ਡੇਂਗੂ ਪ੍ਰਤੀ ਲੋਕਾਂ ਨੂੰ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਡੇਂਗੂ ਦਾ ਲਾਰਵਾ ਮੁੱਖ ਤੌਰ 'ਤੇ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ ਅਤੇ ਜੁਲਾਈ ਤੋਂ ਅਕਤੂਬਰ ਇਸ ਦੇ ਵਾਧੇ ਲਈ ਸਭ ਤੋਂ ਅਨੁਕੂਲ ਸਮਾਂ ਹੁੰਦਾ ਹੈ। ਡੇਂਗੂ ਬੁਖਾਰ ਮਾਦਾ ਐਡੀਜ ਅਜੈਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਸ ਲਈ ਇਸ ਨੂੰ ਟਾਇਗਰ ਮੱਛਰ ਵੀ ਕਹਿੰਦੇ ਹਨ। ਇੱਕ ਹਫਤੇ ਦੇ ਅੰਦਰ-ਅੰਦਰ ਅੰਡੇ ਤੋਂ ਪੂਰਾ ਅਡੱਲਟ ਮੱਛਰ ਬਣ ਕੇ ਤਿਆਰ ਹੋ ਜਾਂਦਾ ਹੈ। ਇਹ ਮੱਛਰ ਇਕ ਚੱਮਚ ਪਾਣੀ ਵਿਚ ਵੀ ਪੈਦਾ ਹੋ ਜਾਂਦਾ ਹੈ। ਬਲਾਕ ਐਜੂਕੇਟਰ ਗੁਰਸਿਮਰਤ ਕੌਰ ਕਿਹਾ ਕਿ ਡੇਂਗੂ ਦਾ ਮੱਛਰ ਕੂਲਰਾਂ, ਕੰਨਟੇਨਰਾਂ, ਫਰਿਜ਼ ਦੇ ਪਿਛੇ ਲੱਗੀਆਂ ਟ੍ਰੇਆਂ, ਗਮਲਿਆਂ, ਘਰਾਂ ਦੀਆਂ ਛੱਤਾਂ ਉਪਰ ਪਏ ਕਬਾੜ, ਟਾਇਰ ਆਦਿ ਵਿਚ ਖੜ੍ਹੇ ਸਾਫ ਪਾਣੀ ਵਿਚ ਪੈਦਾ ਹੁੰਦਾ ਹੈ। ਇਹ ਮੱਛਰ ਜਿਆਦਾਤਰ ਸਵੇਰ ਵੇਲੇ ਸੂਰਜ ਚੜਣ ਤੋਂ ਬਾਅਦ ਅਤੇ ਸ਼ਾਮ ਨੂੰ ਸੂਰਜ ਡੁਬਣ ਵੇਲੇ ਅਤੇ ਸਰੀਰ ਦੇ ਹੇਠਲੇ ਹਿੱਸਿਆਂ ਉਤੇ ਕੱਟਦਾ ਹੈ। ਜੇ ਕਿਸੇ ਨੂੰ ਤੇਜ਼. ਬੁਖਾਰ, ਸਿਰ ਦਰਦ, ਮਾਸਪੇਸ਼ੀਆਂ ਵਿੱਚ ਦਰਦ, ਚਮੜੀ ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਸੂੜਿਆਂ ਤੇ ਨੱਕ ਵਿਚ ਖ਼ੂਨ ਵਗਣਾ ਜਿਹੇ ਲਛਣ ਦਿਖਾਈ ਦੇਣ ਤਾਂ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਬੁਖਾਰ ਹੋਣ ਤੇ ਐਸਪ੍ਰੀਨ ਅਤੇ ਬਰੂਫਨ ਨਹੀਂ ਲੈਣੀ ਚਾਹੀਦੀ ਸਿਰਫ ਪੈਰਾਸੀਟਾਮੋਲ ਡਾਕਟਰ ਦੀ ਸਲਾਹ ਨਾਲ ਹੀ ਲਵੋ। ਡੇਂਗੂ ਵਿੱਚ ਪਲੇਟਲੈਟਸ ਲਗਾਤਾਰ ਘਟਦੇ ਹਨ ਅਤੇ ਇਹ ਬਿਮਾਰੀ ਖਤਰਨਾਕ ਹੋ ਜਾਂਦੀ ਹੈ। ਡੇਂਗੂ ਦੇ ਲੱਛਣ 2 ਤੋਂ 7 ਦਿਨਾਂ ਤੱਕ ਰਹਿੰਦੇ ਹਨ। ਇਸ ਦੌਰਾਨ ਪਾਣੀ ਜਾਂ ਤਰਲ ਪਦਾਰਥ ਜਿਆਦਾ ਪੀਣੇ ਚਾਹੀਦੇ ਹਨ ਅਤੇ ਆਰਾਮ ਕਰਨਾ ਚਾਹੀਦਾ ਹੈ। ਇਸ ਮੌਕੇ ਲੋਕਾਂ ਨੂੰ ਇਸ ਮੁਹਿੰਮ ਨਾਲ ਵਿਚ ਵੱਧ ਤੋਂ ਵੱਧ ਸਾਥ ਦੇਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਟੀਮ ਦੇ ਨਾਲ ਬਰੀਡ ਚੈਕਰ ਅਤੇ ਨਰਸਿੰਗ ਵਿਦਿਆਰਥਣਾਂ ਵੀ ਹਾਜ਼ਰ ਸਨ।

## ਦਿੱਲੀ ਕਮੇਟੀ ਵਲੋਂ ਮੈਂਬਰਾਂ ਨੂੰ ਕਮੇਟੀ ਵਲੋਂ ਦਿਤੀਆਂ ਗਈਆਂ ਗੱਡੀਆਂ ਉਪਰ ਹੋ ਰਹੇ ਖਰਚੇ ਦਾ ਵੇਰਵਾ ਨਸ਼ਰ ਕਰਣ ਦੀ ਮੰਗ: ਜਸਮੀਤ ਸਿੰਘ ਪੀਤਮਪੁਰਾ




ਨਵੀਂ ਦਿੱਲੀ 1 ਅਗਸਤ (ਮਨਪ੍ਰੀਤ ਸਿੰਘ ਖਾਲਸਾ):-ਦਿੱਲੀ ਕਮੇਟੀ ਵਲੋਂ ਉਨ੍ਹਾਂ ਦੇ ਮੈਂਬਰਾਂ ਨੂੰ ਕਮੇਟੀ ਵਲੋਂ ਦਿਤੀਆਂ ਗਈਆਂ ਗੱਡੀਆਂ ਨੂੰ ਨਿੱਜੀ ਰੂਪ ਵਿਚ ਵਰਤੇ ਜਾਣ ਦਾ ਪਤਾ ਲਗਿਆ ਹੈ ।ਸਰਦਾਰ ਜਸਮੀਤ ਸਿੰਘ ਪੀਤਮਪੁਰਾ ਸਕੱਤਰ ਜਨਰਲ ਯੂਥ ਅਕਾਲੀ ਦਲ ਦਿੱਲੀ ਇਕਾਈ ਨੇ ਮੀਡੀਆ ਨੂੰ ਜਾਰੀ ਇਕ ਪ੍ਰੈਸ ਨੋਟ ਰਾਹੀਂ ਕਿਹਾ ਕਿ ਸਾਡੀ ਜਾਣਕਾਰੀ ਵਿਚ ਲਿਆਈ ਗਈ ਇਕ ਵੀਡੀਓ ਵਿਚ ਇਕ ਗੱਡੀ ਦੀ ਵਰਤੋਂ ਬੱਚਿਆਂ ਨੂੰ ਸਕੂਲ ਕਾਲਜ ਛੱਡਣ ਲਿਆਣ ਵਿਚ ਵਰਤੋਂ ਕੀਤੀ ਜਾ ਰਹੀ ਹੈ ।ਇਸ ਨਾਲ ਗੁਰੂ ਕੀ ਸੰਗਤ ਦਾ ਪੈਸਾ ਉਨ੍ਹਾਂ ਵਲੋਂ ਨਿੱਜੀ ਤੌਰ ਤੇ ਖਰਚ ਕਰਕੇ ਪੰਥ ਨਾਲ ਵੱਡਾ ਧ੍ਰੋਹ ਕਮਾਇਆ ਜਾ ਰਿਹਾ ਹੈ ।ਨਾਲ ਹੀ ਕਮੇਟੀ ਵਲੋਂ ਦਿੱਤੀ ਜਾਂਦੀ ਤਨਖਾਹ ਉਪਰ ਕੰਮ ਕਰਦੇ ਗੁਰਸਿੱਖ ਨੌਜੁਆਨ ਜੋ ਉਨ੍ਹਾਂ ਗੱਡੀਆਂ ਦੀ ਡਰਾਈਵਰੀ ਕਰਦੇ ਹਨ ਓਹ ਬੱਚਿਆਂ ਦੀ ਵੀਂ ਚਾਕਰੀ ਕਰ ਰਹੇ ਹਨ । ਸੁਆਲ ਉੱਠਦਾ ਹੈ ਕਿ ਜਿਹੜੇ ਮੈਂਬਰ ਕਮੇਟੀ ਚੋਣ ਜਿੱਤਣ ਲਈ ਲੱਖਾਂ ਰੁਪਏ ਖਰਚ ਕਰ ਦੇਂਦੇ ਹਨ ਕਿ ਓਹ ਆਪਣੇ ਬੱਚਿਆਂ ਨੂੰ ਸਕੂਲ ਕਾਲਜ ਛੱਡਣ ਲਈ ਆਪਣੀ ਨਿੱਜੀ ਗੱਡੀਆਂ ਦੀ ਵਰਤੋਂ ਨਹੀਂ ਕਰ ਸਕਦੇ ਹਨ ।ਕਮੇਟੀ ਪ੍ਰਧਾਨ ਅਤੇ ਸਕੱਤਰ ਸੰਗਤਾਂ ਨੂੰ ਦਸਣ ਕਿ ਜੋ ਗੱਡੀਆਂ ਕਮੇਟੀ ਦੇ ਕੰਮਕਾਰ ਲਈ ਮੈਂਬਰਾਂ ਨੂੰ ਆਪਣੇ ਨਾਲ ਜੋੜੀ ਰੱਖਣ ਲਈ ਦਿਤੀਆਂ ਹਨ ਉਨ੍ਹਾਂ ਉਪਰ ਆ ਰਹੇ ਖਰਚ ਬਾਰੇ ਖੁਲਾਸਾ ਕੀਤਾ ਜਾਏ ਕਿ ਇਕ ਇਕ ਮੈਂਬਰ ਉਪਰ ਹਰ ਮਹੀਨੇ ਸੰਗਤ ਦਾ ਕਿਤਨਾ ਪੈਸਾ ਉਡਾਇਆ ਜਾ ਰਿਹਾ ਹੈ । ਇਕ ਪਾਸੇ ਕਮੇਟੀ ਅਧੀਨ ਚਲਦੇ ਸਕੂਲ ਕਾਲਜ ਦਾ ਬਕਾਇਆ ਅਦਾਲਤ ਮੁਤਾਬਿਕ 400 ਕਰੋੜ ਤੋਂ ਵੱਧ ਕੇ 500 ਕਰੋੜ ਹੋ ਚੁਕਿਆ ਹੈ ਤੇ ਓਹ ਦੇਂਣਦਾਰੀ ਕਿਦਾਂ ਵਾਪਿਸ ਕੀਤੀ ਜਾਏਗੀ ਬਾਰੇ ਕੋਈ ਰੋਡ ਮੈਪ ਨਹੀਂ ਦਸਿਆ ਜਾ ਰਿਹਾ ਦੂਜੇ ਪਾਸੇ ਮੈਂਬਰਾਂ ਉਪਰ ਬੇਇੰਤੇਹਾ ਖਰਚਾ ਕੀਤਾ ਜਾ ਰਿਹਾ ਹੈ । ਇੰਨ੍ਹਾ ਹਾਲਾਤਾਂ ਵਿਚ ਸੰਗਤਾਂ ਦਾ ਫਰਜ਼ ਬਣਦਾ ਹੈ ਕਿ ਓਹ ਅੱਗੇ ਆਏ ਤੇ ਪ੍ਰਬੰਧਕਾਂ ਕੋਲੋਂ ਪੁਛੇ, ਹਿਸਾਬ ਮੰਗੇ ਕਿ ਸੰਗਤਾਂ ਦਾ ਪੈਸਾ ਕਿੱਥੇ ਵਰਤਿਆ ਜਾ ਰਿਹਾ ਹੈ ਸਾਡੇ ਸਕੂਲ ਕਿਉਂ ਬਰਬਾਦੀ ਦੇ ਕੰਡੇ ਪੁੱਜੇ ਹਨ ।ਹਰਮੀਤ ਸਿੰਘ ਕਾਲਕਾ ਦਾ ਫਰਜ਼ ਬਣਦਾ ਹੈ ਕਿ ਓਹ ਕਮੇਟੀ ਮੈਂਬਰਾਂ ਕੋਲੋਂ ਕਮੇਟੀ ਵਲੋਂ ਦਿੱਤੀ ਗਈਆਂ ਗੱਡੀਆਂ ਵਾਪਿਸ ਲੈਣ ਤੇ ਉਨ੍ਹਾਂ ਵਲੋਂ ਵਰਤੇ ਗਏ ਪਟਰੋਲ, ਡੀਜਲ ਅਤੇ ਗੱਡੀ ਦੇ ਰੱਖਰਖਾਵ ਉਪਰ ਹੋਇਆ ਖਰਚਾ ਉਨ੍ਹਾਂ ਕੋਲੋਂ ਵਸੂਲ ਕਰਕੇ ਗੁਰੂ ਕੀ ਗੋਲਕ ਅੰਦਰ ਜਮਾ ਕਰਵਾਇਆ ਜਾਏ ।ਨਾਲ ਹੀ ਕਮੇਟੀ ਪ੍ਰਬੰਧਕਾਂ ਨੂੰ ਸੰਗਤਾਂ ਅੱਗੇ ਉਨ੍ਹਾਂ ਦੇ ਮੈਂਬਰਾਂ ਦੇ ਕੰਮਕਾਰ ਬਾਰੇ ਵੀਂ ਦਸਣ ਦੀ ਸਖ਼ਤ ਲੋੜ ਹੈ ਕਿ ਉਨ੍ਹਾਂ ਦੇ ਮੈਂਬਰਾਂ ਵਲੋਂ ਆਪਣਾ ਜੀਵਨ ਬਸਰ ਕਰਣ ਲਈ ਕਮਾਈ ਦਾ ਸਾਧਨ ਕੀ ਹੈ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸਰਕਾਰੀ ਸੁਰੱਖਿਆ ਲੈਣ ਦੇ ਮੰਤਵ ਨਾਲ

# ਆਪਣੇ ਆਪ 'ਤੇ ਹਮਲਾ ਕਰਵਾਉਣ ਦੀ ਸਾਜਿਸ਼ ਦਾ ਪਰਦਾਫਾਸ਼; 04 ਕਥਿਤ ਦੋਸ਼ੀ ਗ੍ਰਿਫਤਾਰ

**ਸੰਗਰੂਰ (ਰਣਜੀਤ ਸਿੰਘ ਪੇਧਨੀ )**-ਸ਼੍ਰੀ ਸਰਤਾਜ ਸਿੰਘ ਚਾਹਲ ਆਈ.ਪੀ.ਐਸ., ਐਸ.ਐਸ.ਪੀ., ਸਾਹਿਬ ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਰਕਾਰੀ ਸੁਰੱਖਿਆ ਲੈਣ ਦੇ ਮੰਤਵ ਨਾਲ ਆਪਣੇ ਆਪ 'ਤੇ ਹਮਲਾ ਕਰਵਾਉਣ ਦੀ ਕੀਤੀ ਗਈ ਸਾਜਿਸ਼ ਦਾ ਪਰਦਾਫਾਸ ਕਰਦੇ ਹੋਏ 04 ਕਥਿਤ ਦੋਸ਼ੀ ਗ੍ਰਿਫਤਾਰ ਕਰਕੇ ਉਹਨਾਂ ਦੇ ਕਬਜ਼ੇ ਵਿੱਚੋਂ 01 ਪਿਸਟਲ 32 ਬੋਰ ਸਮੇਤ 02 ਕਾਰਤੂਸ, 01 ਖੋਲ, ਵਾਰਦਾਤ ਸਮੇਂ ਵਰਤੀ ਗੱਡੀ ਅਤੇ 50,000/-ਰੁਪਏ ਨਗਦ ਬ੍ਰਾਮਦ ਕਰਵਾਏ ਗਏ ਹਨ। ਸ਼੍ਰੀ ਚਾਹਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 29.07.2025 ਨੂੰ ਮਿਲਨਜੋਤ ਸਿੰਘ ਪੁੱਤਰ ਵਾਸੀ ਥਿੰਦ ਪੱਤੀ ਸ਼ੇਰਪੁਰ ਨੇ ਇਤਲਾਹ ਦਿੱਤੀ ਸੀ ਕਿ ਉਹ ਕਥਾਵਾਚਕ ਹੈ, ਜੋ ਮਿਤੀ 28.07.2025 ਨੂੰ ਵਕਤ ਕਰੀਬ ਰਾਤ 9:00 ਵਜੇ ਮੋਹਾਲੀ ਤੋਂ ਸਕਾਰਪੀਓ ਗੱਡੀ ਵਿੱਚ ਅਤੇ ਉਸਦਾ ਰਿਸ਼ਤੇਦਾਰ ਜਸਵਿੰਦਰ ਸਿੰਘ ਸਵਿਫਟ ਡਿਜਾਇਰ ਨੰਬਰੀ ਪੀ ਬੀ 13 ਬੀ ਐੱਸ 5597 ਵਿੱਚ ਉਸ ਦੇ ਘਰ ਸ਼ੇਰਪੁਰ ਨੂੰ ਵਾਪਸ ਆ ਰਹੇ ਸੀ ਤਾਂ ਅਣਪਛਾਤੇ ਵਿਅਕਤੀਆਂ ਨੇ ਸਿਆਜ ਗੱਡੀ ਰਾਹੀਂ ਉਨ੍ਹਾਂ ਦਾ ਪਿੱਛਾ ਕੀਤਾ। ਮਿਲਨਜੋਤ ਸਿੰਘ ਆਪਣੇ ਘਰ ਪੁੱਜਾ ਅਤੇ ਉਸਦਾ ਰਿਸ਼ਤੇਦਾਰ ਵੀ ਆਪਣੀ ਸਵਿਫਟ ਡਿਜ਼ਾਇਰ ਗੱਡੀ ਉਸਦੇ ਘਰ ਦੇ ਬਾਹਰ ਖੜ੍ਹੀ ਕਰ ਕੇ ਘਰ ਅੰਦਰ ਚਲਾ ਗਿਆ ਤਾਂ ਇਤਨੇ ਵਿੱਚ ਉਨ੍ਹਾਂ ਦਾ ਪਿੱਛਾ ਕਰਨ ਵਾਲੀ ਸਿਆਜ ਗੱਡੀ ਵਿੱਚ ਸਵਾਰ ਤਿੰਨ ਨਾਮਲੂਮ ਵਿਅਕਤੀਆਂ ਵਿੱਚੋਂ ਇੱਕ ਵਿਅਕਤੀ ਨੇ ਜਸਵਿੰਦਰ ਸਿੰਘ ਦੀ ਸਵਿਫਟ ਗੱਡੀ ਦੇ ਫਰੰਟ ਸ਼ੀਸ਼ੇ 'ਤੇ ਫਾਇਰ ਮਾਰ ਕੇ ਫਰਾਰ ਹੋ ਗਏ। ਜਿਸ 'ਤੇ ਮਿਲਨਜੋਤ ਸਿੰਘ ਦੇ ਬਿਆਨ 'ਤੇ ਮੁਕੱਦਮਾ ਨੰਬਰ 77 ਮਿਤੀ 29-07-2025 ਅ/ਧ 25,27/54/59 ਅਸਲਾ ਐਕਟ, 324 (4) ਬੀ.ਐਨ.ਐਸ ਥਾਣਾ ਸੇਰਪੁਰ ਬਰਖਿਲਾਫ ਨਾਮਲੂਮ ਵਿਅਕਤੀਆਂ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਮੁਕੱਦਮਾ ਉਕਤ ਦੀ ਤਫਤੀਸ਼ ਕਰਨ ਉਪਰੰਤ ਇਹ ਗੱਲ ਸਾਹਮਣੇ ਆਈ ਕਿ ਮਿਲਨਜੋਤ ਸਿੰਘ ਨੇ ਸਰਕਾਰੀ ਸੁਰੱਖਿਆ ਲੈਣ ਲਈ ਆਪਣੇ ਸਾਢੂ ਜਸਵਿੰਦਰ ਸਿੰਘ ਨਾਲ ਸਾਜਬਾਜ ਹੋ ਕੇ ਕਥਿਤ ਦੋਸੀਆਨ ਅਚਲ ਸਿੰਗਲਾ ਵਾਸੀ ਮਕਾਨ ਨੰਬਰ 2641, ਸੈਕਟਰ 22 ਚੰਡੀਗੜ, ਪਿਊਸ਼ ਗੁਪਤਾ ਉਰਫ ਛੋਟੂ ਵਾਸੀ ਗਿੱਦੜਬਾਹਾ ਜਿਲਾ ਸ੍ਰੀ ਮੁਕਤਸਰ ਸਾਹਿਬ, ਮਨੀਸ਼ ਕੁਮਾਰ ਉਰਫ ਟੀਟੂ ਵਾਸੀ ਰਾਏਕੇ ਖੁਰਦ ਜਿਲਾ ਬਠਿੰਡਾ ਨੂੰ 1,20,000/- ਰੁਪਏ ਦੇ ਕੇ ਇਹ ਵਾਰਦਾਤ ਆਪ ਖੁੱਦ ਕਰਵਾਈ ਹੈ। ਜਿਸ ਤੇ ਕਥਿਤ ਦੋਸੀਆਨ ਉਕਤਾਨ ਨੂੰ ਮਿਤੀ 30.7.2025 ਨੂੰ ਮੁਕੱਦਮਾ ਉਕਤ ਵਿੱਚ ਕਥਿਤ ਦੋਸ਼ੀ ਨਾਮਜਦ ਕਰਕੇ ਜੁਰਮ 217,125,25,26,61(2) BNS ਦਾ ਵਾਧਾ ਕਰਕੇ ਕਥਿਤ ਦੋਸ਼ੀ ਅਚਲ ਸਿੰਗਲਾ ਉਰਫ ਲੱਕੀ, ਪਿਊਸ ਗੁਪਤਾ, ਮੁਨੀਸ ਕੁਮਾਰ ਉਰਫ ਟੀਟੂ ਅਤੇ ਜਸਵਿੰਦਰ ਸਿੰਘ ਉਰਫ ਜੋਬਨ ਨੂੰ ਮਿਤੀ 30.07.2025 ਨੂੰ ਹੀ ਗ੍ਰਿਫਤਾਰ ਕੀਤਾ ਗਿਆ। ਕਥਿਤ ਦੋਸੀਆਨ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਇਸ ਵਾਰਦਾਤ ਨੂੰ ਅੰਜਾਮ ਦੇਣ ਲਈ ਉਹਨਾਂ ਨੂੰ 1,50,000/- ਦੇਣ ਦਾ ਇਕਰਾਰ ਕਰਕੇ 01 ਲੱਖ 20 ਹਜਾਰ ਰੁਪਏ ਦੇ ਦਿੱਤੇ ਸਨ। ਮਿਤੀ 31.07.2025 ਨੂੰ ਵਾਰਦਾਤ ਸਮੇਂ ਵਰਤੀ ਗਈ ਗੱਡੀ ਸਿਆਜ ਨੰਬਰੀ ਪੀ ਬੀ-03ਏ ਕਿਊ-0339 ਅਤੇ ਕਥਿਤ ਦੋਸ਼ੀ ਮੁਨੀਸ਼ ਕੁਮਾਰ ਦੇ ਇੰਕਸਾਫ 'ਤੇ ਅਚਲ ਸਿੰਗਲਾ ਉਰਫ ਲੱਕੀ ਪਾਸੋਂ 01 ਪਿਸਟਲ 32 ਬੋਰ ਸਮੇਤ 02 ਕਾਰਤੂਸ ਜਿੰਦਾ ਤੇ 01 ਖੋਲ ਅਤੇ ਇਸ ਵਾਰਦਾਤ ਨੂੰ ਅੰਜਾਮ ਦੇਣ ਲਈ ਹਾਸਲ ਕੀਤੀ ਰਕਮ ਵਿੱਚੋਂ 50,000/- ਰੁਪਏ ਬ੍ਰਾਮਦ ਕਰਵਾਏ ਗਏ ਹਨ।



**01 ਪਿਸਟਲ 32 ਬੋਰ ਸਮੇਤ 02 ਕਾਰਤੂਸ, 01 ਖੋਲ, ਵਾਰਦਾਤ ਸਮੇਂ ਵਰਤੀ ਗੱਡੀ ਅਤੇ 50,000 ਰੁਪਏ ਨਗਦ ਬ੍ਰਾਮਦ**

### ਜੋਨ ਪੱਧਰੀ ਸਕੂਲੀ ਖੇਡਾਂ ਬਾਸਕਟਬਾਲ ਵਿੱਚ

# ਖਾਲਸਾ ਸਕੂਲ ਤਲਵੰਡੀ ਸਾਬੋ ਨੇ ਮਾਰੀਆ ਮੱਲਾਂ

ਤਲਵੰਡੀ ਸਾਬੋ, 01 ਅਗਸਤ (ਗੁਰਜੰਟ ਸਿੰਘ ਨਥੇਹਾ)- ਪੱਧਰੀ ਚੱਲ ਰਹੇ ਸਕੂਲੀ ਟੂਰਨਾਮੈਂਟ ਵਿੱਚ ਖਾਲਸਾ ਸਕੂਲ ਦੀਆਂ ਟੀਮਾਂ ਨੇ ਵੱਖ ਵੱਖ ਖੇਡਾਂ ਵਿੱਚ ਭਾਗ ਲੈਂਦੇ ਹੋਏ ਬਾਸਕਟਬਾਲ ਅੰਡਰ- 19 (ਲੜਕੇ) ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਯੋਗਾ ਅੰਡਰ- 17 (ਲੜਕੇ) ਨੇ ਪਹਿਲਾ ਸਥਾਨ ਹਾਸਲ ਕੀਤਾ, ਯੋਗਾ ਅੰਡਰ- 14 (ਲੜਕੇ) ਨੇ ਤੀਸਰਾ ਸਥਾਨ ਹਾਸਲ ਕੀਤਾ। ਬਾਕਸਿੰਗ ਅੰਡਰ- 19 ਵਿੱਚ ਰਾਜਵੀਰ ਸਿੰਘ, ਸਾਹਿਲ , ਸੁਖਪ੍ਰੀਤ ਸਿੰਘ, ਦੀਪਕ ਕੁਮਾਰ, ਖੁਸ਼ਪ੍ਰੀਤ ਸਿੰਘ ਨੇ ਗੋਲਡ ਮੈਡਲ ਜਿੱਤਿਆ, ਅੰਡਰ- 17 ਬਾਕਸਿੰਗ ਵਿੱਚ ਹਰਮਨਦੀਪ, ਅੰਸ਼ਦੀਪ, ਅਜੈ, ਪ੍ਰਭਜੋਤ, ਅਮਰਿੰਦਰ, ਅਰਮਾਨ ਜੋਤ ਨੇ ਗੋਲਡ ਮੈਡਲ ਜਿੱਤਿਆ ਅਤੇ ਬਾਕਸਿੰਗ ਵਿਚ ਹਰਮਨਦੀਪ ਨੇ ਸਿਲਵਰ ਮੈਡਲ ਪ੍ਰਾਪਤ ਕੀਤਾ। ਅੰਡਰ- 14 ਲੜਕੇ ਬਾਕਸਿੰਗ ਵਿੱਚ ਮਹਿਕਦੀਪ, ਰਾਹੁਲ, ਬਲਰਾਜ ਨੇ ਗੋਲਡ ਮੈਡਲ ਪ੍ਰਾਪਤ ਕੀਤਾ ਅਤੇ ਸੁਖਮਨ ਸਿੰਘ ਨੇ ਸਿਲਵਰ ਮੈਡਲ ਪ੍ਰਾਪਤ ਕੀਤੀ। ਸਮੂਹ ਖਾਲਸਾ ਸਕੂਲ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਸਾਹਿਬ ਨੇ ਜੇਤੂ ਖਿਡਾਰੀਆਂ ਤੇ ਖੇਡ ਇੰਚਾਰਜ ਸ. ਹਰਪਾਲ ਨੂੰ ਵਧਾਈ ਦਿੰਦਿਆਂ, ਜਿਲ੍ਹਾ ਪੱਧਰੀ ਮੁਕਾਬਲਿਆਂ ਲਈ ਸ਼ੁਭ ਕਾਮਨਾਵਾਂ ਦਿੱਤੀਆਂ।



### ਨਵ ਨਿਉਕਤ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਸਿੰਘ ਦਾ

# ਸੀਨੀਅਰ ਮੈਡੀਕਲ ਅਫ਼ਸਰ ਵੱਲੋਂ ਨਿੱਘਾ ਸਵਾਗਤ

ਤਲਵੰਡੀ ਸਾਬੋ, 01 ਅਗਸਤ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਡਾ. ਤਪਿੰਦਰਜੋਤ ਵੱਲੋਂ ਬਤੌਰ ਸਿਵਲ ਸਰਜਨ ਜ਼ਿਲ੍ਹਾ ਬਠਿੰਡਾ ਦਾ ਕਾਰਜ਼ ਭਾਰ ਸੰਭਾਲਿਆ ਗਿਆ। ਡਾ. ਤਪਿੰਦਰਜੋਤ ਇਸ ਤੋਂ ਪਹਿਲਾਂ ਬਤੌਰ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਬਰਨਾਲਾ ਆਪਣੀਆਂ ਸੇਵਾਵਾਂ ਦੇ ਰਹੇ ਸਨ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਐਸ.ਡੀ.ਐਚ ਤਲਵੰਡੀ ਸਾਬੋ ਡਾ. ਰਵੀ ਕਾਂਤ ਵੱਲੋਂ ਫੁੱਲਾਂ ਦਾ ਗੁੱਲਦਸਤਾ ਦੇ ਕੇ ਸਵਾਗਤ ਕੀਤਾ ਅਤੇ ਜੀ ਆਇਆਂ ਕਿਹਾ ਗਿਆ। ਇਸ ਮੌਕੇ ਐੱਸ.ਐਮ.ਓ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਵੱਲੋਂ ਸਿਹਤ ਬਲਾਕ ਤਲਵੰਡੀ ਸਾਬੋ ਅਤੇ ਸਬ ਡਿਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ ਸਿਹਤ ਸੇਵਾਵਾਂ ਦਾ ਮਿਆਰ ਹੋਰ ਉੱਚਾ ਚੁੱਕਣ ਸਬੰਧੀ ਗੱਲ ਬਾਤ ਕੀਤੀ ਗਈ। ਉਨ੍ਹਾਂ ਵੱਲੋਂ ਹਸਪਤਾਲ ਵਿੱਚ ਜੋ ਵੀ ਸਪੈਸ਼ਿਲਸਟ ਮੌਜੂਦ ਨਹੀਂ ਹਨ ਉਨ੍ਹਾਂ ਦੀ ਖਾਲੀ ਅਸਾਮੀਆਂ 'ਤੇ ਮਾਹਰ ਡਾਕਟਰਾਂ ਦੀ ਆਰਜੀ ਡਿਊਟੀ ਲਗਾਉਣ ਬਾਰੇ ਅਰਜ ਕੀਤੀ ਗਈ ਅਤੇ ਰੋਜ਼ਾਨਾ ਆਉਣ ਵਾਲੀਆਂ ਔਕੜਾਂ ਬਾਰੇ ਦੱਸਿਆ ਗਿਆ। ਇਸ ਮੌਕੇ ਸਿਵਲ ਸਰਜਨ ਬਠਿੰਡਾ ਵੱਲੋਂ ਕਿਹਾ ਗਿਆ ਕਿ ਉਨ੍ਹਾਂ ਵੱਲੋਂ ਇਸ ਵਿਸ਼ੇ 'ਤੇ ਪੂਰਨ ਸਹਿਯੋਗ ਦਿੱਤਾ ਜਾਏਗਾ ਅਤੇ ਜਲਦ ਹੀ ਐਸ.ਡੀ.ਐਚ ਤਲਵੰਡੀ ਸਾਬੋ ਦਾ ਦੌਰਾ ਕੀਤਾ ਜਾਏਗਾ। ਇਸ ਮੌਕੇ ਸੀਨੀਅਰ ਫਾਰਮੇਸੀ ਅਫ਼ਸਰ ਜਸਬੀਰ ਸਿੰਘ ਅਤੇ ਫਾਰਮੇਸੀ ਅਫ਼ਸਰ ਸ਼ੁਭਮ ਸਿੰਗਲਾ ਵੱਲੋਂ ਤਲਵੰਡੀ ਸਾਬੋ ਦੇ ਸਮੂਹ ਸਟਾਫ਼ ਵੱਲੋਂ ਆਪਣਾ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਅਤੇ ਨਿੱਘਾ ਸਵਾਗਤ ਕੀਤਾ ਗਿਆ।



# ਪੰਜਾਬ ਸਰਕਾਰ ਦੀ ਟਾਲਮ ਟੋਲ ਨੀਤੀ ਤੋਂ ਪੈਨਸ਼ਨਰਜ ਹੋਏ ਖਫਾ




**ਧੂਰੀ ( ਰਣਜੀਤ ਸਿੰਘ ਪੇਧਨੀ)**-ਗੌਰਮਿੰਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਧੂਰੀ ਦੀ ਕਾਰਜਕਾਰਨੀ ਦੀ ਮਾਸਿਕ ਮੀਟਿੰਗ ਪ੍ਰਧਾਨ ਸ੍ਰੀ ਜੈਦੇਵ ਸ਼ਰਮਾ ਦੀ ਪ੍ਰਧਾਨਗੀ ਹੇਠ ਪੈਨਸ਼ਨ ਦਫਤਰ ਵਿਖੇ ਹੋਈ੍ ਮੀਟਿੰਗ ਦਾ ਸੰਚਾਲਨ ਐਸੋਸੀਏਸ਼ਨ ਦੇ ਜਨਰਲ ਸਕੱਤਰ ਸ੍ਰੀ ਜਸਵਿੰਦਰ ਸਿੰਘ ਮੂਲੋਵਾਲ ਵੱਲੋਂ ਕੀਤਾ ਗਿਆ੍ਮੀਟਿੰਗ ਦੇ ਸੁਰੂ ਵਿੱਚ ਸ਼ਹੀਦ ਉਧਮ ਸਿੰਘ ਸੁਨਾਮ ਨੂੰ ਉਨਾਂ ਦੇ 86 ਵੇਂ ਸ਼ਹੀਦੀ ਦਿਵਸ ਤੇ ਸਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਵਿੱਚ ਹਾਜ਼ਰ ਪੈਂਸ਼ਨਰਾਂ ਵੱਲੋਂ ਪੰਜਾਬ ਸਰਕਾਰ ਦੀ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਟਾਲਮਟੋਲ ਵਾਲੀ ਨੀਤੀ ਦੀ ਸਖਤ ਸ਼ਬਦਾਂ ਵਿੱਚ ਵਿਰੋਧਤਾ ਕੀਤੀ ਗਈ੍ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਜਿਵੇਂ ਕਿ 2.59 ਦਾ ਫੈਕਟਰ ਲਾਗੂ ਨਾ ਕਰਨਾ,ਕੇਂਦਰ ਦੀ ਤਰਜ ਤੇ 13 ਪ੍ਰਤੀਸ਼ਤ ਡੀਏ ਨਾ ਦੇਣਾ ਜਨਵਰੀ 2016 ਤੋਂ ਜੂਨ 2021 ਤੱਕ ਸਾਢੇ 5 ਸਾਲ ਦਾ ਏਰੀਆ ਇੱਕ ਕਿਸ਼ਤ ਵਿੱਚ ਨਾ ਦੇਣ ਕਾਰਨ ਪੈਨਸ਼ਨਰਾਂ ਵਿੱਚ ਵਿਆਪਕ ਰੋਸ ਹੈ੍ ਮੀਟਿੰਗ ਵਿੱਚ ਸ੍ਰੀ ਜੈਦੇਵ ਸ਼ਰਮਾ ਨੇ ਸਮੂਹ ਪੈਨਸ਼ਨਰਾਂ ਨਾਲ ਜਾਣਕਾਰੀ ਸਾਂਝੀ ਕੀਤੀ ਕਿ ਜਥੇਬੰਦੀ ਦੀ ਐਫੀਲੀਏਸ਼ਨ ਪੰਜਾਬ ਪੱਧਰ ਤੇ ਪੰਜਾਬ ਗੌਰਮਿੰਟ ਪੈਨਸ਼ਨਜ ਐਸੋਸੀਏਸ਼ਨ ਪੰਜਾਬ ਨਾਲ ਹੋ ਗਈ ਹੈ੍ ਜਿੰਨਾ ਮੈਂਬਰਾਂ ਦੇ ਜਨਮ ਦਿਨ ਜੁਲਾਈ ਮਹੀਨੇ ਵਿੱਚ ਆਉਂਦੇ ਸਨ ,ਉਹਨਾਂ ਦਾ ਜਨਮ ਦਿਨ ਐਸੋਸੀਏਸ਼ਨ ਵੱਲੋਂ ਮਨਾਇਆ ਗਿਆ੍ ਸਨਮਾਨਿਤ ਹੋਣ ਵਾਲੇ ਮੈਂਬਰਾਂ ਵਿੱਚ ਹਰਜਗਦੀਸ਼ ਸਿੰਘ ਰਾਜੋਮਾਜਰਾ, ਹਰਚਰਨ ਸਿੰਘ ਲਹਿਰੀ, ਰਾਮ ਗੋਪਾਲ ਸ਼ਰਮਾ ,ਹਰਮਿੰਦਰ ਸਿੰਘ ,ਕਰਨੈਲ ਸਿੰਘ ਬਰੜਵਾਲ ,ਹਰਭਜਨ ਸਿੰਘ , ਸੋਮਨਾਥ ਸ਼ਾਮਿਲ ਸਨ੍ ਮੀਟਿੰਗ ਵਿੱਚ ਸ੍ਰੀ ਕੁਲਵੰਤ ਸਿੰਘ ਚੇਅਰਮੈਨ ,ਕਰਮ ਸਿੰਘ ਮਾਨ, ਜੰਗ ਸਿੰਘ ਬਾਦਸ਼ਾਹਪੁਰ ,ਹਰਬੰਸ ਸਿੰਘ ਸੋਢੀ ,ਸੁਖਦੇਵ ਸਿੰਘ ਖੰਗੂੜਾ ,ਭਰਪੂਰ ਸਿੰਘ ਭੋਜੋਵਾਲੀ ਗੁਰਦਿਆਲ ਸਿੰਘ ਨੰਬਰਦਾਰ ਮੀਰਹੇੜੀ, ਗਿਰਧਾਰੀ ਲਾਲ, ਬੁੱਧ ਸਿੰਘ ਸਾਧੂ ਸਿੰਘ ਭੇਦ ਨਹੀਂ ਦਿਆਲ ਸਿੰਘ, ਰਾਮ ਲਾਲ ਸ਼ਰਮਾ ,ਪਾਲਾ ਸਿੰਘ ਬਾਦਸ਼ਾਹਪੁਰ, ਹਰਿੰਦਰ ਸਿੰਘ ਪਲਾਸੌਰ, ਚਰਨਜੀਤ ਸਿੰਘ ਸੋਹੀ, ਇਕਬਾਲ ਖਾਨ, ਰਾਏ ਚੰਦ ,ਵਿੱਕੀ ਮੂਲੋਵਾਲ ,ਜੱਗਰ ਸਿੰਘ, ਸੁਭਾਸ਼ ਚੰਦਰ ਤੇ ਹੋਰ ਬਹੁਤ ਸਾਰੇ ਪੈਨਸ਼ਨਰ ਹਾਜਰ ਸਨ੍ ਅੰਤ ਵਿੱਚ ਜਥੇਬੰਦੀ ਦੇ ਪ੍ਰਧਾਨ ਸ੍ਰੀ ਜੈਦੇਵ ਸ਼ਰਮਾ ਵੱਲੋਂ ਮੀਟਿੰਗ ਵਿੱਚ ਪਹੁੰਚੇ ਸਮੂਹ ਕਾਰਜਕਾਰਨੀ ਮੈਬਰਾਂ ਦਾ ਧੰਨਵਾਦ ਕੀਤਾ ਗਿਆ।

# ਪੱਤਰਕਾਰ ਰਾਮਪਾਲ ਅਰੋੜਾ ਦੇ ਮਾਤਾ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕਰਨ ਪੁੱਜੇ ਗੁਰਬਾਜ਼ ਸਿੰਘ ਸਿੱਧੂ



**ਤਲਵੰਡੀ ਸਾਬੋ, 01 ਅਗਸਤ (ਗੁਰਜੰਟ ਸਿੰਘ ਨਥੇਹਾ)**-ਵਪਾਰਕ ਨਗਰੀ ਰਾਮਾਂ ਮੰਡੀ ਤੋਂ ਸੀਨੀਅਰ ਪੱਤਰਕਾਰ ਰਾਮਪਾਲ ਅਰੋੜਾ ਦੇ ਮਾਤਾ ਸ੍ਰੀਮਤੀ ਸ਼ੀਲਾ ਦੇਵੀ ਦੇ ਬੀਤੇ ਦਿਨੀਂ ਅਕਾਲ ਚਲਾਣਾ ਕਰ ਜਾਣ 'ਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਸਪੁੱਤਰ ਅਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਦੁੱਖ ਪ੍ਰਗਟ ਕਰਨ ਲਈ ਅੱਜ ਉਨਾਂ ਦੇ ਘਰ ਪਿੰਡ ਸੇਖੂ ਪੁੱਜੇ। ਗੁਰਬਾਜ਼ ਸਿੰਘ ਸਿੱਧੂ ਨੇ ਇਸ ਮੌਕੇ ਮਾਤਾ ਸ਼ੀਲਾ ਦੇਵੀ ਦੇ ਦੇਹਾਂਤ 'ਤੇ ਉਨਾਂ ਦੇ ਸਪੁੱਤਰਾਂ ਰਾਮਪਾਲ ਅਰੋੜਾ, ਓਮ ਪ੍ਰਕਾਸ਼ ਅਰੋੜਾ ਅਤੇ ਹੋਰਨਾਂ ਪਰਿਵਾਰਿਕ ਮੈਂਬਰਾਂ ਨਾਲ ਦੁੱਖ ਦਾ ਇਜ਼ਹਾਰ ਕੀਤਾ। ਉਨਾਂ ਕਿਹਾ ਕਿ ਮਾਂ ਦਾ ਚਲੇ ਜਾਣਾ ਹਰ ਮਨੁੱਖ ਲਈ ਜ਼ਿੰਦਗੀ ਦਾ ਸਭ ਤੋਂ ਵੱਡਾ ਘਾਟਾ ਹੁੰਦਾ ਹੈ ਕਿਉਂਕਿ ਜ਼ਿੰਦਗੀ ਦੇ ਹਰ ਪੜਾਅ ਤੇ ਇੱਕ ਮਾਂ ਬਾਪ ਹੀ ਹਨ ਜੋ ਬਿਨਾਂ ਕਿਸੇ ਸਵਾਰਥ ਦੇ ਸਾਥ ਦਿੰਦੇ ਹਨ। ਸਿੱਧੂ ਨੇ ਕਿਹਾ ਕਿ ਮਾਪੇ ਉਸ ਉੱਚ ਕਿਰਦਾਰ ਦੇ ਮਾਲਿਕ ਹੁੰਦੇ ਹਨ ਕਿ ਆਪਣੀ ਔਲਾਦ ਦੀ ਆਪਣੇ ਨਾਲੋਂ ਵੀ ਜਿਆਦਾ ਤਰੱਕੀ ਹੁੰਦੀ ਦੇਖਕੇ ਖੁਸ਼ ਹੁੰਦੇ ਹਨ। ਉਨਾਂ ਨੇ ਮਾਤਾ ਸ਼ੀਲਾ ਦੇਵੀ ਦੇ ਅਕਾਲ ਚਲਾਣੇ ਨੂੰ ਸਮੁੱਚੇ ਅਰੋੜਾ ਪਰਿਵਾਰ ਲਈ ਇੱਕ ਨਾਂ ਪੂਰਾ ਹੋਣ ਵਾਲਾ ਘਾਟਾ ਦੱਸਦਿਆਂ ਵਾਹਿਗੁਰੂ ਅੱਗੇ ਮਾਤਾ ਦੀ ਆਤਮਿਕ ਸ਼ਾਂਤੀ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਸਬੰਧੀ ਅਰਦਾਸ ਕੀਤੀ। ਦੂਜੇ ਪਾਸੇ ਦਮਦਮਾ ਸਾਹਿਬ ਪ੍ਰੈੱਸ ਕਲੱਬ ਤਲਵੰਡੀ ਸਾਬੋ ਦੇ ਸਰਪ੍ਰਸਤ ਅਤੇ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਜ਼ਿਲ੍ਹਾ ਮੀਤ ਪ੍ਰਧਾਨ ਰਣਜੀਤ ਸਿੰਘ ਰਾਜੂ ਨੇ ਵੀ ਮਾਤਾ ਸ਼ੀਲਾ ਦੇਵੀ ਦੇ ਅਕਾਲ ਚਲਾਣੇ 'ਤੇ ਪੱਤਰਕਾਰ ਰਾਮਪਾਲ ਅਰੋੜਾ ਦੇ ਘਰ ਪੁੱਜ ਉਨਾਂ ਨਾਲ ਦੁੱਖ ਸਾਂਝਾ ਕੀਤਾ।





## ਜਨਮ ਦਿਨ ਮੁਬਾਰਕ

**ਸਰਗੁਨ ਕੌਰ**
ਮਾਤਾ ਸਿਮਰਨਜੀਤ ਕੌਰ
ਪਿਤਾ ਸੁਖਮਨਦੀਪ ਸਿੰਘ
ਦਾਦਾ ਪੱਤਰਕਾਰ ਕੁਲਵੰਤ ਸਿੰਘ ਵਿਰਦੀ
ਦਾਦੀ ਰਜਿੰਦਰ ਕੌਰ

ਆਵਾਜ਼ਿ ਕੌਮ AWAZE QAUM International Newspaper & WEB TV

ਐਨਪੀਐਸ ਕਰਮਚਾਰੀਆਂ ਨੇ ਕੇਂਦਰ ਅਤੇ ਰਾਜ ਸਰਕਾਰ ਵਿਰੁੱਧ

# ਨਾਅਰੇਬਾਜ਼ੀ ਕਰਦੇ ਹੋਏ ਕੀਤਾ ਰੋਸ ਮਾਰਚ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹੇ ਦੇ ਐਨ ਪੀ ਐਸ ਕਰਮਚਾਰੀਆਂ ਲਈ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਲਈ ਸੰਘਰਸ਼ ਕਰ ਰਹੀਆਂ ਪੰਜਾਬ ਦੀਆਂ ਸਿਰਮੌਰ ਜੱਥੇਬੰਦੀਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਸੀ ਪੀ ਈ ਐਫ ਕਰਮਚਾਰੀ ਯੂਨੀਅਨ ਨੇ ਪੰਜਾਬ ਸਰਕਾਰ ਅਤੇ ਕੇਂਦਰ ਦੀ ਮੋਦੀ ਹਕੂਮਤ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਵਿੱਚ ਕੀਤੀ ਜਾ ਬੇਲੋੜੀ ਦੇਰੀ ਦੇ ਰੋਸ ਕਾਰਨ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਖ਼ਿਲਾਫ਼ ਰੋਹ ਭਰਪੂਰ ਨਾਅਰੇਬਾਜ਼ੀ ਕਰਦੇ ਹੋਏ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਤੱਕ ਰੋਸ ਮਾਰਚ ਕੱਢਿਆ। ਪਹਿਲਾਂ ਇੱਕਠੇ ਹੋਏ ਵੱਡੀ ਗਿਣਤੀ ਵਿੱਚ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਸਰਬਜੀਤ ਸਿੰਘ ਪੁੰਨਾਵਾਲ, ਸਤਵੰਤ ਸਿੰਘ ਆਲਮਪੁਰ, ਰਾਜਬੀਰ ਸਿੰਘ ਬਡਰੁੱਖਾਂ, ਦਾਤਾ ਸਿੰਘ ਅਤੇ ਬਿਕਰਮਜੀਤ ਸਿੰਘ ਨੇ ਕਿਹਾ ਕਿ ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਵੱਲੋਂ ਦੇਸ਼ ਪੱਧਰ ਤੇ ਦਿੱਤੇ ਪ੍ਰੋਗਰਾਮ ਦੀ ਲੜੀ ਤਹਿਤ ਅੱਜ ਦੇਸ਼ ਦੇ ਹਰ ਜਿਲਾ ਹੈਡ ਕੁਆਰਟਰ ਤੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਐਨਪੀਐਸ ਅਤੇ ਯੂਪੀਐਸ ਦੀ ਵਿਰੋਧਤਾ ਅਤੇ ਨਿਜੀਕਰਨ ਦੇ ਵਿਰੁੱਧ ਇੱਕ ਦਿਨਾਂ ਰੋਸ ਮਾਰਚ ਕੱਢਿਆ ਜਾ ਰਿਹਾ ਹੈ। ਇਸ ਸੰਘਰਸ਼ ਨੂੰ ਅੱਗੇ ਤੋਰਦਿਆਂ 5 ਸਤੰਬਰ 2025 ਨੂੰ ਅਧਿਆਪਕ ਦਿਵਸ ਮੌਕੇ ਦੇਸ਼ ਦੇ ਹਰ ਜਿਲਾ ਹੈਡ ਕੁਆਰਟਰ ਤੇ ਇੱਕ ਦਿਨਾਂ ਭੁੱਖ ਹੜਤਾਲ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਰੱਖੀ ਜਾਵੇਗੀ ਅਤੇ 1 ਅਕਤੂਬਰ 2025 ਨੂੰ ਸੋਸ਼ਲ ਮੀਡੀਆ ਤੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਮੁਹਿੰਮ ਚਲਾਈ ਜਾਵੇਗੀ। 25 ਨਵੰਬਰ 2025 ਨੂੰ ਦਿੱਲੀ ਵਿਖੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਐਨਪੀਐਸ ਅਤੇ ਯੂਪੀਐਸ ਵਿਰੋਧਤਾ ਅਤੇ ਨਿੱਜੀਕਰਨ ਦੇ ਵਿਰੁੱਧ ਕੌਮੀ ਪੱਧਰੀ ਰੈਲੀ ਕੀਤੀ ਜਾਵੇਗੀ ਜਿਸ ਵਿੱਚ ਦੇਸ਼ ਭਰ ਦੇ ਐਨਪੀਐਸ ਮੁਲਾਜ਼ਮ ਭਾਗ ਲੈਣਗੇ ਆਗੂਆਂ ਨੇ ਅੱਗੇ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਨੋਟੀਫਿਕੇਸ਼ਨ ਕਰਨ ਤੋਂ ਬਾਅਦ ਪੁਰਾਣੀ ਪੈਨਸ਼ਨ ਬਹਾਲੀ ਕਰਨ ਤੋਂ ਭੱਜ ਰਹੀ ਹੈ ਉਥੇ ਹੀ ਕੇਂਦਰ ਸਰਕਾਰ ਤੇ ਛੱਤੀਸਗੜ੍ਹ ਦੀ ਬੀਜੇਪੀ ਸਰਕਾਰ ਨੇ ਰਾਜ ਵਿੱਚ ਮੁੜ ਯੂਪੀਐਸ ਲਾਗੂ ਕਰ ਐਨਪੀਐਸ ਕਰਮਚਾਰੀਆਂ ਦੇ ਜ਼ਖ਼ਮਾਂ ਤੇ ਲੂਣ ਛਿੜਕ ਰਹੀ ਹੈ ਜਿਸ ਦਾ ਵੋਟ ਅਤੇ ਸੰਘਰਸ਼ ਦੀ ਤਾਕਤ ਨਾਲ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ। ਇਸ ਮੌਕੇ ਸਜੋਲੀ ਭਾਟੀਆ, ਹਰਕੀਰਤ ਕੌਰ, ਬਾਰਾ ਸਿੰਘ, ਹਰੀਸ਼ ਕੁਮਾਰ, ਸੁਖਜਿੰਦਰ ਸਿੰਘ, ਬੱਗਾ ਸਿੰਘ, ਫੈਡਰੇਸ਼ਨ ਆਗੂ ਸੁਖਦੇਵ ਸਿੰਘ ਚੰਗਾਲੀਵਾਲਾ, ਮਾਲਵਿੰਦਰ ਸਿੰਘ ਸੰਧੂ, ਜੀਟੀਯੂ ਆਗੂ ਦੇਵੀ ਦਿਆਲ, ਫਕੀਰ ਸਿੰਘ ਟਿੱਬਾ, ਮੁਲਾਜਮ ਆਗੂ ਰਾਜ ਕੁਮਾਰ ਅਰੋੜਾ, ਸੋਨੀ, ਕਰਨ ਪ੍ਰਤਾਪ, ਜਗਦੀਪ ਸਿੰਘ, ਲਖਵਿੰਦਰ ਜੀਤ ਸਿੰਘ ਜੋਸ਼ੀ, ਅਵਤਾਰ ਸਿੰਘ ਭਲਵਾਨ, ਗੁਰਚਰਨ ਸਿੰਘ, ਸੰਜੀਵ ਕੁਮਾਰ, ਗੁਰਸੇਵਕ ਸਿੰਘ, ਗੁਰਮੁੱਖ ਸਿੰਘ, ਰਾਮ ਕ੍ਰਿਸ਼ਨ, ਕੁਲਦੀਪ ਸਿੰਘ, ਚਿੱਤਰ ਬਹਾਦਰ, ਨਰਪਿੰਦਰ ਸਿੰਘ, ਗੁਰਪਿੰਦਰ ਸਿੰਘ, ਹਰਦੀਪ ਸਿੰਘ, ਹਰਪਿੰਦਰ ਸਿੰਘ, ਮੱਖਣ ਸਿੰਘ, ਅਮਨਦੀਪ ਸਿੰਘ, ਮਹਿੰਦਰਪਾਲ ਸਿੰਘ, ਹਰਜਿੰਦਰ ਸਿੰਘ, ਹਰਵਿੰਦਰ ਸਿੰਘ, ਸੀਆ ਰਾਮ, ਲੀਲਾ ਰਾਮ, ਜਗਜੀਤ ਸਿੰਘ, ਹਰਬੰਸ ਸਿੰਘ, ਗੁਰਲਾਲ ਸਿੰਘ, ਗਮਦੂਰ ਸਿੰਘ, ਅਤੇ ਹੋਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੰਘਰਸ਼ ਦੇ ਅਗਲੇ ਪੜਾਅ ਤਹਿਤ ਐਨਪੀਐਸ ਕਰਮਚਾਰੀ ਕਰਨਗੇ ਜ਼ਿਲਾ ਹੈਡ ਕੁਆਟਰਾਂ ਤੇ ਭੁੱਖ ਹੜਤਾਲ

ਅੰਮ੍ਰਿਤਸਰ ਸ਼ਹਿਰ ਚ ਗੁਰੂ ਘਰਾਂ ਦੇ ਬਾਹਰ ਨਕਲੀ ਦੇਸੀ ਘਿਓ ਖੋਆ ਧੜਾ ਧੜ ਵੇਚ ਕੇ

# ਸੰਗਤਾਂ ਦੀਆਂ ਭਾਵਨਾਵਾਂ ਨਾਲ ਕੀਤਾ ਜਾ ਰਿਹਾ ਖਿਲਵਾੜ-ਸੋਨੂੰ ਜੰਡਿਆਲਾ





ਜੰਡਿਆਲਾ ਗੁਰੂ 1 ਅਗਸਤ ( ਕੁਲਵੰਤ ਸਿੰਘ ਵਿਰਦੀ ) ਪੂਰੇ ਪੰਜਾਬ ਭਰ ਵਿੱਚ ਜਿੱਥੇ ਨਕਲੀ ਦੁੱਧ ਦੇਸੀ ਘਿਓ ਪਨੀਰ ਖੋਆ ਬੜੀ ਤੇਜ਼ੀ ਨਾਲ ਵਿਕ ਰਿਹਾ ਹੈ ਉੱਥੇ ਸਭ ਤੋਂ ਜਿਆਦਾ ਇਸਦੀ ਵਿਕਰੀ ਅੰਮ੍ਰਿਤਸਰ ਸ਼ਹਿਰ ਵਿੱਚ ਹੋ ਰਹੀ ਹੈ। ਖੁੱਲੇ ਆਮ ਨਕਲੀ ਦੇਸੀ ਘਿਓ ਨਕਲੀ ਦੁੱਧ ਨਕਲੀ ਪਨੀਰ ਨਕਲੀ ਖੋਆ ਦੁਕਾਨਾਂ ਤੇ ਵੇਚਿਆ ਜਾ ਰਿਹਾ ਹੈ ਤੇ ਅੰਮ੍ਰਿਤਸਰ ਦੇ ਧਾਰਮਿਕ ਤੇ ਪਵਿੱਤਰ ਸਥਾਨਾਂ ਦੇ ਬਾਹਰ ਨਕਲੀ ਦੇਸੀ ਘਿਓ ਦੀ ਦੁਕਾਨਾਂ ਤੇ ਬੜੀ ਤੇਜ਼ੀ ਨਾਲ ਵਿਕਰੀ ਹੋ ਰਹੀ ਹੈ। ਸੰਗਤ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਹੋਇਆਂ ਸਿੱਖ ਆਗੂ ਤੇ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਅੰਮ੍ਰਿਤਸਰ ਦੇ ਸਿਵਲ ਸਰਜਨ ਮੈਡਮ ਕਿਰਨਦੀਪ ਕੌਰ ਨਾਲ ਕੀਤੀ ਮੁਲਾਕਾਤ ਤੇ ਇੱਕ ਮੰਗ ਪੱਤਰ ਰਾਹੀਂ ਕੀਤੀ ਸ਼ਿਕਾਇਤ ਇਸ ਤੋਂ ਪਹਿਲਾਂ ਉਹਨਾਂ ਅੰਮ੍ਰਿਤਸਰ ਦੇ ਡੀਸੀ ਨੂੰ ਤੇ ਪੰਜਾਬ ਸਰਕਾਰ ਨੂੰ ਵੀ ਇੱਕ ਚਿੱਠੀ ਰਾਹੀਂ ਸ਼ਿਕਾਇਤ ਕੀਤੀ ਸੀ ਜਿਸ ਤੇ ਪ੍ਰਸ਼ਾਸਨ ਨੇ ਕਾਰਵਾਈ ਕੀਤੀ ਪਰ ਫਿਰ ਵੀ ਬੜੀ ਤੇਜ਼ੀ ਨਾਲ ਗੁਰੂ ਘਰਾਂ ਦੇ ਬਾਹਰ ਨਕਲੀ ਦੇਸੀ ਘਿਓ ਦੁਕਾਨਾਂ ਤੇ ਵਿਕ ਰਿਹਾ ਤੇ ਸੰਗਤਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ਦੇਸੀ ਘਿਓ ਦੇ ਪੈਸੇ ਲੈ ਕੇ ਉਹਨਾਂ ਨੂੰ ਨਕਲੀ ਘਿਓ ਦਿੱਤਾ ਜਾ ਰਿਹਾ ਹੈ ਜੋ ਸੰਗਤਾਂ ਗੁਰੂ ਘਰ ਵਿੱਚ ਲੈ ਕੇ ਜਾਂਦੀਆਂ ਨੇ ਪਰ ਉਹਨਾਂ ਦੀਆਂ ਭਾਵਨਾਵਾਂ ਨੂੰ ਇਸ ਨਾਲ ਠੇਸ ਪਹੁੰਚ ਰਹੀ ਹੈ ਤੇ ਦਿਨੋ ਦਿਨ ਨਕਲੀ ਦੇਸੀ ਘਿਓ ਨਕਲੀ ਪਨੀਰ ਖੋਆ ਦੁੱਧ ਬੜੀ ਤੇਜ਼ੀ ਨਾਲ ਵਿਕ ਰਿਹਾ ਹੈ ਗੱਲਬਾਤ ਕਰਦੇ ਹੋਏ ਸੋਨੂ ਜੰਡਿਆਲਾ ਨੇ ਦੱਸਿਆ ਕਿ ਇੰਨੀ ਦੁੱਧ ਦੀ ਪੈਦਾਵਾਰ ਨਹੀਂ ਹੈ ਜਿੰਨਾ ਅੰਮ੍ਰਿਤਸਰ ਦੇ ਵਿੱਚ ਨਕਲੀ ਦੁੱਧ ਵਿਕ ਰਿਹਾ ਹੈ ਤੇ ਇੰਨੀ ਹੀ ਪਨੀਰ ਦੀ ਵੀ ਪੈਦਾਵਾਰ ਨਹੀਂ ਹੈ ਜਿਨਾਂ ਦੁਕਾਨਾਂ ਤੇ ਖੁੱਲਿਆ ਜਾ ਰਿਹਾ ਹੈ ਤੇ ਇਸ ਤਰ੍ਹਾਂ ਦੇ ਨਾਲ ਹੀ ਨਕਲੀ ਫੈਕਟਰੀਆਂ ਵਿੱਚ ਦੇਸੀ ਘਿਓ ਬਣਾਇਆ ਜਾ ਰਿਹਾ ਹੈ ਤੇ ਵੱਡੇ ਵੱਡੇ ਬ੍ਰਾਂਡਾਂ ਦੇ ਸਟੀਕਰ ਲਗਾ ਕੇ ਉਹਨਾਂ ਨੂੰ ਵੱਧ ਕੀਮਤਾਂ ਤੇ ਵੇਚਿਆ ਜਾ ਰਿਹਾ ਹੈ ਤੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਇਹਨਾਂ ਖਿਲਾਫ ਸਖਤ ਕਾਰਵਾਈ ਨਾ ਕੀਤੀ ਤੇ ਇਹੋ ਜਿਹੇ ਲੋਕ ਹੋਰ ਤੇਜ਼ੀ ਨਾਲ ਲੋਕਾਂ ਦੀ ਸਿਹਤ ਨਾਲ ਖਲਵਾੜ ਕਰਨਗੇ ਉਹਨਾਂ ਕਿਹਾ ਕਿ ਇਸ ਤੋਂ ਪਹਿਲਾਂ ਮੈਂ ਪੰਜਾਬ ਸਰਕਾਰ ਤੇ ਸਿਹਤ ਮੰਤਰੀ ਤੇ ਡਾਇਰੈਕਟਰ ਹੈਲਥ ਤੇ ਸੈਕਟਰੀ ਹੈਲਥ ਤੇ ਡੀਸੀ ਅੰਮ੍ਰਿਤਸਰ ਨੂੰ ਇਸ ਬਾਰੇ ਲਿਖਤੀ ਚਿੱਠੀ ਦੇ ਚੁੱਕਿਆ ਹਾਂ ਤੇ ਮੇਰੀ ਪ੍ਰਸ਼ਾਸਨ ਨੂੰ ਬੇਨਤੀ ਹੈ ਕਿ ਜਲਦ ਤੋਂ ਜਲਦ ਇਹਨਾਂ ਖਿਲਾਫ ਕਾਰਵਾਈ ਕੀਤੀ ਜਾਵੇ ਤੇ ਜੋ ਗੁਰਦੁਆਰਾ ਸ਼ਹੀਦਾਂ ਸਾਹਿਬ ਦੇ ਬਾਹਰ ਤੇ ਗੁਰਦੁਆਰਾ ਅਟਾਲਾ ਸਾਹਿਬ ਦੇ ਬਾਹਰ ਤੇ ਗੁਰਦੁਆਰਾ ਬਾਬਾ ਨੌਹਰ ਸਿੰਘ ਜੀ ਦੇ ਬਾਹਰ ਦੇਸੀ ਘਿਓ ਵਿਕ ਰਿਹਾ ਹੈ ਤੇ ਇਹਨਾਂ ਖਿਲਾਫ ਬਣਦੀ ਸਖਤ ਤੋ ਸਖਤ ਕਾਰਵਾਈ ਕੀਤੀ ਜਾਵੇ। ਸਿਵਲ ਸਰਜਨ ਨੇ ਵਿਸ਼ਵਾਸ ਦਵਾਇਆ ਕਿ ਕਿਸੇ ਵੀ ਨਕਲੀ ਚੀਜ਼ ਵੇਚਣ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਬਣਦੀ ਸਖਤ ਤੋਂ ਸਖਤ ਕਾਰਵਾਈ ਹੋਵੇਗੀ ਇਸ ਮੌਕੇ ਤੇ ਹਾਜ਼ਰ ਸਰਬਜੀਤ ਸਿੰਘ ਹਰਮਨਪ੍ਰੀਤ ਸਿੰਘ ਜੋਬਨਜੀਤ ਸਿੰਘ ਦਲੇਰ ਸਿੰਘ ਗੁਰਪ੍ਰੀਤ ਸਿੰਘ ਸਕੱਤਰ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਿਵਿਲ ਸਰਜਨ ਕਿਰਨਦੀਪ ਕੌਰ ਨਾਲ ਸੋਨੂੰ ਜੰਡਿਆਲਾ ਨੇ ਕੀਤੀ ਮੁਲਾਕਾਤ ਦਿੱਤਾ ਮੰਗ ਪੱਤਰ

# ਸ਼੍ਰੋਮਣੀ ਕਮੇਟੀ ਦੇ ਸੁਪਰਵਾਈਜ਼ਰ ਸ. ਬੂਟਾ ਸਿੰਘ ਨੂੰ ਸੇਵਾ ਮੁਕਤ ਹੋਣ ’ਤੇ ਕੀਤਾ ਸਨਮਾਨਤ



**ਅੰਮ੍ਰਿਤਸਰ, 1 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਫਲਾਇੰਗ ਵਿਭਾਗ ਵਿਖੇ ਸੇਵਾ ਨਿਭਾਅ ਰਹੇ ਸੁਪਰਵਾਈਜ਼ਰ ਸ. ਬੂਟਾ ਸਿੰਘ ਨੂੰ ਸੇਵਾ ਮੁਕਤ ਹੋਣ ’ਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਕੱਤਰ ਸ. ਪ੍ਰਤਾਪ ਸਿੰਘ ਤੇ ਹੋਰ ਅਧਿਕਾਰੀਆਂ ਨੇ ਗੁਰੂ ਬਖਸ਼ਿਸ਼ ਸਿਰੋਪਾਓ, ਸ੍ਰੀ ਸਾਹਿਬ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਤੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਗੁਰੂ ਘਰ ਦੀ ਸੇਵਾਵਾਂ ਵਿਚ ਡਿਊਟੀ ਨਿਭਾਉਣਾ ਵੱਡੇ ਭਾਗਾਂ ਵਾਲੀ ਗੱਲ ਹੈ ਅਤੇ ਹਰ ਮੁਲਾਜ਼ਮ ਨੂੰ ਆਪਣੀ ਡਿਊਟੀ ਪ੍ਰਤੀ ਇਮਾਨਦਾਰ ਹੋਣਾ ਚਾਹੀਦਾ ਹੈ। ਉਨ੍ਹਾਂ ਸੁਪਰਵਾਈਜ਼ਰ ਸ. ਬੂਟਾ ਸਿੰਘ ਦੇ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਨੇ ਆਪਣੇ ਜ਼ੁੰਮੇ ਲੱਗੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਇਆ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਗੁਰਨਾਮ ਸਿੰਘ, ਸ. ਸੁਖਬੀਰ ਸਿੰਘ, ਸ. ਇੰਚਾਰਜ ਸ. ਗੁਰਪ੍ਰੀਤ ਸਿੰਘ ਰੋਡੇ, ਚੀਫ ਜਗਦੀਸ਼ ਸਿੰਘ ਬੁੱਟਰ, ਸਹਾਇਕ ਸੁਪ੍ਰਿੰਟੈਂਡੈਂਟ ਸ. ਸੁਰਜੀਤ ਸਿੰਘ ਰਾਣਾ ਅਤੇ ਸ. ਬੂਟਾ ਸਿੰਘ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਲੂਣਹਰਾਮੀ ਅਕ੍ਰਿਤਘਣ-ਵੀਸੀ ਕਰਮਜੀਤ ਕੁਮਾਰ



ਵਿਚਾਰ ਆਪੋ-ਆਪਣਾ

ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵੀਸੀ ਕਰਮਜੀਤ ਸਿੰਘ ਨੇ ਆਰਐਸਐਸ ਦੇ ਮੋਹਣ ਭਾਗਵਤ ਮੂਹਰੇ ਚਾਪਲੂਸੀ ਮਾਰੀ ਆ ਕਿ ਉਨ੍ਹਾਂ ਨੇ ਯੂਨੀਵਰਸਿਟੀ ਵਿੱਚ ਵੇਦਾਂ ਤੋਂ ਗੁਰੂ ਨਾਨਕ ਤੱਕ ਗਿਆਨ ਆਉਣ (ਲਿੰਕ) ਦੀ ਖੋਜ ਕਰਨ ਲਈ ਚੇਅਰ ਬਣਾ ਦਿੱਤੀ ਹੈ। ਇਹ ਤਾਂ ਪੰਜਾਬ ਦੇ ਵਿਦਵਾਨ ਵਰਗ ਦਾ ਹਾਲ ਹੈ। ਵੇਦ ਆਪਣੀ ਥਾਂ ਨੇ, ਪਰ ਵੇਦਾਂ ਦੇ ਗਿਆਨ ਦਾ ਗੁਰੂ ਨਾਨਕ ਸਾਹਿਬ ਦੀ ਵਿਚਾਰਧਾਰਾ ਨਾਲ ਕਿਵੇਂ ਮੇਲ ਕਰਵਾਉਣਗੇ ? ਵੇਦਾਂ ਦੇ ਸਿਧਾਂਤ ਤਾਂ ਭਾਗਵਤ ਵਰਗੇ ਆਪ ਨਹੀਂ ਮੰਨ ਰਹੇ। ਮੀਟ ਖਾਣ ਵਾਲਿਆਂ ਨੂੰ ਸੁੰਘ ਸੁੰਘ ਕੁੱਟ-ਮਾਰ ਰਹੇ ਨੇ ਜਦੋਂ ਕਿ ਵੇਦਾਂ ਵਾਲੇ ਸਾਰੇ ਮੀਟ ਖਾਂਦੇ ਸਨ। ਗੁਰੂ ਨਾਨਕ ਸਾਹਿਬ ਦਾ ਸਿਧਾਂਤ ਇੱਕ ਓਕਾਂਰ ਤੋਂ ਸ਼ੁਰੂ ਹੁੰਦਾ ਪਰ ਵੇਦਾਂ ਵਿੱਚ ਸਰਬ-ਵਿਆਪੀ ਪ੍ਰਮਾਤਮਾ ਦਾ ਖ਼ਿਆਲ ਨਹੀਂ ਹੈ। ਹਰ ਕੁਦਰਤੀ ਵਰਤਾਰੇ ਜਾਂ ਮਨੁੱਖੀ ਜੀਵਨ ਨਾਲ ਸਬੰਧਤ ਵਿਸ਼ੇ ਲਈ ਅਲੱਗ ਅਲੱਗ ਦੇਵਤੇ ਹਨ।

ਜਿਵੇਂ ?

-ਇੰਦਰ: ਅਸਮਾਨੀ ਸ਼ਕਤੀਆਂ ਨਾਲ ਸਬੰਧਤ, ਬਿਜਲੀ, ਗਰਜਣ, ਯੁੱਧ, ਮੇਘਾਂ ਦੇ ਰਾਜਾ

-ਅਗਨੀ - ਨਰ ਰੂਪ ਵਿੱਚ ਦੂਜੇ ਦੇਵਤਿਆਂ ਨਾਲ ਮੇਲ ਕਰਵਾਉਣ ਦਾ ਦੇਵਤਾ; ਯੱਗ ਦਾ ਪਹਿਰੇਦਾਰ

-ਵਰੁਣ ? ਸਮੁੰਦਰ, ਜਲ, ਨੈਤਿਕ ਕਾਨੂੰਨ, ਬ੍ਰਹਿਮੰਡੀ ਕਰਿਆ ਦਾ ਰਾਖਾ

-ਸੋਮਾ ? ਆਨੰਦ, ਚੰਦ੍ਰਮਾਂ

-ਯਮ ? ਮੌਤ, ਪਿਤਰਾਂ ਦਾ ਰਾਜ

-ਮਿੱਤਰਾ ? ਸੂਰਜ, ਮਿੱਤਰਤਾ, ਚੰਗੇ ਸੰਬੰਧ, ਵਰੁਣ ਦਾ ਸਾਥੀ ਦੇਵਤਾ। ਵਰੁਣ ਤੇ ਮਿੱਤਰਾ ਦੀ ਸਾਥੀ ਜੋੜੇ ਦੇ ਗੁੱਣ ਅਵੇਸਤਾ ਵਿੱਚ ਅਹੂਰਾ ਮਾਜਦਾ (ਮਹਾਨ ਅਸੁਰ) ਵੀ ਹਨ।

-ਵਾਇਉ ? ਹਵਾ, ਜੀਵਨ ਦੀ ਸਾਹ

-ਅਸ਼ਿਵਨੀ ਕੁਮਾਰ ? ਜੁੜਵਾਂ ਦੇਵਤਾ, ਦਵਾਈਆਂ ਦੇ ਰਾਖੇ

-ਦਿਓਸ ? Sky father, ਆਕਾਸ਼ ਦਾ ਰਾਜਾ ਜਾਂ ਪਿਤਾ

ਰਿੱਗ ਵੇਦ ਵਿੱਚ ਮਨੋਕਾਮਨਾ ਜਾਂ ਸਮੱਸਿਆਵਾਂ ਦੇ ਹੱਲ ਲਈ ਅਲੱਗ ਅਲੱਗ ਦੇਵਤਿਆਂ ਨਮਿੱਤ ਕਰਮਕਾਂਡ ਕਰਨ ਦਾ ਵਿਚਾਰ ਹੈ, ਜੋ ਕਿ ਗੁਰੂ ਨਾਨਕ ਦੇ ਦਰਸ਼ਣ ਦੇ ਨੇੜੇ ਤੇੜੇ ਵੀ ਨਹੀਂ।

ਕੀ ਯੂਨੀਵਰਸਿਟੀ ਵਾਲੇ ਤੱਥ ਉਲਟਾ ਕੇ ਸਿੱਖੀ ਦਰਸ਼ਣ ਬਦਲਗੇ ਜਾਂ ਵੇਦਾਂ ਦੇ ਟੀਕੇ ਬਦਲਣਗੇ ? ਉਹ ਵੀ ਉਦੋਂ ਜਦੋਂ ਦੁਨੀਆ ਭਰ ਦੇ ਇਤਿਹਾਸਕਾਰ ਵੇਦ ਦੀ ਵਿਚਾਰਧਾਰਾ ਆਰੀਆਵਾਂ ਨਾਲ ਹਿੰਦੂਕੁਸ਼ ਪਾਰੋਂ ਮੱਧ ਪੂਰਬ ਤੋਂ ਆਈ ਦੱਸਦੇ ਹੋਣ।

ਵੇਦਾਂ ਵਿੱਚ ਸੰਗਤ, ਕੀਰਤਨ, ਸਾਰਿਆਂ ਨੂੰ ਸਿੱਖਣ ਵਾਲੇ ਬਣਾਉਣ ਦਾ ਕੋਈ ਖਿਆਲ ਨਹੀਂ ਹੈ। ਗੁਰੂ ਨਾਨਕ ਪਾਤਸ਼ਾਹ ਨੇ ਸਿੱਖ ਧਰਮ ਦਾ ਮੁੱਢ ਬਰਾਬਰਤਾ ਤੋਂ ਸ਼ੁਰੂ ਕੀਤਾ। ਜਦੋਂ ਕਿ ਰਿੱਗ ਵੇਦ ਦੇ ਪਹਿਲੇ ਸਲੋਕ ਤੋਂ ਹੋਤਰ ਨਾਂ ਦੇ ਪ੍ਰੋਹਿਤ ਨੂੰ ਯੱਗ ਕਰਨ ਦਾ ਹੱਕ ਮਿਲਦਾ ਹੈ।

ਰਿੱਗ ਵੇਦ ਵਿੱਚ ਸਬੰਧਤ ਦੇਵਤੇ ਨਾਲ ਸਬੰਧ ਬਲੀਆਂ ਦੇਣ ਨਾਲ ਬਣਦਾ ਹੈ। ਬੱਤਖ, ਸ੍ਵਾਨ, ਘੋੜੇ ਤੋਂ ਲੈ ਕੇ ਅਨੇਕ ਤਰਾਂ ਦੀ ਬਲੀਆਂ ਦੀ ਫਿਲਾਸਫੀ ਹੈ, ਜਿਸ ਦਾ ਗੁਰੂ ਨਾਨਕ ਪਾਤਸ਼ਾਹ ਨਾਲ ਦੂਰ ਦੂਰ ਤੱਕ ਦਾ ਸੰਬੰਧ ਨਹੀਂ। ਇੱਥੇ ਤੱਕ ਮੋਹਣ ਭਾਗਵਤ ਵਰਗੇ ਵੀ ਇਸ ਸਿਧਾਂਤ ਨੂੰ ਨਹੀਂ ਮੰਨਦੇ।

ਕਿਰਤ ਕਰੋ, ਨਾਮ ਜਪੋ, ਵੰਡ ਕੇ ਛਕੋ ਦੇ ਸਿਧਾਂਤ ਵਰਗਾ ਵੇਦਾਂ ਵਿੱਚ ਕੁੱਝ ਨਹੀਂ ਹੈ। ਇਸ ਰਬੜ ਨੂੰ ਕਿਵੇਂ ਖਿੱਚਣ ਧੂਣਗੇ ਕਿ ਜਿਹੜਾ ਵੇਦਾਂ ਵਿੱਚ ਮੂਲ਼ੋ ਹੀ ਨਹੀਂ ਹੈ।

ਜੇ ਤਨਖਾਹਾਂ ‘ਤੇ ਚੱਲਣ ਵਾਲਿਆਂ ਨੂੰ ਲੱਗਦਾ ਕਿ ਸਾਨੂੰ ਪਤਾ ਨਹੀਂ ਲੱਗਦਾ ਜਾਂ ਅਸੀਂ ਹਾਲੇ ਵੀ ਕੰਨਾਂ ਵਿੱਚ ਪਿਘਰਿਆ ਸਿੱਕਾ ਪੈਣ ਦੇ ਡਰੋਂ ਸਾਹਿਤ ਨਹੀਂ ਪੜ੍ਹ ਰਹੇ ਤਾਂ ਭੁਲੇਖਾ ਕੱਢ ਦੇਣ। ਭਾਗਵਤ ਤੋਂ ਤਨਖਾਹ ਥੋਡੀ ਆਉਂਦੀ ਹੋਊ, ਸਾਨੂੰ ਸਭ ਕੱਝ ਦਿਸਦਾ।

**-ਰਮਨਦੀਪ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਰਹੂਮ ਚੇਅਰਮੈਨ ਰਾਜ ਕੁਮਾਰ ਗੋਇਲ ਦੀ ਪੰਜਵੀਂ ਬਰਸੀ ਨੂੰ ਲੈ ਕੇ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ

# 3 ਅਗਸਤ ਨੂੰ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਸਮਾਗਮ ਵਿੱਚ ਭਰਨੀਆਂ ਹਾਜ਼ਰੀ : ਟਰੱਸਟ ਆਗੂ





ਜਗਰਾਉਂ -(ਵਰਿਆਮ ਹਠੂਰ)ਮਾਰਕਿਟ ਕਮੇਟੀ ਹਠੂਰ ਦੇ ਚੇਅਰਮੈਨ ਰਹਿ ਚੁੱਕੇ ਮਰਹੂਮ ਸ਼੍ਰੀ ਰਾਜ ਕੁਮਾਰ ਗੋਇਲ ਦੀ ਪੰਜਵੀਂ ਬਰਸੀ ਜੋ 3 ਅਗਸਤ ਦਿਨ ਐਤਵਾਰ ਨੂੰ ਸਤਿਕਾਰ ਸਹਿਤ ਮਨਾਈ ਜਾ ਰਹੀ ਹੈ। ਉਸ ਨੂੰ ਲੈ ਕੇ ਅੱਜ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ, ਸ਼ਬਦ ਅਦਬ ਸਹਿਤ ਸਭਾ ਮਾਣੂੰਕੇ, ਚੇਅਰਮੈਨ ਰਾਜ ਕੁਮਾਰ ਗੋਇਲ ਯਾਦਗਾਰੀ ਲਾਇਬਰੇਰੀ ਅਤੇ ਸਿਲਾਈ ਸੈਂਟਰ ਸਮੇਤ ਮਰਹੂਮ ਚੇਅਰਮੈਨ ਰਾਜ ਕੁਮਾਰ ਗੋਇਲ ਦੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਮਾਣੂੰਕੇ ਦੀਆਂ ਸੰਗਤਾਂ ਵੱਲੋਂ ਪਿੰਡ ਮਾਣੂੰਕੇ ਦੀ

ਆਵਾਜ਼ਿ ਕੌਮ AWAZE QAUM International Newspaper & WEB TV

ਧਰਤੀ ਤੇ ਸ਼ਸ਼ੋਭਿਤ ਇਤਿਹਾਸਕ ਗੁਰਦੁਆਰਾ ਸ਼੍ਰੀ ਜੌੜੀਆਂ ਸਾਹਿਬ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ, ਤੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ, ਤੇ ਇਕੱਤਰ ਸੰਗਤਾਂ ਨੇ ਸਤਿਕਾਰ ਸਹਿਤ ਗੁਰੂ ਸਾਹਿਬ ਨੂੰ ਸਿਜਦਾ ਭੇਟ ਕੀਤਾ, ਜਾਣਕਾਰੀ ਦਿੰਦਿਆਂ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਵੱਲੋਂ ਚੇਅਰਪਰਸਨ ਸ੍ਰੀਮਤੀ ਪ੍ਰੇਮ ਲਤਾ ਗੋਇਲ, ਪ੍ਰਧਾਨ ਸਾਬਕਾ ਸਰਪੰਚ ਸਾਧੂ



ਸਿੰਘ ਮਾਣੂੰਕੇ ਅਤੇ ਬਾਬਾ ਗੁਰਦੀਪ ਸਿੰਘ ਦੀਪਾ ਨੇ ਕਿਹਾ ਕਿ ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਦੀ ਪੰਜਵੀਂ ਬਰਸੀ ਨੂੰ ਮੁੱਖ ਰੱਖਦਿਆਂ ਇਤਿਹਾਸਕ ਗੁਰਦੁਆਰਾ ਸ੍ਰੀ ਜੌੜੀਆਂ ਸਾਹਿਬ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਹਨ। ਜਿੰਨ੍ਹਾਂ ਦੇ ਭੋਗ 3 ਅਗਸਤ ਦਿਨ ਐਤਵਾਰ ਨੂੰ ਪਾਏ ਜਾਣਗੇ, ਉਪਰੰਤ ਕੀਰਤਨੀ ਜੱਥਾ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰੇਗਾ, ਸਮੂਹ ਗੁਰਸੰਗਤਾਂ ਬਰਸੀ ਸਮਾਗਮ ਵਿੱਚ ਸਮੇਂ ਸਿਰ ਹਾਜ਼ਰੀ ਭਰਨ ਦੀ ਕਿਰਪਾਲਤਾ ਕਰਨ, ਇਸ ਮੌਕੇ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਸਮੇਤ ਚੇਅਰਮੈਨ ਰਾਜ ਕੁਮਾਰ ਗੋਇਲ ਯਾਦਗਾਰੀ ਲਾਇਬਰੇਰੀ ਪ੍ਰਬੰਧਕਾਂ, ਗ੍ਰਾਮ ਪੰਚਾਇਤ ਅਤੇ ਨਗਰ ਦੀਆਂ ਗੁਰਸੰਗਤਾਂ ਹਾਜ਼ਰ ਸਨ।

### ਕਿਸਾਨਾਂ ਦੀਆਂ ਜ਼ਮੀਨਾਂ ਹੜੱਪਣ ਵਾਲੀ ਲੈਂਡ ਪੂਲਿੰਗ ਦੀ ਨੀਤੀ ਪੰਜਾਬ ਚੋਂ

# ਆਮ ਆਦਮੀ ਪਾਰਟੀ ਦਾ ਬਿਸਤਰਾ ਗੋਲ ਕਰੇਗੀ : ਐੱਸ ਆਰ ਕਲੇਰ, ਚੰਦ ਸਿੰਘ ਡੱਲਾ



ਜਗਰਾਉਂ -(ਵਰਿਆਮ ਹਠੂਰ) ਅਕਾਲੀ ਦਲ 'ਚ ਨਵੀਂ ਰੂਹ ਫੂਕਣ ਲਈ ਪਾਰਟੀ ਵਰਕਰਾਂ ਨਾਲ ਮੀਟਿੰਗ ਦਾ ਸਿਲਸਿਲਾ ਤੇਜ ਕਰਦਿਆਂ ਹਲਕਾ ਇੰਚਾਰਜ ਤੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਐੱਸ.ਆਰ.ਕਲੇਰ ਨੇ ਅੱਜ ਸਰਕਲ ਗਿੱਦੜਵਿੰਡੀ ਦੇ ਪਿੰਡਾਂ ਦੇ ਵਰਕਰਾਂ ਨਾਲ ਮੀਟਿੰਗ ਕੀਤੀ। ਗੁਰਦੁਆਰਾ ਬਾਊਲੀ ਸਾਹਿਬ ਸੋਢੀਵਾਲ ਵਿਖੇ ਹੋਈ ਇਸ ਪ੍ਰਭਾਵਸ਼ਾਲੀ ਮੀਟਿੰਗ ਵਿਚ ਪਾਰਟੀ ਦੀ ਮਜਬੂਤੀ ਅਤੇ ਲੋਕ ਮਸਲਿਆਂ ਦੇ ਹੱਲ ਲਈ ਹੇਠਲੇ ਪੱਧਰ ਦੀਆਂ ਟੀਮਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਦੀ ਲੋੜ 'ਤੇ ਜੋਰ ਦਿੱਤਾ। ਇਸ ਮੌਕੇ ਹਲਕਾ ਇੰਚਾਰਜ ਸ਼੍ਰੀ ਐੱਸ.ਆਰ.ਕਲੇਰ ਅਤੇ ਸੀਨੀਅਰ ਆਗੂ ਚੰਦ ਸਿੰਘ ਡੱਲਾ ਨੇ ਆਖਿਆ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀਆਂ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਨਾਖੁਸ਼ ਹਨ ਤੇ ਲੋਕਾਂ ਦੀਆਂ ਅੱਖਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇਖਣ ਦਾ ਸੁਪਨਾ ਹੈ। ਉਹਨਾਂ ਨੇ ਆਖਿਆ ਕਿ ਅੱਜ ਆਮ ਲੋਕਾਂ ਦੀ ਬਾਂਹ ਫੜਨ ਵਾਲਾ ਕੋਈ ਨਹੀ ਹੈ ਤੇ ਗਰੀਬ ਮਜਦੂਰ ਤੇ ਕਿਸਾਨ ਆਰਥਿਕ ਮੰਦਹਾਲੀ ਨਾਲ ਜੂਝ ਰਹੇ ਹਨ ਉਨ੍ਹਾਂ ਆਖਿਆ ਕਿ ਲੈਂਡ ਪੂਲਿੰਗ ਸਕੀਮ ਤੇ ਹੋਰਨਾਂ ਲੋਕ ਮਾਰੂ ਨੀਤੀਆਂ ਨੇ ਆਮ ਲੋਕਾਂ ਦਾ ਸਰਕਾਰ ਤੋਂ ਮੋਹ ਭੰਗ ਕਰ ਦਿੱਤਾ ਹੈ ਉਨ੍ਹਾ ਆਖਿਆ ਕਿ ਪੰਜਾਬ ਦੇ ਲੋਕ ਹੁਣ ਨਵਾਂ ਅਧਿਆਏ ਲਿਖਣਗੇ ਤੇ ਆਮ ਆਦਮੀ ਦੀ ਸਰਕਾਰ ਬੀਤੇ ਵੇਲੇ ਦੀ ਗੱਲ ਹੋਵੇਗੀ। ਇਸ ਮੌਕੇ ਸ੍ਰੀ ਐੱਸ ਆਰ ਕਲੇਰ ਸਾਬਕਾ ਵਿਧਾਇਕ ਜਗਰਾਓਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਸਾਬਕਾ ਚੇਅਰਮੈਨ ਸ ਚੰਦ ਸਿੰਘ ਡੱਲਾ ਨੂੰ ਲੁਧਿਆਣਾ ਦਿਹਾਤੀ ਦਾ ਜ਼ਿਲ੍ਹਾ ਪ੍ਰਧਾਨ ਬਣਾਏ ਜਾਣ ਤੇ ਸਨਮਾਨਿਤ ਵੀ ਕੀਤਾ। ਇਸ ਮੌਕੇ ਸਰਕਲ ਪ੍ਰਧਾਨ ਤੇਜਿੰਦਰਪਾਲ ਸਿੰਘ ਕੰਨੀਆ, ਕੁਲਦੀਪ ਸਿੰਘ ਗਿੱਦੜਵਿੰਡੀ, ਭਾਵਖੰਡਨ ਸਿੰਘ ਗਿੱਦੜਵਿੰਡੀ, ਪ੍ਰਧਾਨ ਗੁਰਬਚਨ ਸਿੰਘ ਬਾਘੀਆ, ਸਾਬਕਾ ਸਰਪੰਚ ਜਸਦੇਵ ਸਿੰਘ ਲੀਲਾਂ, ਸਾਬਕਾ ਸਰਪੰਚ ਸੁਰਿੰਦਰ ਸਿੰਘ ਪਰਜੀਆਂ ਬਿਹਾਰੀਪੁਰ, ਸਾਬਕਾ ਸਰਪੰਚ ਅਵਤਾਰ ਸਿੰਘ ਤਿਹਾੜਾ, ਗੁਰਵਿੰਦਰ ਸਿੰਘ ਤਰਫ ਕੋਟਲੀ, ਅਮਰਜੀਤ ਸਿੰਘ ਮੰਡ ਤਿਹਾੜਾ, ਸਾਬਕਾ ਸਰਪੰਚ ਕੁਲਵੀਰ ਸਿੰਘ ਬਹਾਦਰਕੇ, ਜਸਵੰਤ ਸਿੰਘ ਪੱਤੀ ਮੁਲਤਾਨੀ, ਸਾਬਕਾ ਸਰਪੰਚ ਗੁਰਦੀਪ ਸਿੰਘ ਸ਼ੇਰੇਵਾਲ, ਸਾਬਕਾ ਸਰਪੰਚ ਕਰਨੈਲ ਸਿੰਘ ਜਨੇਤਪੁਰਾ, ਆਮਨਾ ਗਿੱਦੜਵਿੰਡੀ, ਬਲਰਾਜ ਸਿੰਘ ਗਰੇਵਾਲ ਲੀਲਾ, ਅਜਮੇਰ ਸਿੰਘ ਲੀਲਾ, ਜਗਦੇਵ ਸਿੰਘ ਲੀਲਾ, ਕੁਲਵਿੰਦਰ ਸਿੰਘ ਲੀਲਾ, ਸਾਬਕਾ ਸਰਪੰਚ ਮਨਜੀਤ ਸਿੰਘ ਕੰਨੀਆ ਖੁਰਦ, ਸਰਪੰਚ ਗੁਰਚਰਨ ਸਿੰਘ ਕੰਨੀਆ ਖੁਰਦ, ਗੁਰਦੀਪ ਸਿੰਘ ਗਿੱਦੜਵਿੰਡੀ, ਪੰਚ ਕੁਲਦੀਪ ਸਿੰਘ ਪੱਤੀ ਮੁਲਤਾਨੀ, ਪ੍ਰਧਾਨ ਗੁਰਨਾਮ ਸਿੰਘ ਗਿੱਦੜਵਿੰਡੀ, ਤੇਜਿੰਦਰ ਸਿੰਘ ਲੋਧੀਵਾਲ, ਸਰਪੰਚ ਹਰਮਨਜੋਤ ਸਿੰਘ ਤਿਹਾੜਾ, ਕਰਮ ਸਿੰਘ ਲੋਧੀਵਾਲ, ਜਗਰਾਜ ਸਿੰਘ ਜਨੇਤਪੁਰਾ, ਗੁਰਦੇਵ ਸਿੰਘ ਤਿਹਾੜਾ, ਸੁਖਦੇਵ ਸਿੰਘ ਧਨੇਰ ਤਿਹਾੜਾ, ਅਵਤਾਰ ਸਿੰਘ ਗਿੱਦੜਵਿੰਡੀ, ਅਮਰਜੀਤ ਸਿੰਘ ਅੱਬੂਪੁਰਾ, ਅਮਨਪ੍ਰੀਤ ਸਿੰਘ ਕਨੀਆ ਖੁਰਦ, ਜਗਤਾਰ ਸਿੰਘ ਕੰਨੀਆ ਖੁਰਦ, ਪ੍ਰੀਤਮ ਸਿੰਘ ਪੱਤੀ ਮੁਲਤਾਨੀ, ਜੋਗਿੰਦਰ ਸਿੰਘ ਪਤੀ ਮੁਲਤਾਨੀ, ਤਲਵਿੰਦਰ ਸਿੰਘ ਪੱਤੀ ਮੁਲਤਾਨੀ,ਸਰਪੰਚ ਸੰਦੀਪ ਕੌਰ ਕੰਨੀਆਂ ਖੁਰਦ ਪੰਚ ਭਗਵਾਨ ਸਿੰਘ ਕੰਨੀਆ ਖੁਰਦ ਪੰਚ ਸੁਰਜੀਤ ਕੌਰ ਕੰਨੀਆ ਖੁਰਦ ਪੰਚ ਪਰਮਜੀਤ ਕੌਰ ਕੰਨੀਆ ਖੁਰਦ ਪੰਚ ਜਸਕਰਨ ਸਿੰਘ ਕੰਨੀਆ ਖੁਰਦ, ਜਗਜੀਤ ਸਿੰਘ ਮਲਸ਼ੀਹਾ ਬਾਜਣ ,ਮੰਗਲ ਸਿੰਘ ਸੋਢੀਵਾਲ, ਆਤਮਾ ਸਿੰਘ ਸੋਢੀਵਾਲ, ਤੇਜਿੰਦਰ ਸਿੰਘ ਸੋਡੀਵਾਲ, ਸੁਖਦੀਪ ਸਿੰਘ ਬਹਾਦਰਕੇ, ਸੰਦੀਪ ਸਿੰਘ ਤਰਫ ਕੋਟਲੀ, ਰੂਪ ਸਿੰਘ ਸੋਢੀਵਾਲ, ਪਰਮਜੀਤ ਸਿੰਘ ਅਬੂਬਰਾ, ਬਲਵੀਰ ਸਿੰਘ ਬਾਗੀਆਂ, ਲਖਬੀਰ ਸਿੰਘ ਅੱਬੂਪੁਰਾ, ਪ੍ਰੇਮ ਸਿੰਘ ਧਾਲੀਵਾਲ ਮਲਸੀਹਾਂ ਵਾਜਣ, ਦਰਸ਼ਨ ਸਿੰਘ ਗਿੱਦੜਵਿੰਡੀ ,ਜੱਗਾ ਸਿੰਘ ਗਿੱਦਰਵਿੰਡੀ ਹਰਨੇਕ ਸਿੰਘ ਗਿੱਦੜਵਿੰਡੀ ਅਵਤਾਰ ਸਿੰਘ ਗਿੱਦੜਵਿੰਡੀ, ਜਗੀਰ ਸਿੰਘ ਸੋਡੀਵਾਲ, ਤੇਜਿੰਦਰ ਸਿੰਘ ਸੋਢੀਵਾਲ, ਭਗਵਾਨ ਸਿੰਘ ਕੰਨੀਆ ਖੁਰਦ, ਤਰਸੇਮ ਸਿੰਘ ਕੰਨੀਆ ਖੁਰਦ, ਜਸਕਰਨ ਸਿੰਘ ਕੰਨੀਆ ਖੁਰਦ, ਦਰਬਾਰਾ ਸਿੰਘ ਸਾਬਕਾ ਸਰਪੰਚ ਕੰਨਿਆ ਹੁਸੈਨੀ, ਮੁਖਤਿਆਰ ਸਿੰਘ ਬਾਗੀਆਂ, ਬਲਵੀਰ ਸਿੰਘ ਬਾਗੀਆਂ, ਕੁੰਦਨ ਸਿੰਘ ਬਾਗੀਆਂ, ਬਚਿੱਤਰ ਸਿੰਘ ਜਨੇਤਪੁਰਾ, ਹਰਜੀਤ ਸਿੰਘ ਜਨੇਤਪੁਰਾ, ਮਨਜੀਤ ਸਿੰਘ ਜਨੇਤਪੁਰਾ,ਕਰਨਜੀਤ ਸਿੰਘ ਜਨੇਤਪੁਰਾ ਤੇ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਲੋਕਾਂ ਦੀਆਂ ਅੱਖਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਖਣ ਦਾ ਸੁਪਨਾ : ਕਲੇਰ

# ਸਰਕਾਰੀ ਸਕੂਲਾਂ,ਪ੍ਰਾਈਵੇਟ ਸਕੂਲਾਂ ਵਿੱਚ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਡ੍ਰਾਈ ਡੇ ਐਕਟੀਵਿਟੀ ਕੀਤੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਡਾਕਟਰ ਸੰਜੇ ਕਾਮਰਾ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ,ਡਾਕਟਰ ਰਮਨਦੀਪ ਕੌਰ ਅਤੇ ਐਸ ਐਮ ਓ ਡਾਕਟਰ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਬਾਲੀਆਂ ਧੰਦੀਵਾਲ,ਕਾਂਝਲਾ,ਲੱਡਾਂ,ਬੇਨੜਾ ਵਿਖੇ ਘਰਾਂ ਅਤੇ ਸਰਕਾਰੀ ਸਕੂਲਾਂ,ਪ੍ਰਾਈਵੇਟ ਸਕੂਲਾਂ ਵਿੱਚ ਹਰ ਸ਼ੁੱਕਰਵਾਰ ਡੈਂਗੂ ਤੇ ਵਾਰ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ ਸੈਕਟਰ ਕਾਂਝਲਾ ਆਧੀਨ ਆਉਂਦੇ ਸਾਰੇ ਸਰਕਾਰੀ ਸਕੂਲਾਂ ਅਤੇ ਸਾਰੇ ਪ੍ਰਾਈਵੇਟ ਸਕੂਲਾਂ ਵਿੱਚ ਬੱਚਿਆਂ ਨੂੰ ਡੈਂਗੂ,ਚਿਕਨਗੁਨੀਆ, ਮਲੇਰੀਏ ਅਤੇ ਬਰਸਾਤ ਤੋਂ ਹੋਣ ਵਾਲੀਆਂ ਬਿਮਾਰੀਆਂ ਹੈਜਾ,ਦਸਤ ਉਲਟੀਆ ਆਦਿ ਤੋਂ ਬਚਾਓ ਲਈ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਸਮ ਵਿੱਚ ਮੱਛਰਾਂ ਦੀ ਪੈਦਾਇਸ ਵਿੱਚ ਕਾਫੀ ਵਾਧਾ ਹੁੰਦਾ ਹੈ ਇਸ ਲਈ ਸਾਨੂੰ ਮੱਛਰ ਦੇ ਲਾਰਵੇ ਨੂੰ ਪੈਦਾ ਹੋਣ ਤੋਂ ਰੋਕਣਾ ਹੈ । ਇਸ ਲਈ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਉਪਰਾਲਾ ਕਰਨਾ ਚਾਹੀਦਾ ਹੈ।ਇਸ ਲਈ ਸਾਨੂੰ ਸਾਰਿਆਂ ਨੂੰ ਆਪਣੇ ਆਪਣੇ ਘਰਾਂ ਵਿੱਚ ਕੂਲਰਾਂ,ਫਰਿੱਜਾਂ ਦੀਆਂ ਟਰੇਆਂ,ਟੈਕੀਆਂ,ਕੰਨਟੇਨਰਾ,ਕਟੋਰੇ,ਬਰਤਨਾ ਕਬਾੜ ਆਦਿ ਨੂੰ ਸਾਫ਼ ਕਰਨਾ ਚਾਹੀਦਾ ਹੈ।ਅਤੇ ਘਰਾਂ ਤੋਂ ਬਾਹਰ ਪਏ ਕੰਡਮ ਸਮਾਨ ਜਿਵੇਂ ਪੁਰਾਣੇ ਟਾਇਰ,ਖਾਲੀ ਬੋਤਲਾਂ ਜਿੰਨਾਂ ਵਿੱਚ ਬਰਸਾਤ ਦਾ ਪਾਣੀ ਜਮਾਂ ਹੋ ਜਾਂਦਾ ਹੈ ਛੱਤਾ ਦੇ ਥੱਲੇ ਜਾ ਢੱਕ ਕੇ ਰੱਖਣ ਸਬੰਧੀ ਜਾਣਕਾਰੀ ਦਿੱਤੀ ਗਈ । ਸਮੁੱਚੀ ਟੀਮ ਵੱਲੋਂ ਕੂਲਰਾਂ ਅਤੇ ਪਾਣੀ ਦੇ ਸੋਮਿਆਂ ਵਿੱਚ ਲਾਰਵੇ ਦੀ ਚੈਕਿੰਗ ਕੀਤੀ ਅਤੇ ਬੁਖਾਰ ਹੋਣ ਤੇ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੀਦਾ ਹੈ ਅਤੇ ਪਿੰਡ ਕਾਂਝਲਾ ਵਿੱਚ ਡੈਂਗੂ ਦੇ ਲਾਰਵੇ ਦੇ ਖ਼ਾਤਮੇ ਲਈ ਲਾਰਵੀਸਾਈਡ ਦੀ ਸਪਰੇਅ ਕਰਵਾਈ ਗਈ।ਟੀਮ ਮੈਂਬਰ ਹਰਜੀਤ ਸਿੰਘ,ਗੁਰਵਿੰਦਰ ਸਿੰਘ ,ਗੁਰਪ੍ਰੀਤ ਸਿੰਘ,ਜਸਵਿੰਦਰ ਸਿੰਘ,ਅਮਰੀਕ ਸਿੰਘ ਮ,ਪ,ਹ,ਵ(ਮ) ਅਤੇ ਬਰੀਡ ਚੈਕਰ ਕਰਮਜੀਤ ਸਿੰਘ,ਲਖਵਿੰਦਰ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਐਮਐਸਪੀ ਕਮੇਟੀ ਵਲੋਂ ਰਿਪੋਰਟ ਵਿੱਚ ਦੇਰੀ ਕਰਨਾ ਵਡੀ ਚਿੰਤਾ ਦਾ ਵਿਸ਼ਾ: ਵਿਕਰਮ ਸਾਹਨੀ



ਨਵੀਂ ਦਿੱਲੀ 1 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਤੋਂ ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਜੁਲਾਈ 2022 ਵਿੱਚ ਸਰਕਾਰ ਵੱਲੋਂ ਘੱਟੋ-ਘੱਟ ਸਮਰਥਨ ਮੁੱਲ ਵਿਧੀ ਵਿੱਚ ਸੁਧਾਰਾਂ, ਫਸਲੀ ਵਿਭਿੰਨਤਾ ਅਤੇ ਕੁਦਰਤੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਬਣਾਈ ਗਈ ਕਮੇਟੀ ਦੇ ਕੰਮਕਾਜ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਰਾਜ ਸਭਾ ਵਿੱਚ ਡਾ. ਸਾਹਨੀ ਵੱਲੋਂ ਪੁੱਛੇ ਗਏ ਇੱਕ ਸਵਾਲ ਵਿੱਚ, ਖੇਤੀਬਾੜੀ ਰਾਜ ਮੰਤਰੀ ਨੇ ਦੱਸਿਆ ਕਿ ਜੁਲਾਈ 2022 ਵਿੱਚ ਕਮੇਟੀ ਦੇ ਗਠਨ ਤੋਂ ਬਾਅਦ, 6 ਮੁੱਖ ਮੀਟਿੰਗਾਂ ਹੋ ਚੁੱਕੀਆਂ ਹਨ ਜਿਨ੍ਹਾਂ ਵਿੱਚ ਖੇਤੀਬਾੜੀ ਯੂਨੀਵਰਸਿਟੀਆਂ ਦੇ ਵੱਖ-ਵੱਖ ਪ੍ਰਤੀਨਿਧੀਆਂ ਅਤੇ ਰਾਜਾਂ ਦੇ ਸਕੱਤਰਾਂ ਨੂੰ ਸ਼ਾਮਲ ਕੀਤਾ ਗਿਆ ਹੈ।ਡਾ.ਸਾਹਨੀ ਨੇ ਕਿਹਾ ਕਿ ਪ੍ਰੀਮੀਅਰ ਐਗਰੀਕਲਚਰ ਯੂਨੀਵਰਸਿਟੀ, ਪੀਏਯੂ ਲੁਧਿਆਣਾ ਦੇ ਵਾਈਸ ਚਾਂਸਲਰ ਅਤੇ ਪੰਜਾਬ ਦੇ ਖੇਤੀਬਾੜੀ ਸਕੱਤਰ ਨੂੰ ਇੱਕ ਪ੍ਰਮੁੱਖ ਖੇਤੀਬਾੜੀ ਰਾਜ ਹੋਣ ਕਰਕੇ ਕਮੇਟੀ ਵਿੱਚ ਸ਼ਾਮਲ ਨਹੀਂ ਕੀਤਾ ਗਿਆ ਹੈ। ਡਾ. ਸਾਹਨੀ ਨੇ ਕਿਹਾ ਕਿ ਪਿਛਲੇ 6 ਮਹੀਨਿਆਂ ਦੌਰਾਨ ਕਮੇਟੀ ਜਾਂ ਇੱਥੋਂ ਤੱਕ ਕਿ ਕਿਸੇ ਵੀ ਸਬ-ਕਮੇਟੀ ਦੀ ਕੋਈ ਮੀਟਿੰਗ ਨਹੀਂ ਹੋਈ। ਡਾ. ਸਾਹਨੀ ਨੇ ਮੰਗ ਕੀਤੀ ਕਿ ਘੱਟੋ-ਘੱਟ ਸਮਰਥਨ ਮੁੱਲ ਸੁਧਾਰਾਂ ਅਤੇ ਫਸਲੀ ਵਿਭਿੰਨਤਾ ਬਾਰੇ ਕਮੇਟੀਆਂ ਦੀਆਂ ਸਿਫ਼ਾਰਸ਼ਾਂ 'ਤੇ ਘੱਟੋ-ਘੱਟ ਇੱਕ ਅੰਤਰਿਮ ਰਿਪੋਰਟ ਜਨਤਕ ਕੀਤੀ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਮੌਜੂਦਾ ਘੱਟੋ-ਘੱਟ ਸਮਰਥਨ ਮੁੱਲ ਮੱਕੀ, ਸਰ੍ਹੋਂ, ਕਪਾਹ ਅਤੇ ਬਾਜਰਾ ਸਮੇਤ 22 ਫਸਲਾਂ ਲਈ ਐਲਾਨਿਆ ਗਿਆ ਹੈ, ਫਿਰ ਵੀ ਕਿਸਾਨਾਂ ਨੂੰ ਇਹ ਫਸਲਾਂ ਐਲਾਨੀ ਕੀਮਤ ਤੋਂ ਬਹੁਤ ਘੱਟ ਕੀਮਤ 'ਤੇ ਵੇਚਣੀਆਂ ਪੈ ਰਹੀਆਂ ਹਨ ਜੋ ਫਸਲੀ ਵਿਭਿੰਨਤਾ ਨੂੰ ਰੋਕ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ 'ਚ 5 ਫੀਸਦੀ ਵਾਧਾ




ਨਵੀਂ ਦਿੱਲੀ, 1 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਵਿਚ 5 ਫੀਸਦੀ ਦਾ ਵਾਧਾ ਕਰ ਦਿੱਤਾ ਹੈ। ਇਸ ਬਾਰੇ ਐਲਾਨ ਅੱਜ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਅੱਜ ਮੁਲਾਜ਼ਮਾਂ ਨਾਲ ਮੀਟਿੰਗ ਵਿਚ ਕੀਤਾ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਕਮੇਟੀ ਦੇ ਮੁਲਾਜ਼ਮ ਉਹਨਾਂ ਲਈ ਪਰਿਵਾਰ ਦਾ ਹਿੱਸਾ ਹਨ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਵਿਚ ਮੁਲਾਜ਼ਮਾਂ ਦੀ ਅਹਿਮ ਭੂਮਿਕਾ ਰਹਿੰਦੀ ਹੈ। ਉਹਨਾਂ ਕਿਹਾ ਕਿ ਮੁਲਾਜ਼ਮ ਕਮੇਟੀ ਦੀ ਰੀੜ੍ਹ ਦੀ ਹੱਡੀ ਵਰਗੀ ਅਹਿਮ ਭੂਮਿਕਾ ਅਦਾ ਕਰ ਰਹੇ ਹਨ। ਉਹਨਾਂ ਕਿਹਾ ਕਿ ਕਮੇਟੀ ਦੇ ਸਾਰੇ ਕੰਮਾਂ ਨੂੰ ਨੇਪਰੇ ਚੜ੍ਹਾਉਣ ਵਿਚ ਮੁਲਾਜ਼ਮਾਂ ਦੇ ਯੋਗਦਾਨ ਦੀ ਸ਼ਲਾਘਾ ਵਾਸਤੇ ਸ਼ਬਦ ਵੀ ਬਹੁਤ ਥੋੜ੍ਹੇ ਰਹਿ ਜਾਂਦੇ ਹਨ। ਉਹਨਾਂ ਕਿਹਾ ਕਿ ਕਮੇਟੀ ਨੇ ਹਮੇਸ਼ਾ ਮੁਲਾਜ਼ਮਾਂ ਦੇ ਹਿੱਤਾਂ ਦਾ ਖਿਆਲ ਰੱਖਿਆ ਹੈ ਤੇ ਹਮੇਸ਼ਾ ਰੱਖੇਗੀ। ਉਹਨਾਂ ਦੱਸਿਆ ਕਿ ਇਸ ਵਾਰ ਜਿਥੇ ਮੁਲਾਜ਼ਮਾਂ ਦੀਆਂ ਤਨਖਾਹਾਂ 31 ਤਾਰੀਕ ਨੂੰ ਰਿਲੀਜ਼ ਕਰ ਦਿੱਤੀਆਂ ਗਈਆਂ ਹਨ, ਉਥੇ ਹੀ ਸੇਵਾ ਮੁਕਤ ਹੁੰਦੇ ਮੁਲਾਜ਼ਮਾਂ ਦੇ ਬਣਦੇ ਬਕਾਏ ਵੀ ਸਮੇਂ ਸਿਰ ਅਦਾ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਪ੍ਰਕਾਸ਼ ਪੁਰਬ ਕਮੇਟੀ ਵੱਲੋਂ ਵੱਡੀ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਇਸ ਮਹਾਨ ਦਿਵਸ ਨੂੰ ਸਮਰਪਿਤ ਵੱਡੇ ਸਮਾਗਮ ਆਯੋਜਿਤ ਹੋਣੇ ਹਨ ਜਿਹਨਾਂ ਨੂੰ ਪ੍ਰਵਾਨ ਚੜ੍ਹਾਉਣ ਵਿਚ ਕਮੇਟੀ ਮੁਲਾਜ਼ਮਾਂ ਦੀ ਭੂਮਿਕਾ ਸਭ ਤੋਂ ਅਹਿਮ ਰਹੇਗੀ। ਉਹਨਾਂ ਕਿਹਾ ਕਿ ਮੁਲਾਜ਼ਮ ਆਪਣੇ ਕੰਮ ਪ੍ਰਤੀ ਪੂਰੀ ਸੰਜੀਦਗੀ ਤੇ ਤਨਦੇਹੀ ਨਾਲ ਡਿਊਟੀਆਂ ਨਿਭਾ ਰਹੇ ਹਨ। ਉਹਨਾਂ ਕਿਹਾ ਕਿ ਕਮੇਟੀ ਹਮੇਸ਼ਾ ਮੁਲਾਜ਼ਮਾਂ ਦੇ ਮੋਢੇ ਨਾਲ ਮੋਢਾ ਲਗਾ ਕੇ ਖੜ੍ਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਪੰਚ ਭੋਜੋਵਾਲੀ ਅਤੇ ਚੇਅਰਮੈਨ ਸੋਹੀ

# ਵੱਡੇ ਕਾਫਲੇ ਸਮੇਤ ਸੁਨਾਮ ਪਹੁੰਚੇ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਹੀਦਾਂ ਦੇ ਸਨਮਾਨ ਵਿੱਚ ਸ਼ਹੀਦ ਊਧਮ ਸਿੰਘ ਸੁਨਾਮ ਦੇ ਸ਼ਹੀਦੀ ਦਿਹਾੜੇ ਨੂੰ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਧੂਰੀ ਹਲਕੇ ਦੇ ਪਿੰਡ ਭੋਜੋਵਾਲੀ ਤੋਂ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਅਤੇ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਟ ਸੰਗਰੂਰ ਦੀ ਅਗਵਾਈ ਹੇਠ ਵੱਡੇ ਕਾਫਲੇ ਸਮੇਤ ਸਮਾਗਮ ਵਿੱਚ ਸਿਰਕਿਤ ਕੀਤੀ ਗਈ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਰਪੰਚ ਜੱਗਾ ਭੋਜੋਵਾਲੀ ਅਤੇ ਅਮਰੀਕ ਸਿੰਘ ਸੋਹੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਨੇ ਹਮੇਸ਼ਾ ਹੀ ਸਹੀਦ ਦਾ ਸਨਮਾਨ ਕੀਤਾ ਹੈ, ਜਦੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਸਰਕਾਰ ਦਾ ਸਹੁੰ ਚੁਕ ਸਮਾਗਮ ਸਹੀਦ ਭਗਤ ਸਿੰਘ ਦੈ ਪਿੰਡ ਖੜਕੜ ਕਲਾ ਵਿਖੇ ਕੀਤਾ ਗਿਆ।

### ਆਈ.ਐਫ.ਐਸ. ਅਧਿਕਾਰੀ ਨਰੇਸ਼ ਮਹਾਜਨ ਸੇਵਾਮੁਕਤ, ਵਣ ਵਿਭਾਗ ਫ਼ਿਰੋਜ਼ਪੁਰ ਸਰਕਲ ਵੱਲੋਂ ਦਿੱਤੀ ਗਈ ਸ਼ਾਨਦਾਰ ਵਿਦਾਇਗੀ

# ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਨਾਲ ਹੋਈ ਸਮਾਗਮ ਦੀ ਸ਼ੁਰੂਆਤ, ਲਗਾਏ ਪੌਦੇ, ਪਰਿਵਾਰਕ ਮੈਂਬਰਾਂ ਅਤੇ ਉੱਚ ਅਧਿਕਾਰੀਆਂ ਨੇ ਕੀਤੀ ਸ਼ਮੂਲੀਅਤ

**ਫ਼ਿਰੋਜ਼ਪੁਰ, 1 ਅਗਸਤ (ਮਨੋਹਰ ਲਾਲ)**-ਵਣ ਵਿਭਾਗ ਵਿੱਚ ਆਪਣੀਆਂ 37 ਸਾਲਾਂ ਤੋਂ ਵੱਧ ਦੀਆਂ ਸ਼ਾਨਦਾਰ ਸੇਵਾਵਾਂ ਨਿਭਾਉਣ ਤੋਂ ਬਾਅਦ, ਵਣ ਪਾਲ ਫ਼ਿਰੋਜ਼ਪੁਰ ਸਰਕਲ ਸ਼੍ਰੀ ਨਰੇਸ਼ ਮਹਾਜਨ (ਆਈ.ਐਫ.ਐਸ.) 31 ਜੁਲਾਈ 2025 ਨੂੰ ਸੇਵਾਮੁਕਤ ਹੋ ਗਏ। ਇਸ ਮੌਕੇ 'ਤੇ ਉਨ੍ਹਾਂ ਦੇ ਸਨਮਾਨ ਵਿੱਚ ਫ਼ਿਰੋਜ਼ਪੁਰ ਛਾਉਣੀ ਦੇ ਭਸੀਨ ਪੈਲੇਸ ਵਿਖੇ ਇੱਕ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਭਾਗ ਦੇ ਕਈ ਉੱਚ ਅਧਿਕਾਰੀਆਂ, ਕਰਮਚਾਰੀਆਂ ਅਤੇ ਮਹਾਜਨ ਦੇ ਪਰਿਵਾਰਕ ਮੈਂਬਰਾਂ ਨੇ ਸ਼ਿਰਕਤ ਕੀਤੀ। ਇਸ ਸਮਾਰੋਹ ਦੀ ਸ਼ੁਰੂਆਤ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਉਨ੍ਹਾਂ ਨੂੰ ਖੜ੍ਹੇ ਹੋ ਕੇ ਸ਼ਰਧਾਂਜਲੀ ਭੇਂਟ ਕਰਨ ਨਾਲ ਹੋਈ। ਸ਼ਹੀਦਾਂ ਨੂੰ ਯਾਦ ਕਰਨ ਤੋਂ ਬਾਅਦ, ਸ਼੍ਰੀ ਨਰੇਸ਼ ਮਹਾਜਨ ਨੇ ਵਣ ਵਿਭਾਗ ਦੇ ਸਹਿਯੋਗ ਨਾਲ ਆਪਣੇ ਪਰਿਵਾਰ ਸਮੇਤ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸਮਾਧ, ਹੁਸੈਨੀਵਾਲਾ ਵਿਖੇ ਪੌਦੇ ਲਗਾ ਕੇ 'ਵਣ ਮਹਾਂਉਤਸਵ' ਮਨਾਇਆ। ਇਹ ਉਨ੍ਹਾਂ ਦੇ ਵਾਤਾਵਰਨ ਪ੍ਰਤੀ ਲਗਾਅ ਅਤੇ ਜ਼ਿੰਮੇਵਾਰੀ ਨੂੰ ਦਰਸਾਉਂਦਾ ਹੈ ਸੇਵਾਮੁਕਤੀ ਤੋਂ ਬਾਅਦ ਸ਼੍ਰੀ ਮਹਾਜਨ ਨੂੰ ਸਨਮਾਨਿਤ ਕਰਨ ਲਈ ਆਯੋਜਿਤ ਕੀਤੇ ਗਏ ਇਸ ਸਮਾਰੋਹ ਦੌਰਾਨ, ਦਫ਼ਤਰੀ ਸਟਾਫ਼ ਅਤੇ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ (ਮੋਮੈਂਟੋ) ਭੇਟ ਕੀਤੇ ਗਏ। ਇਸ ਤੋਂ ਇਲਾਵਾ, ਹਾਜ਼ਰ ਉੱਚ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਵੀ ਸ਼੍ਰੀ ਮਹਾਜਨ ਨੂੰ ਕੀਮਤੀ ਤੋਹਫ਼ੇ ਦੇ ਕੇ ਉਨ੍ਹਾਂ ਦਾ ਸਨਮਾਨ ਕੀਤਾ। ਸਮਾਰੋਹ ਵਿੱਚ ਵੱਖ-ਵੱਖ ਬੁਲਾਰਿਆਂ ਨੇ ਸ਼੍ਰੀ ਨਰੇਸ਼ ਮਹਾਜਨ ਦੀ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ। ਇਨ੍ਹਾਂ ਬੁਲਾਰਿਆਂ ਵਿੱਚ ਸ਼੍ਰੀ ਸਵਰਨ ਸਿੰਘ (ਵਣ ਮੰਡਲ ਅਫ਼ਸਰ, ਬਠਿੰਡਾ), ਸ਼੍ਰੀ ਅੰਮ੍ਰਿਤਪਾਲ ਸਿੰਘ (ਵਣ ਮੰਡਲ ਅਫ਼ਸਰ, ਸ੍ਰੀ ਮੁਕਤਸਰ ਸਾਹਿਬ), ਸ਼੍ਰੀ ਮਨਜੀਤ ਕੁਮਾਰ (ਡਿਪਟੀ ਡਾਇਰੈਕਟਰ), ਸ਼੍ਰੀਮਤੀ ਜਸਵੀਰ ਕੌਰ, ਸ਼੍ਰੀ ਗੁਰਜੀਤ ਸਿੰਘ (ਰੇਂਜ ਅਫ਼ਸਰ, ਫਿਰੋਜ਼ਪੁਰ), ਮੁਹਿੰਦਰ ਸਿੰਘ ਧਾਲੀਵਾਲ (ਜਨਰਲ ਸਕੱਤਰ, ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ), ਸ਼੍ਰੀਮਤੀ ਪ੍ਰਿਮੀਕਾ ਅਤੇ ਸ਼੍ਰੀ ਜਸਮੀਨ ਸ਼ਾਮਲ ਸਨ। ਸਮਾਰੋਹ ਵਿੱਚ ਹਾਜ਼ਰ ਹੋਣ ਵਾਲਿਆਂ ਵਿੱਚ ਸ਼੍ਰੀ ਰਣਜੀਤ ਸਿੰਘ (ਸੁਪਰਡੈਂਟ), ਸ਼੍ਰੀ ਤਜਿੰਦਰ ਸਿੰਘ (ਉਪ ਵਣ ਮੰਡਲ ਅਫ਼ਸਰ), ਸ਼੍ਰੀ ਅਮਰਿੰਦਰ (ਬਠਿੰਡਾ), ਚਮਕੌਰ ਸਾਹਿਬ (ਫ਼ਰੀਦਕੋਟ), ਸੁਖਦੇਵ ਸਿੰਘ (ਫ਼ਾਜ਼ਿਲਕਾ), ਅਵਿਨਾਸ਼ ਚੰਦਰ (ਅਬੋਹਰ), ਹਰਜੀਤ ਸਿੰਘ (ਲੰਬੀ), ਸ਼੍ਰੀਮਤੀ ਸਪਨਾ, ਕਮਲਜੀਤ ਕੌਰ, ਪਰਮਿੰਦਰ ਕੌਰ ਰਿੰਪੀ, ਸਰੋਜ, ਸਤਨਾਮ ਸਿੰਘ, ਸਵੀਤਾ, ਮਨਜੀਤ ਡਰਾਈਵਰ, ਸੁਸ਼ੀਲ ਗਰਗ, ਗੁਰਪਾਲ ਸਿੰਘ, ਨਿਰਮਲ ਸਿੰਘ ਅਤੇ ਰਾਮਬੀਰ ਆਦਿ ਸ਼ਾਮਲ ਸਨ। ਸਮਾਗਮ ਦੇ ਅੰਤ ਵਿੱਚ, ਸ਼੍ਰੀ ਮਨਜੀਤ ਸਿੰਘ (ਡਿਪਟੀ ਡਾਇਰੈਕਟਰ) ਨੇ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ। ਸ਼੍ਰੀ ਨਰੇਸ਼ ਮਹਾਜਨ ਦਾ ਜਨਮ 25 ਜੁਲਾਈ 1965 ਨੂੰ ਹੋਇਆ ਸੀ ਅਤੇ ਉਨ੍ਹਾਂ ਨੇ 2 ਮਾਰਚ 1988 ਨੂੰ ਵਣ ਰੇਂਜ ਅਫ਼ਸਰ ਵਜੋਂ ਆਪਣੀ ਨੌਕਰੀ ਸ਼ੁਰੂ ਕੀਤੀ ਸੀ। ਉਹ ਸਾਲ 2009 ਵਿੱਚ ਆਈ.ਐਫ.ਐਸ. ਬਣੇ ਅਤੇ ਫਿਰ 2019 ਵਿੱਚ ਉਨ੍ਹਾਂ ਨੂੰ ਰੈਗੂਲਰ ਆਈ.ਐਫ.ਐਸ. ਵਜੋਂ ਤਰੱਕੀ ਮਿਲੀ। ਉਹ ਆਪਣੇ ਸੇਵਾਕਾਲ ਦੌਰਾਨ ਕਈ ਜ਼ਿਲ੍ਹਿਆਂ ਵਿੱਚ ਵੱਖ-ਵੱਖ ਅਹੁਦਿਆਂ 'ਤੇ ਸੇਵਾਵਾਂ ਨਿਭਾ ਚੁੱਕੇ ਹਨ।





### ਸੰਸਥਾ ਸਟਰੀਮ ਲਾਇਨ ਵੈਲਫੇਅਰ ਸੋਸਾਇਟੀ ਦੇ ਆਗੂਆਂ ਨੇ

# ਸ਼ਹੀਦ ਊਧਮ ਸਿੰਘ ਨੂੰ ਕੀਤੇ ਸ਼ਰਧਾ ਦੇ ਫੁਲ ਭੇਂਟ

**ਫ਼ਿਰੋਜ਼ਪੁਰ, 1 ਅਗਸਤ (ਮਨੋਹਰ ਲਾਲ)**-ਸ਼ਹੀਦ ਊਧਮ ਸਿੰਘ ਦੇ ਹਰ ਸਾਲ ਸ਼ਹੀਦੀ ਦਿਹਾੜੇ ਤੇ ਸ਼ਰਧਾਂਜਲੀ ਦੇਣ ਲਈ ਸ਼ਹਿਰ ਵਾਸੀਆਂ ਦੇ ਨਾਲ ਸਮਾਜਿਕ ਤੇ ਧਾਰਮਿਕ ਸਸੰਥਾਵਾਂ ਵਲੋਂ ਚੋਂਕ ਸ਼ਹੀਦ ਊਧਮ ਸਿੰਘ ਵਿਖੇ ਪੁਹੰਚਕੇ ਲੱਗੇ ਆਦਮਕੱਦ ਬੁੱਤ ਤੇ ਸ਼ਰਧਾ ਦੇ ਫੁੱਲ ਭੇਂਟ ਕੀਤੇ ਜਾਂਦੇ ਹਨ। ਇਸੇ ਲੜੀ ਦੇ ਚਲਦੇ ਸਮਾਜਸੇਵੀ ਸਸੰਥਾ ਸਟਰੀਮ ਲਾਇਨ ਵੈਲਫੇਅਰ ਸੋਸਾਇਟੀ ਦੇ ਚੈਅਰਮੈਨ ਦੀਵਾਨ ਚੰਦ ਸੁਖੀਜਾ ਅਤੇ ਸੀਨੀਅਰ ਮੀਤ ਪ੍ਰਧਾਨ ਰਮੇਸ਼ ਬਜਾਜ ਦੀ ਅਗਵਾਈ ਵਿਚ ਮੈਂਬਰ ਜਲਿਆ ਵਾਲਾ ਬਾਗ ਕਤਲੇਆਮ ਦਾ ਬਦਲਾ ਲੈਣ ਵਾਲੇ ਮਹਾਨ ਕ੍ਰਾਂਤੀਕਾਰੀ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਤੇ ਸ਼ਰਧਾ ਦੇ ਫੁੱਲ ਭੇਂਟ ਕਰਨ ਲਈ ਚੋਂਕ ਊਧਮ ਸਿੰਘ ਵਿਖੇ ਪੁਹੰਚੇ, ਜਿਥੇ ਓਹਨਾ ਫੁੱਲ ਮਲਾਵਾ ਭੇਂਟ ਕੀਤੀਆਂ। ਆਗੂਆਂ ਨੇ ਸ਼ਹੀਦ ਊਧਮ ਸਿੰਘ ਦੀ ਸ਼ਹਾਦਤ ਤੇ ਚਾਨਣਾ ਪਿਆ। ਇਸ ਮੋਕੇ ਕੋਆਰਡੀਨੇਟਰ ਰਾਮ ਪ੍ਰਕਾਸ਼ ਵਧਵਾ, ਅਵਿਨਾਸ਼ ਸਿੰਘ ਤਲਵਾੜ ਤੇ ਹੋਰ ਮੈਂਬਰ ਹਾਜਿਰ ਸਨ।




# ਰੰਗੀਆਂ 'ਚ ਤੀਆਂ ਦਾ ਤਿਉਹਾਰ ਪ੍ਰੋਗਰਾਮ ਅੱਜ-ਸਰਪੰਚ ਰਾਜੂ ਰੰਗੀਆਂ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਉੱਘੇ ਸਮਾਜ ਸੇਵੀ ਦੀਪ ਘੁਮਾਣ ਆਸਟਰੇਲੀਆ ਅਤੇ ਸਰਪੰਚ ਰਾਜੂ ਰੰਗੀਆਂ ਸਮੂਹ ਪਰਿਵਾਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤੀਆਂ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਦੇ ਨਾਲ ਮਿਤੀ 2ਅਗਸਤ ਨੂੰ ਮਨਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਰਪੰਚ ਰਾਜੂ ਰੰਗੀਆ ਪਿੰਡ ਵਿੱਚ ਭਾਈਚਾਰਕ ਸਾਂਝ ਨੂੰ ਮੁੱਖ ਰੱਖਦਿਆਂ ਤੀਆਂ ਦਾ ਤਿਉਹਾਰ ਬੜੀ ਹੀ ਸਰਧਾਂ ਭਾਵਨਾ ਨਾਲ ਮਨਾਇਆ ਜਾਵੇਗਾ। ਜਿਸ ਵਿੱਚ ਜਲੇਬੀਆਂ, ਬਰੈਡ ਪਕੌੜੇ ਅਤੇ ਠੰਡਿਆ ਦਾ ਲੰਗਰ ਦਾ ਪ੍ਰਬੰਧ ਕੀਤਾ ਗਿਆ ਹੈ । ਉਹਨਾਂ ਕਿਹਾ ਕਿ ਇਹ ਸੌਣ ਮਹੀਨੇ ਦਾ ਪਵਿੱਤਰ ਤਿਉਹਾਰ ਤੀਆਂ ਦੇ ਨਾਲ ਮਸ਼ਹੂਰ ਹੈ ਇਹ ਤਿਉਹਾਰ ਇਕ ਅਜਿਹਾ ਤਿਉਹਾਰ ਹੈ ਜਿਥੇ ਨੂੰਹਾਂ, ਧੀਆਂ, ਸੱਸਾਂ ਇਕੱਠੀਆਂ ਨੱਚ ਟੱਪ ਕੇ ਆਪਣਾ ਮਨੋਰੰਜਨ ਕਰਦੀਆਂ ਹਨ । ਇਸ ਮੌਕੇ ਦਰਸੀ ਸਿੰਘ, ਪਾਲੀ ਮੈਂਬਰ, ਜਗਰੂਪ ਮੈਂਬਰ, ਸਿੰਗਾਰਾ ਮੈਂਬਰ, ਸੀਤਾ ਮੈਂਬਰ,ਜੀਤੀ ਮੈਂਬਰ,ਸੁਖਦੇਵ ਮੈਂਬਰ, ਸੁਖਜੀਤ ਮੈਂਬਰ ,ਸਮੂਹ ਗ੍ਰਾਮ ਪੰਚਾਇਤ ਰੰਗੀਆ , ਬਲਜੀਤ ਸਿੰਘ ਖਾਲਸਾ ਸਾਊਂਡ, ਮੱਖਣ ਸਿੰਘ ਟੈਟ ਹਾਊਸ ਹਾਜਰ ਸਨ।

# ਪੇਧਨੀ ਦੀ ਹਰਸਿਮਰਨ ਕਲੇਰ ਨੇ ਕੁਸਤੀ 'ਚ ਜਿੱਤਿਆ ਸਿਲਵਰ ਮੈਡਲ ਪਿੰਡ ਵਾਸੀਆਂ ਨੇ ਸਨਮਾਨ

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਪੇਧਨੀ ਕਲਾਂ ਦੇ ਮਿਹਨਤੀ ਕਿਸਾਨ ਆਗੂ ਗੁਰਦੇਵ ਸਿੰਘ ਕਲੇਰ ਦੀ ਪੁੱਤਰੀ ਹਰਸਿਮਰਨ ਕੌਰ ਕਲੇਰ ਨੇ ਜਿੱਥੇ ਆਪਣੇ ਪੰਜਾਬ ਸੰਗਰੂਰ ਧੂਰੀ ਦਾ ਨਾਂ ਰੋਸ਼ਨ ਕੀਤਾ ਹੈ। ਉੱਥੇ ਉਸਨੇ ਆਪਣੇ ਮਾਤਾ ਪਿਤਾ ਅਤੇ ਪਿੰਡ ਦਾ ਨਾਂ ਵੀ ਪੂਰੀ ਦੁਨੀਆ ਵਿੱਚ ਚਮਕਾਇਆ ਹੈ। ਹਰਸਿਮਰਨ ਕੌਰ ਕਲੇਰ ਨੇ ਛਤੀਸਗੜ੍ਹ ਵਿਲਾਸਪੁਰ ਵਿਖੇ ਹੋ ਰਹੀਆਂ ਖੇਡਾਂ ਵਿਚ ਨੈਸ਼ਨਲ ਕੁਸ਼ਤੀ ਖੇਡ ਕੇ ਦੂਜਾ ਸਥਾਂਨ ਪ੍ਰਾਪਤ ਕੀਤਾ ਕਰਕੇ ਸਿਲਵਰ ਗੋਲਡ ਮੈਡਲ ਪ੍ਰਾਪਤ ਕੀਤਾ ਅਤੇ ਮੈਡਲ ਜਿੱਤ ਕੇ ਛੋਟੀ ਉਮਰ ਚ ਹੀ ਇਤਿਹਾਸ ਬਣਾ ਦਿੱਤਾ ਹੈ। ਹਰਸਿਮਰਨ ਕੌਰ ਕਲੇਰ ਨੂੰ ਮੈਡਲ ਜਿੱਤ ਕੇ ਆਉਣ 'ਤੇ ਪੇਧਨੀ ਕਲਾਂ ਦੇ ਕਿਸਾਨ ਭਰਾਵਾਂ ਵੱਲੋਂ ਵਿਸੇਸ ਸਨਮਾਨ ਕੀਤਾ ਗਿਆ। ਇਸ ਮੌਕੇ ਸ਼ਰਨਜੀਤ ਸਿੰਘ ਸਿੱਧੂ, ਗੁਰਜਿੰਦਰ ਸਿੰਘ, ਗਗਨਦੀਪ ਸਿੰਘ, ਰਾਜਵੀਰ ਸਿੰਘ,ਜਗਸੀਰ ਸਿੰਘ, ਸੰਦੀਪ ਸਿੰਘ , ਸਹਿਜ ਸਿੰਘ ਆਦਿ ਆਗੂਆਂ ਨੇ ਜਿੱਥੇ ਹਰਿਸਿਮਰਨ ਕੌਰ ਕਲੇਰ ਨੂੰ ਮੈਡਲ ਜਿੱਤ ਕੇ ਆਉਣ ਅਤੇ ਨਗਰ ਪੇਧਨੀ ਦਾ ਨਾਂ ਚਮਕਾਉਣ ਤੇ ਮੁਬਾਰਕਬਾਦ ਦਿੰਦੇ ਹਾਂ। ਉੱਥੇ ਹੀ ਪੰਜਾਬ ਦੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਛੋਟੇ ਜਿਹੇ ਪਰਿਵਾਰ ਚੋਂ ਉੱਠ ਕੇ ਮੈਡਲ ਜਿੱਤਣ ਤੇ ਸਰਕਾਰ ਵੱਲੋਂ ਕੋਈ ਵਿਸ਼ੇਸ਼ ਸਨਮਾਨ ਕੀਤਾ ਜਾਵੇ।

# ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ: ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਨੇ ਯਾਦ ਕੀਤਾ ਮਹਾਨ ਸ਼ਹੀਦ

### ਨੌਜਵਾਨ ਪੀੜ੍ਹੀ ਨੂੰ ਦੇਸ਼ ਭਗਤੀ ਲਈ ਪ੍ਰੇਰਿਤ ਕਰਨ ਦਾ ਯਤਨ



ਫ਼ਿਰੋਜ਼ਪੁਰ 1 ਅਗਸਤ (ਮਨੋਹਰ ਲਾਲ): ਫਿਰੋਜ਼ਪੁਰ-ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਸ਼ਹੀਦ ਊਧਮ ਸਿੰਘ ਜੀ ਦਾ ਸ਼ਹੀਦੀ ਦਿਵਸ ਬਹੁਤ ਹੀ ਸ਼ਰਧਾ ਅਤੇ ਸਨਮਾਨ ਨਾਲ ਮਨਾਇਆ ਗਿਆ। ਇਸ ਮੌਕੇ ਸਮੁੱਚਾ ਸਕੂਲ ਪਰਿਵਾਰ ਸ਼ਹੀਦ ਨੂੰ ਯਾਦ ਕਰਨ ਲਈ ਇਕੱਠਾ ਹੋਇਆ। ਸਕੂਲ ਦੇ ਚੇਅਰਮੈਨ ਡਾ. ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ-ਰੇਖ ਹੇਠ ਇਹ ਸਮਾਗਮ ਆਯੋਜਿਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਅਤੇ ਸਮੂਹ ਸਟਾਫ ਮੈਂਬਰਾਂ ਦੁਆਰਾ ਸ਼ਹੀਦ ਊਧਮ ਸਿੰਘ ਦੀ ਤਸਵੀਰ 'ਤੇ ਫੁੱਲ ਚੜ੍ਹਾ ਕੇ ਅਤੇ ਦੀਵਾ ਜਗਾ ਕੇ ਕੀਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਮਹਾਨ ਸ਼ਹੀਦ ਦੀ ਕੁਰਬਾਨੀ, ਦੇਸ਼ ਪ੍ਰਤੀ ਉਨ੍ਹਾਂ ਦੇ ਬੇਮਿਸਾਲ ਪਿਆਰ ਅਤੇ ਦੇਸ਼ ਭਗਤੀ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਵਿਦਿਆਰਥੀਆਂ ਨੇ ਆਪਣੀਆਂ ਕਵਿਤਾਵਾਂ ਅਤੇ ਭਾਸ਼ਣਾਂ ਰਾਹੀਂ ਸ਼ਹੀਦ ਊਧਮ ਸਿੰਘ ਦੇ ਜੀਵਨ ਅਤੇ ਉਨ੍ਹਾਂ ਦੇ ਮਹਾਨ ਸੰਘਰਸ਼ ਬਾਰੇ ਦੱਸਿਆ। ਇਸ ਮੌਕੇ ਵਿਦਿਆਰਥੀਆਂ ਨੇ ਦੇਸ਼ ਭਗਤੀ ਨਾਲ ਭਰਪੂਰ ਨਾਅਰੇ ਲਗਾਏ, ਜਿਸ ਨਾਲ ਪੂਰੇ ਮਾਹੌਲ ਵਿੱਚ ਦੇਸ਼ ਭਗਤੀ ਦੀ ਭਾਵਨਾ ਭਰ ਗਈ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਅਮਰ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ। ਉਨ੍ਹਾਂ ਕਿਹਾ ਕਿ ਅਜਿਹੇ ਮਹਾਨ ਪੁਰਖਾਂ ਦੇ ਜਨਮ ਅਤੇ ਸ਼ਹੀਦੀ ਦਿਵਸ ਮਨਾਉਣ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਦੇਸ਼ ਭਗਤੀ ਅਤੇ ਦੇਸ਼ ਸੇਵਾ ਦੀ ਭਾਵਨਾ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਨੇ ਸ਼ਹੀਦ ਊਧਮ ਸਿੰਘ ਨੂੰ ਜਲ੍ਹਿਆਂਵਾਲਾ ਬਾਗ ਦੇ ਕਤਲੇਆਮ ਦਾ ਬਦਲਾ ਲੈਣ ਲਈ ਸਲਾਮ ਕੀਤਾ ਅਤੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਯਾਦ ਕੀਤਾ। ਇਸ ਸਮਾਗਮ ਵਿੱਚ ਸਾਰੇ ਅਧਿਆਪਕ ਅਤੇ ਵਿਦਿਆਰਥੀ ਮੌਜੂਦ ਸਨ। ਸਮਾਗਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਨੂੰ ਦੇਸ਼ ਦੇ ਮਾਣ ਅਤੇ ਸਨਮਾਨ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੰਦੇਸ਼ ਦਿੱਤਾ ਗਿਆ।

ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫਤਿਹ॥

# 5 ਅਗਸਤ ਦਿਨ ਮੰਗਲਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ



ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੂੰ ਬੇਨਤੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੀਆਂ ਦੇ ਹੁਕਮ ਅਨੁਸਾਰ ਹਰੇਕ ਮਹੀਨੇ ਜੋ ਗੁਰੂ ਰਾਮਦਾਸ ਸਾਹਿਬ ਮਹਾਰਾਜ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਂਦੀ ਹੈ,ਇਸ ਵਾਰ 5 ਅਗਸਤ ਦਿਨ ਮੰਗਲਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

**ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੇ ਸਮੇਂ ਸਿਰ ਪਹੁੰਚ ਕੇ ਹੱਥੀਂ ਸੇਵਾ ਕਰਕੇ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ**



ਜੱਥੇਦਾਰ ਦਲੀਪ ਸਿੰਘ ਚਕਰ ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ

★ ਬੇਨਤੀ ਕਰਤਾ ★

## ਜੱਥੇਦਾਰ ਦਲੀਪ ਸਿੰਘ ਚਕਰ
## ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ

ਆਵਾਜ਼ਿ ਕੌਮ AWAZE QAUM International Newspaper & WEB TV

## ਜ਼ਿਲ੍ਹਾ ਪੱਧਰੀ ਸਕੇਟਿੰਗ ਮੁਕਾਬਲਿਆਂ ਵਿੱਚ

# ਫਿਜ਼ਾ ਸਕੇਟਿੰਗ ਕਲੱਬ ਦੇ ਖਿਡਾਰੀਆਂ ਨੇ ਮਾਰੀਆਂ ਮੱਲਾਂ



**ਮੋਗਾ, 1 ਅਗਸਤ, (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**-ਬੀਤੀ ਦਿਨੀਂ ਗੋਧੇ ਵਾਲਾ ਖੇਡ ਸਟੇਡੀਅਮ, ਮੋਗਾ ਵਿਖੇ ਜ਼ਿਲ੍ਹਾ ਪੱਧਰੀ ਇੰਨਲਾਈਨ ਸਕੇਟਿੰਗ ਮੁਕਾਬਲੇ ਕੋਚ ਮੁਨੀਸ਼ ਕੁਮਾਰ ਦੀ ਦੇਖ ਰੇਖ ਹੇਠ ਗਿਆਰਾਂ ਜੋਨਾਂ ਦੇ ਸਕੂਲਾਂ ਦੇ ਵਿਦਿਆਰਥੀਆਂ ਦਰਮਿਆਨ ਕਰਵਾਏ ਗਏ ।ਜਿਨ੍ਹਾਂ ਵਿੱਚ ਵੱਖ ਵੱਖ ਸਕੂਲਾਂ ਦੇ ਖਿਡਾਰੀਆਂ ਵੱਲੋਂ ਭਾਗ ਲਿਆ ਗਿਆ ।ਜਿਸ ਵਿੱਚ ਫਿਜ਼ਾ ਸਕੇਟਿੰਗ ਕਲੱਬ ਦੇ ਖਿਡਾਰੀਆਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਆਪਣੀ ਖੇਡ ਦਾ ਖ਼ੂਬਸੂਰਤ ਪ੍ਰਦਰਸ਼ਨ ਕੀਤਾ ਅਤੇ ਖੇਡ ਮੁਕਾਬਲਿਆਂ ਵਿੱਚ ਮੱਲਾਂ ਮਾਰਕੇ ਮੋਹਰੀ ਰਹੇ। ਇਨ੍ਹਾਂ ਖੇਡ ਮੁਕਾਬਲਿਆਂ ਦੌਰਾਨ ਇੰਨਲਾਇਨ ਅੰਡਰ – 14 ਏਜ ਵਰਗ ਦੇ ਖਿਡਾਰੀ ਅਭੀਰੀਤ ਸਿੰਘ ਕੋਟਈਸੇ ਖਾਂ ਨੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਕ੍ਰਮਵਾਰ ਸੈਕਸ਼ਮ ਦੂਸਰੇ ਅਤੇ ਖਿਡਾਰੀ ਗੁਰਨੂਰ ਵੱਲੋਂ ਤੀਸਰਾ ਸਥਾਨ ਹਾਸਿਲ ਕੀਤਾ ਗਿਆ।

ਇਸ ਤੋਂ ਇਲਾਵਾ ਅੰਡਰ – 11 ਕੁਆਡਜ ਵਰਗ ਦੇ ਖਿਡਾਰੀਆਂ ਵਿੱਚ ਹੋਏ ਜ਼ਬਰਦਸਤ ਮੁਕਾਬਲਿਆਂ ਵਿੱਚ ਸਭ ਨੂੰ ਪਛਾੜਕੇ ਸਤਿੰਦਰਜੀਤ ਸਿੰਘ ਨੇ ਪਹਿਲੇ ਸਥਾਨ ਉਪਰ ਕਬਜ਼ਾ ਕੀਤਾ ਜਦੋਂ ਕਿ ਅੰਡਰ –14 ਕੁਆਡਜ਼ ਵਗਰ ਦੇ ਮੁਕਾਬਲੇ ਵਿੱਚ ਬਰਿੰਦਰ ਸਿੰਘ ਨੇ ਵੀ ਆਪਣੇ ਵਿਰੋਧੀਆਂ ਨੂੰ ਹਰਾਕੇ ਪਹਿਲ ਸਥਾਨ ਹਾਸਲ ਕਰਕੇ ਦਰਸ਼ਕਾਂ ਦੀ ਵਾਹ ਵਾਹ ਖੱਟੀ ।ਇਸ ਤੋਂ ਇਲਾਵਾ ਜ਼ਿਲ੍ਹਾ ਪੱਧਰ ਸਕੇਟਿੰਗ ਮੁਕਾਬਲਿਆਂ ਵਿੱਚ ਆਪਣੀ ਖੇਡ ਦਾ ਖ਼ੂਬਸੂਰਤ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਵਿੱਚੋਂ ਪਾਰਸ, ਹਰਮਨਦੀਪ, ਖ਼ੁਸ਼ੀ, ਵੰਦਨਾ, ਮਨਜੋਤ, ਵਿਸ਼ੂ, ਅਭੇ, ਅਨੰਤ, ਸਨੇਹਾ ਅਤੇ ਅੰਜਲੀ ਨੂੰ ਪੰਜਾਬ ਪੱਧਰੀ ਇੰਨਲਾਈਨ ਸਕੇਟਿੰਗ ਮੁਕਾਬਲਿਆਂ ਲਈ ਚੁਣਿਆ।

## ਡਾਕਟਰ ਪ੍ਰਿਅੰਕਾ ਗਰਗ ਨੇ ਆਪਣੀ ਮਾਂ ਦੀ ਯਾਦ 'ਚ ਲਗਾਇਆ ਮੁਫ਼ਤ ਮੈਡੀਕਲ ਚੈੱਕਅਪ ਕੈਂਪ

# ਚੜ੍ਹਦੀਕਲਾ ਵੈਲਫੇਅਰ ਕਲੱਬ ਵੱਲੋਂ ਡਾਕਟਰ ਪ੍ਰਿਅੰਕਾ ਨੂੰ ਕੀਤਾ ਸਨਮਾਨਤ







**ਤਲਵੰਡੀ ਸਾਬੋ, 01 ਅਗਸਤ (ਗੁਰਜੰਟ ਸਿੰਘ ਨਥੇਹਾ)**-ਪਿੰਡ ਜਗਾ ਰਾਮ ਤੀਰਥ ਦੇ ਪੀਰਖਾਨਾ ਸਾਹਿਬ ਵਿਖੇ ਨੱਕ ਕੰਨ ਅਤੇ ਗਲੇ ਦਾ ਮੁਫ਼ਤ ਚੈੱਕਅੱਪ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਇਹ ਕੈਂਪ ਪੀਰਖਾਨਾ ਖਾਨਾ ਕਮੇਟੀ ਦੇ ਸਹਿਯੋਗ ਨਾਲ ਅਤੇ ਡਾਕਟਰ ਪ੍ਰਿਅੰਕਾ ਗਰਗ ਬੇਟੀ ਅੰਮ੍ਰਿਤ ਪਾਲ ਗਰਗ ਨੇ ਆਪਣੀ ਮਾਂ ਅਨੀਤਾ ਰਾਣੀ ਦੀ ਯਾਦ ਨੂੰ ਸਮਰਪਿਤ ਕੈਂਪ ਲਗਾਇਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਪ੍ਰਿਅੰਕਾ ਗਰਗ ਨੇ ਦੱਸਿਆ ਕਿ ਇਹ ਕੈਂਪ ਮੈਂ ਆਪਣੀ ਮਾਂ ਅਨੀਤਾ ਰਾਣੀ ਗਰਗ ਜੀ ਯਾਦ ਨੂੰ ਸਮਰਪਿਤ ਲਗਾਇਆ ਗਿਆ ਹੈ। ਉਹਨਾਂ ਦੱਸਿਆ ਕਿ ਇਸ ਕੈਂਪ ਵਿੱਚ ਨੱਕ ਕੰਨ ਅਤੇ ਗਲੇ ਦੀਆਂ ਬਿਮਾਰੀਆਂ ਦਾ ਫਰੀ ਚੈੱਕ ਅਪ ਕਰਕੇ ਫਰੀ ਦਵਾਈਆਂ ਦਿੱਤੀਆਂ ਗਈਆਂ ਹਨ। ਇਸ ਕੈਂਪ ਵਿੱਚ 200 ਮਰੀਜ਼ਾਂ ਨੇ ਇਸ ਕੈਂਪ ਦਾ ਲਾਹਾ ਖੱਟਿਆ। ਉਹਨਾਂ ਕਿਹਾ ਕਿ ਸਾਨੂੰ ਸਮੇਂ-ਸਮੇਂ ਸਿਰ ਕੈਂਪ ਲਗਾਉਣੇ ਚਾਹੀਦੇ ਹਨ ਤਾਂ ਕਿ ਗਰੀਬ ਲੋਕਾਂ ਦੀ ਮਦਦ ਕੀਤੀ ਜਾ ਸਕੇ। ਕੈਂਪ ਦੌਰਾਨ ਮਰੀਜ਼ਾਂ ਲਈ ਚਾਹ ਪਾਣੀ ਅਤੇ ਲੰਗਰ ਦਾ ਵੀ ਪ੍ਰਬੰਧ ਕਮੇਟੀ ਡਾਕਟਰ ਪ੍ਰਿਅੰਕਾ ਗਰਗ ਵੱਲੋਂ ਆਪਣੀ ਮਾਂ ਨੂੰ ਸਮਰਪਿਤ ਨੱਕ, ਕੰਨ ,ਗਲੇ ਦਾ ਫਰੀ ਮੈਡੀਕਲ ਅਤੇ ਚੈੱਕ ਅਪ ਕੈਂਪ ਲਗਾਇਆ। ਇਸ ਮੌਕੇ ਪੀਰਖਾਨਾ ਗੱਦੀ ਨਸ਼ੀਨ ਬਾਬਾ ਪ੍ਰੇਮ ਕੁਮਾਰ ਗਰਗ ਵੱਲੋਂ ਡਾਕਟਰ ਪ੍ਰਿਅੰਕਾ ਗਰਗ ਅਤੇ ਉਹਨਾਂ ਦੇ ਸਟਾਫ ਡਾਕਟਰ ਗੋਰਿੰਗ ਗਰਗ, ਕਮਲ ਕੌਰ, ਪੰਕਜ਼ ਗੋਇਲ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਸੱਤਪਾਲ, ਪ੍ਰਿਅੰਕਾ ਡਾਕਟਰ ਦੇ ਪਿਤਾ ਅੰਮ੍ਰਿਤ ਪਾਲ, ਭਗਵਾਨ ਦਾਸ ,ਅੰਮ੍ਰਿਤਪਾਲ ਪੱਪੀ, ਸੁਭਾਸ਼ ਤਲਵੰਡੀ ਸਾਬੋ, ਬਾਬਾ ਗੰਡਾ, ਬਾਬਾ ਮੰਗਤ ਰਾਮ, ਰਾਮ ਜਿੰਦਲ, ਬਾਬਾ ਸੋਮਨਾਥ ,ਬਾਬਾ ਪੀਰ ਦਾਨ, ਬਾਬਾ ਨਿੱਕਾ ਜਗਾ, ਬੰਟੀ ਮਾਨਸਾ, ਰਾਕੇਸ਼ ਕੁਮਾਰ ਤਲਵੰਡੀ ਸਾਬੋ ਸੁਰਿੰਦਰ ਸਿੰਘ, ਜੰਬਾ ਸਿੰਘ ਚੋਟੀਆਂ, ਬੂਟਾ ਸਿੰਘ ਚੇਅਰਮੈਨ, ਬਿੱਟੂ ਸਿੰਘ ਪ੍ਰਧਾਨ, ਬਿੰਦਰ ਸਿੰਘ ਸਿੱਧੂ, ਜੱਗਾ ਸਿੰਘ ਕਲੱਬ ਪ੍ਰਧਾਨ ਆਦਿ ਮੌਕੇ 'ਤੇ ਹਾਜ਼ਰ ਸਨ।

# ਗੁਰਸਿੱਖ ਬੱਚੀ ਨੂੰ ਸਿਵਲ ਜੱਜ ਦੀ ਪ੍ਰੀਖਿਆ ਦੇਣ ਤੋਂ ਰੋਕਣਾ ਸਿੱਖ ਭਾਵਨਾ ਨਾਲ ਖਿਲਵਾੜ : ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ

## ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੀ ਦੇ ਦਿੱਤੇ ਬਿਆਨ ਦੀ ਸ਼ਲਾਘਾ ਕੀਤੀ





(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)-ਕੁਝ ਦਿਨ ਪਹਿਲਾਂ ਰਾਜਸਥਾਨ ਵਿੱਚ ਸਿਵਲ ਜੱਜ ਦੀ ਪ੍ਰੀਖਿਆ ਸਮੇਂ ਗੁਰਸਿੱਖ ਬੱਚੀ ਗੁਰਪ੍ਰੀਤ ਕੌਰ ਨੂੰ ਕਕਾਰ ਪਹਿਨੇ ਹੋਣ ਕਾਰਨ ਪੇਪਰ ਦੇਣ ਤੋਂ ਰੋਕੇ ਜਾਣ ਤੇ ਸਖਤ ਇਤਰਾਜ ਪ੍ਰਗਟਾਉਂਦਿਆਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਵੱਲੋਂ ਦਿੱਤੇ ਹੋਏ ਬਿਆਨ ਤੋਂ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਸਿੰਘ ਸਾਹਿਬ ਜੀ ਦੇ ਦਿੱਤੇ ਬਿਆਨ ਦੀ ਬਹੁਤ ਹੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਸਮੂਹ ਪਥਕ ਜਥੇਬੰਦੀਆਂ ਨੂੰ ਸਖਤ ਠੋਸ ਫੈਸਲਾ ਲੈਣਾ ਚਾਹੀਦਾ ਹੈ ਤਾਂ ਜੋ ਅੱਗੇ ਇਸ ਤਰਹਾਂ ਦੀ ਕੋਈ ਘਟਨਾ ਨਾ ਵਾਪਰੇ। ਜਥੇਦਾਰ ਬਾਬਾ ਨਛੱਤਰ ਸਿੰਘ ਜੀ ਨੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੂਹ ਪੰਥਕ ਜਥੇਬੰਦੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਆਰ.ਐੱਸ.ਐੱਸ. ਵੱਲੋਂ ਸਿੱਖਾਂ ਵਿਚ ਘੁਸਪੈਠ : ਆਖਿਰ ਕਦੋਂ ਜਾਗਣਗੇ ਸਿੱਖ ?



ਪਿਛਲੇ ਕੁਝ ਦਹਾਕਿਆਂ ਤੋਂ ਇਹ ਸਪੱਸ਼ਟ ਹੋ ਚੁੱਕਾ ਹੈ ਕਿ ਰਾਸ਼ਟਰੀ ਸਵੈਮਸੇਵਕ ਸੰਘ (ਆਰ.ਐੱਸ.ਐੱਸ.) ਸਿੱਖ ਧਰਮ, ਇਤਿਹਾਸ, ਅਤੇ ਪਛਾਣ ਨੂੰ ਨੁਕਸਾਨ ਪਹੁੰਚਾਉਣ ਲਈ ਇਕ ਸੁਚੱਜੀ ਅਤੇ ਯੋਜਨਾਬੱਧ ਰਣਨੀਤੀ ਅਪਣਾ ਕੇ ਆਪਣਾ ਕੰਮ ਕਰ ਰਿਹਾ ਹੈ। ਇਸ ਦਾ ਮੁੱਖ ਮਕਸਦ ਸਿੱਖ ਧਰਮ ਨੂੰ ਹਿੰਦੂ ਧਰਮ ਦੇ ਇਕ ਰੂਪ ਵਜੋਂ ਪੇਸ਼ ਕਰਕੇ ਇਸ ਦੀ ਵਿਲੱਖਣ ਅਤੇ ਖੁਦਮੁਖਤਿਆਰ ਪਛਾਣ ਨੂੰ ਮਿਟਾਉਣਾ ਹੈ। ਇਹ ਘੁਸਪੈਠ ਸਿੱਖਾਂ ਦੇ ਆਤਮ-ਗੌਰਵ ਲਈ ਗੰਭੀਰ ਖਤਰਾ ਬਣ ਚੁੱਕੀ ਹੈ। ਆਰ.ਐੱਸ.ਐੱਸ. ਦੀ ਵਿਚਾਰਧਾਰਾ "ਇਕ ਰਾਸ਼ਟਰ, ਇਕ ਸਭਿਆਚਾਰ, ਇਕ ਪਛਾਣ" ਦੇ ਸਿਧਾਂਤ 'ਤੇ ਅਧਾਰਤ ਹੈ, ਜੋ ਹਿੰਦੂਤਵ ਨੂੰ ਫੈਲਾਉਣ ਦਾ ਕੰਮ ਕਰਦੀ ਹੈ। ਇਹ ਵਿਚਾਰਧਾਰਾ ਭਾਰਤ ਦੀ ਧਾਰਮਿਕ ਅਤੇ ਸਭਿਆਚਾਰਕ ਵਿਭਿੰਨਤਾ ਨੂੰ ਖਤਰੇ ਵਜੋਂ ਵੇਖਦੀ ਹੈ। ਇਸ ਦੇ ਤਹਿਤ, ਸਿੱਖਾਂ ਨੂੰ ਹੌਲੀ-ਹੌਲੀ ਹਿੰਦੂ ਧਰਮ ਦਾ ਹਿੱਸਾ ਦਰਸਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਆਰ.ਐੱਸ.ਐੱਸ. ਨਾਲ ਜੁੜੇ ਲੇਖਕ, ਅਕਾਦਮਿਕ, ਅਤੇ ਅਨੁਸੰਧਾਨੀ ਸੰਸਥਾਵਾਂ ਸਿੱਖ ਇਤਿਹਾਸ ਨੂੰ ਮੁੜ ਪਰਿਭਾਸ਼ਤ ਕਰਨ ਦੀ ਮੁਹਿੰਮ ਵਿਚ ਜੁਟੇ ਹੋਏ ਹਨ। ਉਦਾਹਰਣ ਵਜੋਂ, ਗੁਰੂ ਅਰਜਨ ਦੇਵ ਜੀ ਅਤੇ ਗੁਰੂ ਤੇਗ. ਬਹਾਦਰ ਜੀ ਦੀ ਸ਼ਹਾਦਤ ਨੂੰ "ਹਿੰਦੂ ਧਰਮ ਦੀ ਰੱਖਿਆ ਲਈ ਬਲਿਦਾਨ" ਦੱਸਿਆ ਜਾ ਰਿਹਾ ਹੈ। ਇਸੇ ਤਰ੍ਹਾਂ, ਸਿੱਖ ਰਾਜ ਨੂੰ ਹਿੰਦੂ ਰਾਜ ਦੇ ਅੰਗ ਵਜੋਂ ਪੇਸ਼ ਕੀਤਾ ਜਾ ਰਿਹਾ ਹੈ, ਅਤੇ ਗੁਰਬਾਣੀ ਦੀ ਸੋਚ ਨੂੰ ਹਿੰਦੂ ਦਰਸ਼ਨ ਨਾਲ ਜੋੜਨ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਇਹ ਸਿਰਫ਼ ਇਤਿਹਾਸਕ ਗਲਤੀਆਂ ਨਹੀਂ, ਸਗੋਂ ਇਕ ਸੰਗਠਿਤ ਸਾਜ਼ਿਸ਼ ਹੈ, ਜਿਸ ਦਾ ਉਦੇਸ਼ ਭਵਿੱਖ ਦੀ ਸਿੱਖ ਪੀੜ੍ਹੀ ਨੂੰ ਉਸ ਦੀ ਅਸਲੀ ਪਛਾਣ ਅਤੇ ਵਿਰਸੇ ਤੋਂ ਵਾਂਝਾ ਕਰਨਾ ਹੈ। ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਸਿੱਖ ਸੰਸਥਾਵਾਂ, ਜਿਵੇਂ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.), ਸਿੱਖ ਯੂਨੀਵਰਸਿਟੀਆਂ, ਅਤੇ ਵਿਦਵਾਨ, ਇਸ ਮੁੱਦੇ 'ਤੇ ਜਾਂ ਤਾਂ ਪੂਰੀ ਤਰ੍ਹਾਂ ਚੁੱਪ ਹਨ ਜਾਂ ਕਈ ਵਾਰ ਇਸ ਰਣਨੀਤੀ ਵਿਚ ਸਿੱਧੇ ਜਾਂ ਅਸਿੱਧੇ ਤੌਰ 'ਤੇ ਸ਼ਾਮਲ ਹਨ। ਇਹ ਚੁੱਪੀ ਅਕਸਰ ਰਾਜਨੀਤਿਕ ਦਬਾਅ, ਗਿਆਨ ਦੀ ਕਮੀ, ਜਾਂ ਸੂਝ ਦੇ ਅਭਾਵ ਕਾਰਨ ਹੁੰਦੀ ਹੈ। ਇਸ ਨਿਸ਼ਕਿਰਿਆਤਾ ਨੇ ਆਰ.ਐੱਸ.ਐੱਸ. ਦੀ ਘੁਸਪੈਠ ਨੂੰ ਹੋਰ ਤੇਜ਼ ਕਰ ਦਿੱਤਾ ਹੈ, ਜਿਸ ਨਾਲ ਸਿੱਖ ਅਸਮੀਤਾ ਨੂੰ ਹੋਰ ਖਤਰਾ ਪੈਦਾ ਹੋ ਗਿਆ ਹੈ। ਗੌਰਤਲਬ ਹੈ ਕਿ ਪਿਛਲੇ ਲੰਮੇ ਸਮੇਂ ਤੋਂ ਸਾਡੇ ਖੁਦ ਨੂੰ ਵਿਦਵਾਨ ਕਹਾਉਣ ਵਾਲੇ ਯੂਨੀਵਰਸਿਟੀਆਂ ਦੇ ਅਖੌਤੀ ਵਿਦਵਾਨ ਪ੍ਰੋਫੈਸਰ ਸੰਘ ਦੇ ਝੋਲੀਚੁੱਕ ਬਣ ਚੁੱਕੇ ਹਨ, ਅਤੇ ਪੰਥ ਦੀ ਪਿੱਠ ਵਿਚ ਛੁਰਾ ਮਾਰ ਰਹੇ ਹਨ। ਸਭ ਨੇ ਕ.ਲ ਦੀ ਇਕ ਵੀਡੀਓ ਵੇਖੀ ਹੈ ਜਿਸ ਵਿਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅਮ੍ਰਿਤਸਰ ਸਾਹਿਬ ਦਾ ਵੀ.ਸੀ. ਪ੍ਰੋਫੈਸਰ ਕਰਮਜੀਤ ਸਿੰਘ ਸੰਘ ਦੇ ਮੁਖੀ ਮੋਹਨ ਭਾਗਵਤ ਨੂੰ ਆਪਣੀ ਯੂਨੀਵਰਸਿਟੀ ਦੀ ਪ੍ਰੋਗਰੈਸ ਰਿਪੋਰਟ ਦੇ ਰਿਹਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਪੰਜਾਬ ਦੀ ਯੂਨੀਵਰਸਿਟੀ ਦਾ ਨੁਮਾਇੰਦਾ ਸੰਘ ਅੱਗੇ ਜੀ ਹਜ਼ੂਰੀ ਕਰ ਰਿਹਾ ਹੈ ਅਤੇ ਇਸ ਉੱਪਰ ਸਿੱਖਾਂ ਦੀ ਸਰਵ-ਉੱਚ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਕੋਈ ਪ੍ਰਤੀਕਰਮ ਨਹੀਂ ਆਇਆ। ਤੇ ਨਾ ਹੀ ਸ਼੍ਰੋਮਣੀ ਕਮੇਟੀ ਵੱਲੋਂ ਇਸ ਦਾ ਕੋਈ ਨੋਟਸ ਲਿਆ ਗਿਆ ਹੈ। ਇਹ ਸਭ ਪ੍ਰੇਸ਼ਾਨ ਕਰਣ ਵਾਲਾ ਹੈ। ਇਹ ਸਿਰਫ ਇਥੇ ਤੱਕ ਹੀ ਸੀਮਤ ਨਹੀਂ, ਸਗੋਂ ਸੰਘ ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਕਮੇਟੀ ਅਧੀਨ ਚੱਲਦੇ ਕਾਲਜਾਂ ਵਿਚ ਵੀ ਸਿੱਖ ਚਿਹਰਿਆਂ ਦੇ ਰੂਪ ਵਿਚ ਆਪਣੇ ਘੁਸਪੈਠੀਏ ਸ਼ਾਮਲ ਕਰ ਚੁੱਕਾ ਹੈ। ਪਿੱਛੇ ਜਿਹੇ ਸੁਣਨ ਵਿਚ ਇਹ ਵੀ ਆਇਆ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ ਨੂੰ ਵੀ ਸੰਘ ਨੇ ਆਪਣੇ ਕੁਝ ਸਿੱਖ ਭੇਸ ਵਿਚ ਬੈਠੇ ਪ੍ਰੋਫੈਸਰਾਂ ਰਾਹੀਂ ਹਥਿਆਉਣ ਦੀ ਨਾਕਾਮ ਕੋਸ਼ਿਸ਼ ਕੀਤੀ ਹੈ। ਪਿਛਲੇ ਦੋ-ਤਿੰਨ ਸਾਲ ਪਹਿਲਾਂ ਸੰਘ ਦੇ ਸਮਾਗਮ ਵਿਚ ਸ਼ਿਰਕਤ ਕਰਦਿਆਂ ਦਿੱਲੀ ਦੇ ਵੀ 4,5 ਪੰਜਾਬੀ ਭਾਸ਼ਾ ਦੇ ਪ੍ਰੋਫੈਸਰਾਂ ਦੀਆਂ ਵੀ ਫੋਟੋਆਂ ਵੀ ਆਈਆਂ ਸਨ। ਭਾਵੇਂ ਉਹ ਕੋਈ ਪੰਜਾਬ ਦੀ ਰਾਜ ਯੂਨੀਵਰਸਿਟੀ ਹੋਏ, ਭਾਵੇਂ ਬਠਿੰਡੇ ਵਾਲੀ ਸੈਂਟਰਲ ਯੂਨੀਵਰਸਿਟੀ ਹੋਵੇ, ਸਭ ਜਗ੍ਹਾ ਸੰਘ ਆਪਣੀਆਂ ਡੂੰਘੀਆਂ ਜੜ੍ਹਾਂ ਪਸਾਰ ਕੇ ਬੈਠਾ ਹੈ। ਨਾਲ ਹੀ ਖਾਲਸਾ ਕਾਲਜ ਅਮ੍ਰਿਤਸਰ ਸਾਹਿਬ ਵਰਗਿਆਂ ਸੰਸਥਾਵਾਂ ਤੇ ਨਾਸਤਿਕ ਬਿਰਤੀ ਦਾ ਕਬਜਾ ਹੈ, ਜਿੰਨਾਂ ਨੇ ਖਾਲਸੇ ਦੀ ਸੰਸਥਾ ਨੂੰ ਨਚਾਰਾਂ ਦੀ ਸੰਸਥਾ ਬਣਾਉਣ ਦਾ ਬੀੜਾ ਚੁੱਕਿਆ ਹੈ। ਸਿੱਖ ਪੰਥ ਦੀ ਇਹ ਗਹਿਰੀ ਨੀਂਦ ਹੁਣ ਬਹੁਤ ਲੰਮੀ ਹੋ ਚੁੱਕੀ ਹੈ। ਸਮੇਂ ਦੀ ਮੰਗ ਹੈ ਕਿ ਅਸੀਂ ਸਿਰਫ਼ ਨਾਅਰੇਬਾਜ਼ੀ ਜਾਂ ਸਮਾਗਮਾਂ ਤੱਕ ਸੀਮਤ ਨਾ ਰਹੀਏ, ਸਗੋਂ ਇਕ ਗੰਭੀਰ, ਰਣਨੀਤਿਕ, ਅਤੇ ਅਕਾਦਮਿਕ ਮੁਹਿੰਮ ਸ਼ੁਰੂ ਕਰੀਏ। ਸਿੱਖ ਵਿੱਦਵਾਨਾਂ ਨੂੰ ਪ੍ਰੋਤਸਾਹਿਤ ਕਰਨਾ, ਨੌਜਵਾਨਾਂ ਨੂੰ ਗੁਰਮਤ ਅਧਿਐਨ, ਇਤਿਹਾਸ, ਅਤੇ ਅਕਾਦਮਿਕ ਲਿਖਤ ਲਈ ਤਿਆਰ ਕਰਨਾ, ਐਸ.ਜੀ.ਪੀ.ਸੀ. ਅਤੇ ਸਿੱਖ ਸੰਸਥਾਵਾਂ ਤੋਂ ਜਵਾਬਦੇਹੀ ਮੰਗਣਾ ਸਮੇਂ ਦੀਆਂ ਮੁੱਖ ਲੋੜਾਂ ਹਨ। ਜੇ ਅਸੀਂ ਅੱਜ ਆਪਣੇ ਇਤਿਹਾਸ ਅਤੇ ਪਛਾਣ ਨੂੰ ਨਹੀਂ ਬਚਾਵਾਂਗੇ, ਤਾਂ ਭਵਿੱਖ ਵਿਚ ਕੋਈ ਹੋਰ ਸੰਭਾਲਣ ਨਹੀਂ ਆਵੇਗਾ। ਆਰ.ਐੱਸ.ਐੱਸ. ਦੀ ਇਹ ਸੁਚੇਤ ਘੁਸਪੈਠ ਸਿੱਖੀ ਦੀ ਆਤਮਕਤਾ, ਇਤਿਹਾਸ, ਅਤੇ ਸਵੈਮਾਣ ਲਈ ਸਿੱਧੀ ਚੁਣੌਤੀ ਹੈ। ਸਵਾਲ ਇਹ ਨਹੀਂ ਕਿ ਸਿੱਖ ਪੰਥ ਕਦੋਂ ਜਾਗੇਗਾ, ਸਵਾਲ ਇਹ ਹੈ ਕਿ ਜਦੋਂ ਤੱਕ ਅਸੀਂ ਨਹੀਂ ਜਾਗਦੇ, ਕੀ ਅਸੀਂ ਉਨ੍ਹਾਂ ਦੀਆਂ ਲਿਖੀਆਂ ਝੂਠੀਆਂ ਕਿਤਾਬਾਂ, ਉਹਨਾਂ ਦੁਆਰਾ ਘੜ੍ਹੇ ਗਏ ਸਿਲੇਬਸ ਆਪਣੇ ਬੱਚਿਆਂ ਨੂੰ ਪੜ੍ਹਾਉਂਦੇ ਰਹਾਂਗੇ ? ਗੁਰੂ ਪਾਤਸ਼ਾਹ ਜੀ ਦਾ ਓਟ ਆਸਰਾ ਲੈਂਦਿਆਂ ਫੈਡਰੇਸ਼ਨ ਇਸ ਹਨੇਰਗਰਦੀ ਖਿਲਾਫ਼ ਆਪਣਾ ਮੋਰਚਾ ਖੋਲ੍ਹਦੀ ਹੈ। ਅਤੇ ਸਭ ਜਾਗਦੇ ਹੋਏ ਸਿਰਾਂ ਨੂੰ ਇਸ ਮੁਹਿੰਮ ਵਿਚ ਵਧ ਚੜ੍ਹ ਕੇ ਹਿੱਸਾ ਪਾਉਣ ਲਈ ਪੰਥ ਅੱਗੇ ਬੇਨਤੀ ਕਰਦੀ ਹੈ।

**ਜਾਰੀ ਕਰਤਾ : ਭਾਈ ਜੁਗਰਾਜ ਸਿੰਘ ਮਝੈਲ**
**ਮੁੱਖ ਸੇਵਾਦਾਰ, ਯੂਨਾਇਟਡ ਸਿੱਖ ਸਟੂਡੈਂਟਸ ਫੈਡਰੇਸ਼ਨ**

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰ ਸੂਬਾ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੀ ਧਰਮ ਪਤਨੀ

# ਬੀਬੀ ਸੁਖਬੀਰ ਕੌਰ ਜੀ ਦੇ ਨਮਿੱਤ ਸ਼ਰਧਾਂਜਲੀ ਸਮਾਗਮ

## ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹਾਜਰੀ ਭਰੀ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ










ਆਵਾਜ਼ਿ ਕੌਮ AWAZE QAUM International Newspaper & WEB TV

(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਕਿਸਾਨ ਆਗੂ ਸ੍ਰ ਸੂਬਾ ਸਿੰਘ ਜੀ ਦੀ ਧਰਮ ਸੁਪਤਨੀ ਬੀਬੀ ਸੁਖਬੀਰ ਕੌਰ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ ਉਹਨਾਂ ਦੇ ਨਮਿੱਤ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਵਾੜਾ ਸ਼ੇਰ ਸਿੰਘ ਵਿਖੇ ਸਰਧਾਂਜਲੀ ਸਮਾਗਮ ਹੋਇਆ ਰਾਗੀ ਭਾਈ ਗੁਰਸੇਵਕ ਸਿੰਘ ਜੀ ਲੱਧੂ ਵਾਲਿਆਂ ਨੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਇਸ ਤੋਂ ਉਪਰੰਤ ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਸਪੁੱਤਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹਾਜਰੀ ਭਰੀ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਵੱਖ ਵੱਖ ਪਤਵੰਤੇ ਅਤੇ ਰਾਜਨੀਤਕ ਸ਼ਖਸ਼ੀਅਤਾਂ ਨੇ ਪਹੁੰਚ ਕੇ ਹਾਜਰੀ ਭਰੀ। ਜਿਸ ਵਿੱਚ ਸ੍ਰ ਸੁਖਵਿੰਦਰ ਸਿੰਘ ਸਾਬਕਾ ਚੇਅਰਮੈਨ ਵਾੜਾ ਤੇਲੀਆਂ, ਸ੍ਰ ਸਰਵਨ ਸਿੰਘ ਧੁੰਨ MLA, ਦਲਬੀਰ ਸਿੰਘ ਅਲਗੋਂ, ਸ੍ਰ ਕੁਲਵੰਤ ਸਿੰਘ ਮੌਜੂਦਾ ਸਰਪੰਚ ਵਾੜਾ ਸ਼ੇਰ ਸਿੰਘ, ਸ੍ਰ ਚਾਨਣ ਸਿੰਘ ਸਾਬਕਾ ਸਰਪੰਚ, ਸ੍ਰ ਤਰਸੇਮ ਸਿੰਘ ਜੇਈ ਅਮਰਕੋਟ ਅਤੇ ਹੋਰ ਮੋਹਤਬਾਰ ਸਿੰਘ ਸਰਪੰਚ ਅਤੇ ਜਿੰਮੇਵਾਰ ਸਿੰਘ ਹਾਜ਼ਰ ਸਨ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ ਬੇਅੰਤ ਸੰਗਤਾਂ ਨੇ ਹਾਜ਼ਰੀ ਭਰ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਸ੍ਰ ਕਰਮਜੀਤ ਸਿੰਘ ਸਪੁੱਤਰ ਸ੍ਰ ਸੂਬਾ ਸਿੰਘ ਵੱਲੋਂ ਪਹੁੰਚੇ ਹੋਏ ਸਮੂਹ ਪਤਵੰਤਿਆਂ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਬਾਬਾ ਦਇਆ ਸਿੰਘ ਜੀ, ਬਾਬਾ ਅਰੂੜ ਸਿੰਘ ਜੀ, ਸ੍ਰ ਸਤਨਾਮ ਸਿੰਘ , ਬਾਬਾ ਜਰਨੈਲ ਸਿੰਘ, ਗੁਰਸ਼ਰਨ ਸਿੰਘ, ਮਲਕੀਤ ਸਿੰਘ ਸਪੁੱਤਰ ਸੂਬਾ ਸਿੰਘ, ਅਤੇ ਹੋਰ ਬੇਅੰਤ ਪਤਵੰਤੇ ਹਾਜ਼ਰ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਪਾਰਲੀਮੈਂਟ ਫਰੀਦਕੋਟ ਐਮ ਪੀ ਸਰਬਜੀਤ ਸਿੰਘ ਖਾਲਸਾ ਵੱਲੋਂ ਹਲਕੇ ਦੇ

# ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ

## ਕਈ ਮੁੱਦਿਆਂ ਦਾ ਮੌਕੇ ’ਤੇ ਹੀ ਹੱਲ ਕਰਕੇ ਲੋਕਾਂ ਨੂੰ ਤੁਰੰਤ ਰਾਹਤ ਦਿੱਤੀ ਗਈ







ਪਾਰਲੀਮੈਂਟ ਫਰੀਦਕੋਟ ਐਮ ਪੀ ਸਰਬਜੀਤ ਸਿੰਘ ਖਾਲਸਾ ਹਲਕੇ ਦੇ ਵੱਖ-ਵੱਖ ਥਾਵਾਂ ਤੋਂ ਆਏ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਉਹਨਾਂ ਦੀਆਂ ਸਮੱਸਿਆਵਾਂ ਸੁਣੀਆਂ। ਫਰੀਦਕੋਟ ਦਫ਼ਤਰ ਵਿਖੇ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ। ਕਈ ਮੁੱਦਿਆਂ ਦਾ ਮੌਕੇ ’ਤੇ ਹੀ ਹੱਲ ਕਰਕੇ ਲੋਕਾਂ ਨੂੰ ਤੁਰੰਤ ਰਾਹਤ ਦਿੱਤੀ ਗਈ। ਉਨ੍ਹਾਂ ਕਿਹਾ ਕਿ ਲੋਕ ਸੇਵਾ ਮੇਰੀ ਪਹਿਲੀ ਜ਼ਿੰਮੇਵਾਰੀ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243